ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 13 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੨੯ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਆਵਾਜ਼ਿ ਕੌਮ 'ਚ ਪ੍ਰਕਾਸ਼ਤ 'ਸਿੰਘ ਸਾਹਿਬ ਜਥੇਦਾਰ ਰਘਬੀਰ ਸਿੰਘ ਵੱਲੋਂ ਇੰਗਲੈਂਡ ਦੇ ਸਿੱਖਾਂ ਨੂੰ ਜਵਾਬ ਨਿਸ਼ਾਨ ਸਾਹਿਬ ਦੇ ਕੇਸਰੀ ਰੰਗ ਨੂੰ ਬਦਲਣ ਦੇ ਮੈਂ ਨਹੀਂ ਦਿੱਤੇ ਆਦੇਸ਼' ਸਿਰਲੇਖ ਹੇਠ

# ਖ਼ਬਰ ਫੇਕ ਨਹੀਂ, ਸੱਤ ਸਿੰਘਾਂ ਸਮੇਤ ਮੈਂ ਮੀਟਿੰਗ 'ਚ ਹਾਜ਼ਰ ਸੀ

## ਭਾਈ ਬਲਦੇਵ ਸਿੰਘ (ਜਥੇਦਾਰ ਪੰਜ ਪਿਆਰੇ ਅੰਮ੍ਰਿਤ ਸੰਚਾਰ) ਵੱਲੋਂ ਖੁਲਾਸਾ

**ਇੰਗਲੈਂਡ** (ਯੂ. ਕੇ.), 12 **ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਈ ਬਲਦੇਵ ਸਿੰਘ (ਜਥੇਦਾਰ ਪੰਜ ਪਿਆਰੇ ਅੰਮ੍ਰਿਤ ਸੰਚਾਰ) ਨੇ ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ ਅਹਿਮ ਖੁਲਾਸਾ ਕੀਤਾ ਹੈ, ਜਿਸ ਵਿੱਚ ਉਨ੍ਹਾਂ ਦਾਅਵਾ ਕੀਤਾ ਕਿ ਸਿੰਘ ਸਾਹਿਬ ਜਥੇਦਾਰ ਰਘਵੀਰ ਸਿੰਘ ਜੀ ਨੇ ਇੱਕ ਅਹਿਮ ਮੀਟੰਗ 'ਚ ਨਿਸ਼ਾਨ ਸਾਹਿਬ ਦੇ ਕੇਸਰੀ ਰੰਗ ਨੂੰ ਬਦਲਣ ਵਾਲੇ ਮੈਂ ਆਦੇਸ਼ ਨਹੀਂ ਦਿੱਤੇ ਸਨ। ਮੈਂ ਇਸ ਮੀਟਿੰਗ ਵਿੱਚ ਮੌਕੇ ਦਾ ਗਵਾਹ ਹਾਂ ਅਤੇ ਇਹ ਸਭ ਵਰਤਾਰਾ ਖ਼ੁਦ ਮੇਰੇ ਸਾਹਮਣੇ ਵਾਪਰਿਆ ਹੈ ਅਤੇ ਇਹ ਖ਼ਬਰ ਇੰਡੀਆ ਦੀਆਂ ਅਖ਼ਬਾਰਾਂ 'ਚ ਪ੍ਰਕਾਸ਼ਤ ਕਰਵਾਉਣ ਲਈ ਅਸੀਂ ਭੇਜੀ ਸੀ, ਜਿਸ ਨੂੰ ਅਸੀਂ ਕਬੂਲਦੇ ਹਾਂ ਕਿਉਂਕਿ ਇਹ ਖ਼ਬਰ ਫੇਕ ਨਹੀਂ, ਇਸ ਦੀਆਂ ਵੀਡੀਓ, ਆਡੀਓ ਆਦਿ ਮੀਡੀਆ 'ਚ ਚੱਲ ਰਹੀਆਂ ਹਨ। ਜ਼ਿਕਰਯੋਗ ਹੈ ਕਿ ਇਹ ਖ਼ਬਰ 12 ਅਗਸਤ ਦੇ ਅੰਕ 'ਚ 'ਆਵਾਜ਼ਿ ਕੌਮ ਯੂ. ਕੇ.' 'ਚ ਪ੍ਰਕਾਸ਼ਤ ਹੋਈ ਸੀ, ਜਿਸ 'ਤੇ ਸਪੱਸ਼ਟੀਕਰਨ ਦਿੰਦਿਆਂ ਸ਼੍ਰੋਮਣੀ ਕਮੇਟੀ ਨੇ ਇਸ ਖ਼ਬਰ ਨੂੰ ਫੇਕ ਦੱਸਿਆ ਸੀ।



**'ਆਵਾਜਿ ਕੌਮ' 'ਚ ਪ੍ਰਕਾਸ਼ਤ ਖ਼ਬਰ 100 ਫੀਸਦੀ ਸਹੀ ਹੈ, ਇਸਦੀ ਅਸੀ ਜ਼ਿੰਮੇਵਾਰੀ ਲੈਂਦੇ ਹਾਂ - ਭਾਈ ਬਲਦੇਵ ਸਿੰਘ (ਜਥੇਦਾਰ ਪੰਜ ਪਿਆਰੇ ਅੰਮ੍ਰਿਤ ਸੰਚਾਰ)**

ਮੀਡੀਆ ਨਾਲ ਗੱਲਬਾਤ ਕਰਦਿਆਂ ਭਾਈ ਬਲਦੇਵ ਸਿੰਘ (ਜਥੇਦਾਰ ਪੰਜ ਪਿਆਰੇ ਅੰਮ੍ਰਿਤ ਸੰਚਾਰ) ਨੇ ਦੱਸਿਆ ਕਿ ਪਿਛਲੇ ਦਿਨਾਂ ਵਿੱਚ ਨਿਸ਼ਾਨ ਸਾਹਿਬ ਬਦਾ ਜੋ ਵਿਵਾਦ ਛੇੜਿਆ ਗਿਆ ਸੀ, ਉਸਦੀ ਕੋਈ ਲੋੜ ਨਹੀਂ ਸੀ। ਕੌਮ ਨੂੰ ਦੁਬਿਧਾ 'ਚ ਪਾਉਣ ਲਈ ਇਹ ਵਾਦ-ਵਿਵਾਦ ਛੇੜਿਆ ਗਿਆ ਸੀ , ਜਿਸ ਦੇ ਸੰਬੰਧ ਵਿੱਚ ਅਸੀਂ ਇੰਗਲੈਂਡ ਅਤੇ ਪੂਰੇ ਯੂਰਪ ਦੀ ਸੰਗਤ ਕਾਫੀ ਪ੍ਰੇਸ਼ਾਨ ਸੀ, ਜਿਸ ਸਬੰਧੀ ਅਸੀਂ ਮੀਡੀਆ ਰਾਹੀਂ ਵੀ ਆਵਾਜ਼ ਬੁਲੰਦ ਕੀਤੀ ਸੀ। ਬੀਤੇ ਦਿਨੀਂ ਇੰਗਲੈਂਡ ਦੇ ਸ਼ਹਿਰ ਮਾਨਚੈਸਟਰ ਵਿੱਚ ਇਕ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਵੀ ਪਹੁੰਚੇ ਸਨ। ਅਸੀਂ ਉਨ੍ਹਾਂ ਨਾਲ ਮੁਲਾਕਾਤ ਕਰਨ ਦੀ ਕੋਸ਼ਿਸ਼ ਕੀਤੀ। ਉਥੋਂ ਦੇ ਪ੍ਰਬੰਧਕ ਭਾਈ ਅਮਰੀਕ ਸਿੰਘ ਜੀ ਰਾਠੌਰ ਨੇ ਸਾਡੀ ਮੁਲਾਕਾਤ ਸਿੰਘ ਸਾਹਿਬ ਨਾਲ ਕਰਵਾਈ, ਜਿਨ੍ਹਾਂ ਦਾ ਅਸੀਂ ਕੋਟਿਨ-ਕੋਟਿ ਧੰਨਵਾਦ ਕਰਦੇ ਹਾਂ। 10 ਅਗਸਤ ਸ਼ਨੀਵਾਰ 1 ਵਜੇ ਇਹ ਮੀਟਿੰਗ ਨਿਸ਼ਾਨ ਸਾਹਿਬ ਦੇ ਸੰਬੰਧ ਵਿਚ ਸਿੰਘ ਸਾਹਿਬ ਭਾਈ ਰਘਵੀਰ ਸਿੰਘ ਨਾਲ ਹੋਈ ਸੀ, ਜਿਸ ਵਿੱਚ ਅਸੀਂ ਇਹ ਮੁੱਦਾ ਉਠਾਇਆ ਕਿ ਨਿਸ਼ਾਨ ਸਾਹਿਬ ਦੇ ਰੰਗਾਂ ਨੂੰ ਲੈ ਕੇ ਜੋ ਵਾਦ-ਵਿਵਾਦ ਫੈਲਾਇਆ ਜਾ ਰਿਹਾ ਹੈ, ਉਹ ਠੀਕ ਨਹੀਂ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮੀਟਿੰਗ ਦੌਰਾਨ ਭਾਈ ਚਰਨ ਸਿੰਘ ਧਰਮਯੁੱਧ ਜੱਥਾ ਦਮਦਮੀ ਟਕਸਾਲ, ਭਾਈ ਬਘੇਲ ਸਿੰਘ ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਸ਼ਖਸੀਅਤਾਂ ਮੌਜੂਦ ਸਨ। ਇਹ ਮੀਟਿੰਗ ਲੱਗਭਗ 15 ਮਿੰਟ ਚੱਲੀ ਅਤੇ ਸਭ ਨੇ ਨਿਸ਼ਾਨ ਸਾਹਿਬ ਦੇ ਸਬੰਧ ਵਿੱਚ ਆਪੋ-ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸਿੰਘ ਸਾਹਿਬ ਭਾਈ ਰਘਵੀਰ ਸਿੰਘ ਨੇ ਸਪੱਸ਼ਟ ਕਿਹਾ ਕਿ ਨਿਸ਼ਾਨ ਸਾਹਿਬ ਦੇ ਰੰਗਾਂ ਨੂੰ ਲੈ ਕੇ ਜੋ ਸਾਡੇ ਕੋਲ ਏਜੰਡਾ ਆਇਆ ਸੀ, ਉਸ ਬਾਰੇ ਅਸੀਂ ਸ਼੍ਰੋਮਣੀ ਕਮੇਟੀ ਨੂੰ ਕਿਹਾ ਕਿ ਇਹ ਵਾਦ-ਵਿਵਾਦ ਨਿਬੇੜਿਆ ਜਾਵੇ। ਨਿਸ਼ਾਨ ਸਾਹਿਬ ਦੇ ਰੰਗਾਂ ਨੂੰ ਲੈ ਕੇ ਕੋਈ ਨਿਰਦੇਸ਼ ਨਹੀਂ ਦਿੱਤੇ ਗਏ। ਅਸੀਂ ਇਹ ਬਿਲਕੁਲ ਨਹੀਂ ਕਿਹਾ ਕਿ ਕੇਸਰੀ ਰੰਗ ਨੂੰ ਉਤਾਰ ਕੇ ਬਸੰਤੀ ਰੰਗ ਚੜ੍ਹਾਇਆ ਜਾਵੇ। ਨਾਲ ਹੀ ਇਹ ਵੀ ਕਿਹਾ ਗਿਆ ਕਿ ਤੁਸੀਂ ਸ਼੍ਰੋਮਣੀ ਕਮੇਟੀ ਨਾਲ ਵੀ ਗੱਲ ਕਰ ਸਕਦੇ ਹੋ।

ਉਪਰੋਕਤ ਸਾਰੀ ਖ਼ਬਰ ਜਦੋਂ ਮੀਡੀਆ 'ਚ ਪ੍ਰਕਾਸ਼ਤ ਹੋਈ ਤਾਂ ਇਸ ਖ਼ਬਰ ਨੂੰ ਝੂਠਾ ਕਰਾਰ ਦਿੱਤਾ ਜਾਣ ਲੱਗਾ। ਮੈਂ ਸਪੱਸ਼ਟ ਕਰਦਾ ਹਾਂ ਕਿ ਇਹ ਖ਼ਬਰ ਬਿਲਕੁਲ ਸੱਚੀ ਹੈ। ਜਿਹੜਾ ਕੇਸਰੀ ਰੰਗ ਨਿਸ਼ਾਨ ਸਾਹਿਬ 'ਤੇ ਝੂਲਿਆ, ਇਹ ਧਾਰਮਿਕ ਮੁੱਦਾ ਹੈ, ਕੋਈ ਸਿਆਸੀ ਮੁੱਦਾ ਨਹੀਂ ਹੈ। ਇਸ ਰੰਗ ਦੇ ਝੂਲਣ ਦਾ ਕਾਰਨ ਇਹ ਸੀ ਕਿ ਜਦੋਂ ਸ੍ਰੀ ਗੁਰੂ ਅਰਜੁਨ ਦੇਵ ਜੀ ਦਾ ਖ਼ੂਨ ਡੁੱਲ੍ਹਿਆ, ਤੱਤੀ ਤਵੀ ਤੇ ਦੇਗ ਵਿੱਚ ਉਬਾਲਿਆ ਗਿਆ, ਤੱਤੀ ਰੇਤ ਪਾਈ ਗਈ, ਉਸ ਵੇਲੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾਤਸ਼ਾਹ ਜੀ ਨੇ ਕ੍ਰਾਂਤੀ ਲਿਆਉਣ ਵਾਸਤੇ ਕੇਸਰੀ ਰੰਗ ਝੁਲਾਇਆ ਸੀ। ਇਹ ਕੁਰਬਾਨੀ ਦਾ ਰੰਗ ਹੈ ਅਤੇ ਇਸ ਨੂੰ ਲੈ ਕੇ ਵਾਦ-ਵਿਵਾਦ ਨਾ ਵਧਾਇਆ ਜਾਵੇ। ਅਤੇ ਉਪਰੋਕਤ ਮੀਟਿੰਗ 'ਚ ਕੀਤੀ ਗਈ ਗੱਲ ਤੋਂ ਵੀ ਮੁੱਕਰਿਆ ਨਾ ਜਾਵੇ। ਕੇਸਰੀ ਰੰਗ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਵਿੱਚੋਂ ਨਿਕਲਿਆ ਰੰਗ ਹੈ, ਇਸ ਰੰਗ ਨੂੰ ਭਗਵਾਂ ਕਹਿ ਕਿ ਸ਼ਹੀਦਾਂ ਦਾ ਅਪਮਾਨ ਨਾ ਕਰੋ। ••

## ਸ਼੍ਰੋਮਣੀ ਕਮੇਟੀ ਵੱਲੋਂ ਲਾਇਆ 'ਫੇਕ' ਦਾ ਠੱਪਾ ਚਰਚਾ ਦੇ ਘੇਰੇ 'ਚ



ਸਿੰਘ ਸਾਹਿਬ ਜਥੇਦਾਰ ਰਘਬੀਰ ਸਿੰਘ ਵੱਲੋਂ ਇੰਗਲੈਂਡ ਦੇ ਸਿੱਖਾਂ ਨੂੰ ਜਵਾਬ

ਨਿਸ਼ਾਨ ਸਾਹਿਬ ਦੇ ਕੇਸਰੀ ਰੰਗ ਨੂੰ ਬਦਲਣ ਦੇ ਮੈਂ ਨਹੀਂ ਦਿੱਤੇ ਆਦੇਸ਼



## ਫੈਲਾਈਆਂ ਜਾ ਰਹੀਆਂ ਗੁੰਮਰਾਹਕੁੰਨ ਖ਼ਬਰਾਂ ਦਾ ਸਿੰਘ ਸਾਹਿਬ ਵੱਲੋਂ ਖੰਡਨ



**ਅੰਮ੍ਰਿਤਸਰ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਪੰਥ ਪ੍ਰਵਾਨਿਤ ਸਿੱਖ ਰਹਿਤ ਮਰਯਾਦਾ ਮੁਤਾਬਿਕ ਨਿਸ਼ਾਨ ਸਾਹਿਬ ਦੇ ਪੁਸ਼ਾਕੇ ਦੇ ਰੰਗ ਠੀਕ ਕਰਨ ਦੇ ਸਬੰਧ ਵਿਚ ਉਨ੍ਹਾਂ ਦੇ ਹਵਾਲੇ ਨਾਲ ਫੈਲਾਈਆਂ ਜਾ ਰਹੀਆਂ ਗੁੰਮਰਾਹਕੁੰਨ ਖ਼ਬਰਾਂ ਦਾ ਖੰਡਨ ਕੀਤਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਲੋਂ ਜਾਰੀ ਲਿਖਤੀ ਬਿਆਨ ਵਿਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਦੱਸਿਆ ਹੈ ਕਿ ਲੰਘੇ ਦਿਨੀਂ ਇੰਗਲੈਂਡ ਦੌਰੇ ਦੌਰਾਨ ਉਨ੍ਹਾਂ ਨੂੰ ਕੁਝ ਸਿੰਘ ਮਿਲੇ ਸਨ, ਜਿਨ੍ਹਾਂ ਨੇ ਨਿਸ਼ਾਨ ਸਾਹਿਬ ਦੇ ਪੁਸ਼ਾਕੇ ਦੇ ਰੰਗ ਸਬੰਧੀ ਸਵਾਲ ਕੀਤੇ। ਇਸ ਦੇ ਸਬੰਧ ਵਿਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਉਨ੍ਹਾਂ ਸਿੰਘਾਂ ਨੂੰ ਦੱਸਿਆ ਸੀ ਕਿ ਨਿਸ਼ਾਨ ਸਾਹਿਬ ਦੇ ਪੁਸ਼ਾਕੇ ਦਾ ਰੰਗ ਬਦਲਣ ਸਬੰਧੀ ਪੰਜ ਸਿੰਘ ਸਾਹਿਬਾਨ ਨੇ ਨਵਾਂ ਜਾਂ ਕੋਈ ਵੱਖਰਾ ਫੈਸਲਾ ਨਹੀਂ ਕੀਤਾ ਬਲਕਿ 1936 ਦੀ ਪੰਥ ਪ੍ਰਵਾਨਿਤ ਸਿੱਖ ਰਹਿਤ ਮਰਯਾਦਾ ਵਿਚ ਲਿਖਿਆ ਹੈ ਕਿ ਨਿਸ਼ਾਨ ਸਾਹਿਬ ਦੇ ਪੁਸ਼ਾਕੇ 'ਬਸੰਤੀ ਜਾਂ ਸੁਰਮਈ' ਰੰਗ ਦੇ ਹੋਣੇ ਚਾਹੀਦੇ ਹਨ। ਇਸ ਕਰਕੇ ਸਿੱਖ ਰਹਿਤ ਮਰਯਾਦਾ ਦੇ ਅਨੁਸਾਰ ਨਿਸ਼ਾਨ ਸਾਹਿਬ ਦਾ ਰੰਗ ਸਹੀ ਕੀਤਾ ਗਿਆ ਹੈ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਉਨ੍ਹਾਂ ਸਿੰਘਾਂ ਨੂੰ ਨਿਸ਼ਾਨ ਸਾਹਿਬ ਦੇ ਪੁਸ਼ਾਕੇ ਦੇ ਰੰਗ ਨੂੰ ਲੈ ਕੇ ਸੰਗਤ ਵਲੋਂ ਪ੍ਰਗਟਾਈ ਜਾ ਰਹੀ ਦੁਬਿਧਾ ਨੂੰ ਦੂਰ ਕਰਨ ਦੇ ਸਬੰਧ ਵਿਚ, 15 ਜੁਲਾਈ 2024 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿਚ ਹੋਇਆ ਆਦੇਸ਼ ਪੱਤਰ ਪੜ੍ਹ ਕੇ ਵੀ ਸੁਣਾਇਆ ਸੀ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਹਵਾਲੇ ਨਾਲੇ ਸੱਚਾਈ ਤੋਂ ਦੂਰ ਫੈਲਾਈਆਂ ਜਾ ਰਹੀਆਂ ਖ਼ਬਰਾਂ ਬਿਲਕੁਲ ਝੂਠੀਆਂ ਅਤੇ ਗੁੰਮਰਾਹਕੁੰਨ ਹਨ ਅਤੇ ਸੰਗਤ ਸੁਚੇਤ ਰਹੇ। ••

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 13 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੨੯ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਵੱਡਾ ਬਲਾਸਟ, ਹਿਲ ਗਿਆ ਪੂਰਾ ਇਲਾਕਾ



**ਕੋਟਕਪੂਰਾ, 12 ਅਗਸਤ (ਆਵਾਜ਼ਿ ਕੌਮ ਬਿਊਰੋ)-** ਕੋਟਕਪੂਰਾ ਸਥਿਤ ਰੋਹਿਤ ਪੇਠਾ ਨਾਂ ਦੀ ਫੈਕਟਰੀ ਦੀ ਬੁਆਇਲਰ ਭੱਠੀ ਵਿਚ ਜ਼ੋਰਦਾਰ ਧਮਾਕਾ ਹੋ ਗਿਆ। ਇਹ ਧਮਾਕਾ ਇੰਨਾ ਜ਼ਬਰਦਸਤ ਸੀ ਕਿ ਇਸ ਨਾਲ ਫੈਕਟਰੀ ਦੀ ਸ਼ੈੱਡ ਹੀ ਉਡ ਗਈ ਅਤੇ ਫੈਕਟਰੀ ਵਿਚ ਪਏ ਸਮਾਨ ਪੂਰੀ ਤਰ੍ਹਾਂ ਨੁਕਸਾਨਿਆ ਗਿਆ। ਸਥਾਨਕ ਲੋਕਾਂ ਮੁਤਾਬਕ ਧਮਾਕਾ ਇੰਨਾ ਜ਼ਬਰਦਸਤ ਸੀ ਕਿ ਇਸ ਦੀ ਆਵਾਜ਼ ਨਾਲ ਨੇੜਲੇ ਘਰਾਂ ਦੇ ਸ਼ੀਸ਼ੇ ਵੀ ਟੁੱਟ ਗਏ। ਪਵਨ ਕੁਮਾਰ ਫਾਇਰਮੈਨ ਨੇ ਦੱਸਿਆ ਸਾਨੂੰ ਫੋਨ 'ਤੇ ਇਤਲਾਹ ਮਿਲੀ ਸੀ ਕਿ ਫੈਕਟਰੀ ਵਿਚ ਧਮਾਕਾ ਹੋਇਆ ਹੈ। ਜਿਸ ਤੋਂ ਬਾਅਦ ਅਸੀਂ ਮੌਕੇ 'ਤੇ ਪਹੁੰਚੇ ਅਤੇ ਹਾਲਾਤ 'ਤੇ ਕਾਬੂ ਪਾਇਆ। ਉਨ੍ਹਾਂ ਦੱਸਿਆ ਕਿ ਇਸ ਹਾਦਸੇ ਵਿਚ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ ਪਰ ਫੈਕਟਰੀ ਦਾ ਕਾਫੀ ਨੁਕਸਾਨ ਹੋਇਆ ਹੈ। ਦੂਜੇ ਪਾਸੇ ਫੈਕਟਰੀ ਮਾਲਿਕ ਓਮ ਵੀਰ ਨੇ ਦੱਸਿਆ ਕਿ ਬੁਆਇਲਰ ਦੀ ਪਾਈਪ ਵਿਚ ਧਮਾਕਾ ਹੋਇਆ ਹੈ ਜਿਸ ਨਾਲ ਫੈਕਟਰੀ ਦੀ ਸ਼ੈੱਡ ਉਡ ਗਈ ਅਤੇ ਫੈਕਟਰ ਦਾ ਹੋਰ ਸਮਾਨ ਕਾਫੀ ਨੁਕਸਾਨ ਹੋਇਆ ਹੈ ਪਰ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਉਨ੍ਹਾਂ ਦੱਸਿਆ ਕਿ ਇਸ ਧਮਾਕੇ ਕਰਾਣ ਉਨ੍ਹਾਂ ਦਾ ਵੱਡਾ ਨੁਕਸਾਨ ਹੋਇਆ ਹੈ।

## ਸ਼ੰਭੂ ਬਾਰਡਰ ਖੁੱਲ੍ਹਵਾਉਣ ਲਈ ਸੁਪਰੀਮ ਕੋਰਟ ਨੇ ਵਰਤੀ ਸਖ਼ਤੀ

# ਪੰਜਾਬ ਤੇ ਹਰਿਆਣਾ ਪੁਲਿਸ ਨੂੰ ਦਿੱਤਾ 1 ਹਫ਼ਤੇ ਦਾ ਸਮਾਂ



**ਨਵੀਂ ਦਿੱਲੀ, 12 ਅਗਸਤ (ਆਵਾਜ਼ਿ ਕੌਮ ਬਿਊਰੋ)-** ਸੁਪਰੀਮ ਕੋਰਟ ਨੇ ਕਰੀਬ 6 ਮਹੀਨਿਆਂ ਤੋਂ ਬੰਦ ਪਈ ਪੰਜਾਬ ਅਤੇ ਹਰਿਆਣਾ ਦਰਮਿਆਨ ਸ਼ੰਭੂ ਸਰਹੱਦ ਨੂੰ ਅੰਸ਼ਕ ਤੌਰ 'ਤੇ ਖੋਲ੍ਹਣ ਦੇ ਹੁਕਮ ਦਿੱਤੇ ਹਨ। ਸੁਪਰੀਮ ਕੋਰਟ ਨੇ ਸੁਣਵਾਈ ਦੌਰਾਨ ਸਖ਼ਤ ਟਿੱਪਣੀ ਕੀਤੀ ਕਿ ਹਾਈਵੇਅ ਪਾਰਕਿੰਗ ਸਥਾਨ ਨਹੀਂ ਹਨ। ਸੁਪਰੀਮ ਕੋਰਟ ਨੇ ਇੱਕ ਹਫ਼ਤੇ ਦੇ ਅੰਦਰ ਐਂਬੂਲੈਂਸਾਂ, ਬਜ਼ੁਰਗਾਂ, ਔਰਤਾਂ, ਵਿਦਿਆਰਥੀਆਂ ਆਦਿ ਲਈ ਹਾਈਵੇਅ ਦੀ ਇੱਕ ਲੇਨ ਖੋਲ੍ਹਣ ਦਾ ਹੁਕਮ ਦਿੱਤਾ ਹੈ। ਇਸ ਦੇ ਲਈ ਪੰਜਾਬ ਅਤੇ ਹਰਿਆਣਾ ਦੇ ਡੀਜੀਪੀ ਤੋਂ ਇਲਾਵਾ ਪਟਿਆਲਾ, ਮੋਹਾਲੀ ਅਤੇ ਅੰਬਾਲਾ ਦੇ ਐਸਪੀ ਨੂੰ ਮੀਟਿੰਗ ਕਰਕੇ ਇਸ ਬਾਰੇ ਫੈਸਲਾ ਲੈਣ ਲਈ ਕਿਹਾ ਗਿਆ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਮਾਮਲੇ ਦੀ ਸੁਣਵਾਈ 22 ਅਗਸਤ ਨੂੰ ਹੋਵੇਗੀ। ਹਾਲਾਂਕਿ ਅਦਾਲਤ ਨੇ ਕਿਹਾ ਕਿ ਜੇ ਪੰਜਾਬ ਅਤੇ ਹਰਿਆਣਾ ਦੇ ਪੁਲਿਸ ਅਧਿਕਾਰੀਆਂ ਵਿਚਾਲੇ ਸਮਝੌਤਾ ਹੋ ਜਾਂਦਾ ਹੈ ਤਾਂ ਸੁਣਵਾਈ ਦੀ ਤਰੀਕ ਦਾ ਇੰਤਜ਼ਾਰ ਕਰਨ ਦੀ ਲੋੜ ਨਹੀਂ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸ਼ੰਭੂ ਬਾਰਡਰ ਖੋਲ੍ਹਣ ਲਈ ਕਿਹਾ ਸੀ। ਇਸ ਦੇ ਖ਼ਿਲਾਫ਼ ਹਰਿਆਣਾ ਸਰਕਾਰ ਸੁਪਰੀਮ ਕੋਰਟ ਗਈ ਸੀ। ਇਸ ਤੋਂ ਇਲਾਵਾ ਪੰਜਾਬ ਅਤੇ ਹਰਿਆਣਾ ਦੀਆਂ ਸਰਕਾਰਾਂ ਨੇ ਅੰਦੋਲਨਕਾਰੀ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਨਿਰਪੱਖ ਕਮੇਟੀ ਦੇ ਮੈਂਬਰਾਂ ਦੇ ਨਾਂਅ ਦਿੱਤੇ ਹਨ। ਇਸ ਕਮੇਟੀ ਦੇ ਮੈਂਬਰ ਕਿਸਾਨਾਂ ਅਤੇ ਕੇਂਦਰ ਸਰਕਾਰ ਦਰਮਿਆਨ ਵਿਚੋਲੇ ਵਜੋਂ ਕੰਮ ਕਰਨਗੇ। ਸੁਪਰੀਮ ਕੋਰਟ ਨੇ ਇਹ ਵੀ ਕਿਹਾ ਕਿ ਜੇ ਅਸੀਂ ਤੁਹਾਨੂੰ ਦੋਵਾਂ ਨੂੰ ਨਾਂਅ ਦੇਣ ਲਈ ਮਨਾਉਣ 'ਚ ਸਫਲ ਰਹੇ ਹਾਂ, ਹੁਣ ਜਦੋਂ ਹਾਲਾਤ ਇਹੋ ਜਿਹੇ ਹਨ ਤਾਂ ਤੁਸੀਂ ਕਿਸਾਨਾਂ ਨੂੰ ਕਿਉਂ ਨਹੀਂ ਮਨਾ ਲੈਂਦੇ ? ਕਿਉਂਕਿ ਹਾਈਵੇਅ ਪਾਰਕਿੰਗ ਲਈ ਕੋਈ ਥਾਂ ਨਹੀਂ ਹੈ।

## ਜਲੰਧਰ 'ਚ ਹੋ ਸਕਦੀਆਂ ਦੁਬਾਰਾ ਚੋਣਾਂ ? ਚੰਨੀ ਫਿਰ ਲੜਨਗੇ ਚੋਣ ?



**ਜਲੰਧਰ, 12 ਅਗਸਤ (ਆਵਾਜ਼ਿ ਕੌਮ ਬਿਊਰੋ)-** ਜਲੰਧਰ ਲੋਕ ਸਭਾ ਸੀਟ ਤੋਂ ਸੰਸਦ ਮੈਂਬਰ ਬਣੇ ਚਰਨਜੀਤ ਸਿੰਘ ਚੰਨੀ ਨੂੰ ਲੈ ਕੇ ਪੰਜਾਬ-ਹਰਿਆਣਾ ਹਾਈਕੋਰਟ 'ਚ ਦਾਇਰ ਚੋਣ ਪਟੀਸ਼ਨ 'ਤੇ ਅੱਜ ਸੋਮਵਾਰ ਨੂੰ ਸੁਣਵਾਈ ਹੋਣੀ ਹੈ। ਇਹ ਪਟੀਸ਼ਨ ਭਾਜਪਾ ਆਗੂ ਗੌਰਵ ਲੂਥਰਾ ਨੇ ਐਡਵੋਕੇਟ ਮਨਿਤ ਮਲਹੋਤਰਾ ਰਾਹੀਂ ਹਾਈ ਕੋਰਟ ਵਿੱਚ ਦਾਇਰ ਕੀਤੀ ਹੈ। ਜਿਸ ਵਿੱਚ ਉਨ੍ਹਾਂ ਨੇ ਲੋਕ ਪ੍ਰਤੀਨਿਧਤਾ ਐਕਟ ਤਹਿਤ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਦੀ ਚੋਣ ਰੱਦ ਕਰਨ ਦੀ ਮੰਗ ਕੀਤੀ ਹੈ। ਪਟੀਸ਼ਨ ਦਾਇਰ ਕਰਦੇ ਹੋਏ ਭਾਜਪਾ ਨੇਤਾ ਗੌਰਵ ਲੂਥਰਾ ਨੇ ਹਾਈ ਕੋਰਟ ਨੂੰ ਦੱਸਿਆ ਕਿ ਚਰਨਜੀਤ ਸਿੰਘ ਚੰਨੀ ਜਲੰਧਰ ਲੋਕ ਸਭਾ ਸੀਟ ਤੋਂ ਸੰਸਦ ਮੈਂਬਰ ਚੁਣੇ ਗਏ ਹਨ। ਉਸ ਨੇ ਨਾਮਜ਼ਦਗੀ ਫਾਰਮ ਭਰਦੇ ਸਮੇਂ ਕਾਫੀ ਜਾਣਕਾਰੀਆਂ ਛੁਪਾ ਦਿੱਤੀਆਂ ਸਨ। ਇਸ ਦੇ ਨਾਲ ਹੀ ਉਨ੍ਹਾਂ ਨੇ ਚੋਣ ਖਰਚੇ ਦਾ ਸਹੀ ਵੇਰਵਾ ਵੀ ਕਮਿਸ਼ਨ ਨੂੰ ਨਹੀਂ ਸੌਂਪਿਆ ਹੈ। ਚੋਣਾਂ ਦੌਰਾਨ ਇੱਕ ਹੋਟਲ ਵਿੱਚ 24 ਘੰਟੇ ਖਾਣੇ ਦਾ ਪ੍ਰਬੰਧ ਸੀ ਪਰ ਚੋਣ ਪ੍ਰਚਾਰ ਦੇ ਵੇਰਵਿਆਂ ਵਿੱਚ ਉਨ੍ਹਾਂ ਨੇ ਇਸ ਦਾ ਖਰਚਾ ਨਹੀਂ ਦੱਸਿਆ। ਉਹ ਰੋਜ਼ਾਨਾ 10-15 ਜਨਤਕ ਮੀਟਿੰਗਾਂ ਕਰਦੇ ਸਨ ਪਰ ਇਸ ਦੌਰਾਨ ਉਨ੍ਹਾਂ ਨੇ ਮੁਹਿੰਮ ਦੇ ਵੇਰਵਿਆਂ ਵਿਚ ਇਕ ਵੀ ਵਾਹਨ ਦਾ ਖਰਚਾ ਨਹੀਂ ਦਿੱਤਾ। ਉਨ੍ਹਾਂ ਨੇ ਰਾਮਾ ਮੰਡੀ ਵਿੱਚ ਬਿਨਾਂ ਮਨਜ਼ੂਰੀ ਤੋਂ ਰੋਡ ਸ਼ੋਅ ਕੀਤਾ। ਇੱਥੋਂ ਤੱਕ ਕਿ ਵੋਟਰ ਪਰਚੀਆਂ ਵੰਡਣ ਲਈ ਪੋਲਿੰਗ ਬੂਥਾਂ ਦੇ ਬਾਹਰ ਬਣਾਏ ਗਏ ਬੂਥਾਂ ਦੇ ਖਰਚੇ ਦਾ ਵੇਰਵਾ ਵੀ ਨਹੀਂ ਦਿੱਤਾ ਗਿਆ। ਪਟੀਸ਼ਨਰ ਨੇ ਕਿਹਾ ਕਿ ਅਜਿਹੀ ਸਥਿਤੀ ਵਿੱਚ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਚੰਨੀ ਨੇ ਚੋਣਾਂ ਜਿੱਤਣ ਲਈ ਭ੍ਰਿਸ਼ਟ ਸਾਧਨਾਂ ਦੀ ਵਰਤੋਂ ਕੀਤੀ। ਲੂਥਰਾ ਨੇ ਮੰਗ ਉਠਾਈ ਹੈ ਕਿ ਲੋਕ ਪ੍ਰਤੀਨਿਧਤਾ ਕਾਨੂੰਨ ਤਹਿਤ ਉਨ੍ਹਾਂ ਦੀ ਚੋਣ ਰੱਦ ਕੀਤੀ ਜਾਵੇ। ਪਟੀਸ਼ਨਰ ਨੇ ਇਸ ਸਬੰਧੀ ਚੋਣ ਕਮਿਸ਼ਨ ਨੂੰ ਵੀ ਸ਼ਿਕਾਇਤ ਕੀਤੀ ਸੀ ਪਰ ਕੋਈ ਨਤੀਜਾ ਨਹੀਂ ਨਿਕਲਿਆ।

## ਅਮਰੀਕਾ ਨੇ ਖਿੱਚੀ ਜੰਗ ਦੀ ਤਿਆਰੀ ! ਕੁਝ ਵੀ ਹੋ ਸਕਦਾ...

**ਨਵੀਂ ਦਿੱਲੀ, 12 ਅਗਸਤ (ਆਵਾਜ਼ਿ ਕੌਮ ਬਿਊਰੋ)-** ਇਜ਼ਰਾਈਲ ਅਤੇ ਇਰਾਨ ਵਿਚਕਾਰ ਜੰਗ ਦੀ ਆਹਟ ਦੇ ਵਿਚਾਲੇ ਅਮਰੀਕਾ ਨੇ ਵੀ ਤਿਆਰੀ ਖਿੱਚ ਲਈ ਹੈ।



ਅਮਰੀਕਾ ਮਿਡਲ ਈਸਟ ਵਿੱਚ ਤੇਜ਼ੀ ਨਾਲ ਹਥਿਆਰ ਭੇਜ ਰਿਹਾ ਹੈ। ਇਜ਼ਰਾਈਲ ਨੇ ਸੰਕੇਤ ਦਿੱਤਾ ਹੈ ਕਿ ਉਹ ਇਰਾਨ ਨੂੰ ਬਖਸ਼ਣ ਵਾਲਾ ਨਹੀਂ ਹੈ। ਇਜ਼ਰਾਈਲ ਦੇ ਇਰਾਨ ਨੂੰ ਸਬਕ ਸਿਖਾਉਣ ਦੇ ਇਰਾਦੇ ਵਿੱਚ ਅਮਰੀਕਾ ਵੀ ਸਾਥ ਦੇ ਰਿਹਾ ਹੈ। ਅਮਰੀਕਾ ਨੇ ਇੱਕ ਗਾਈਡਿਡ ਮਿਸਾਈਲ ਪਨਡੁਬੀ ਮਿਡਲ ਈਸਟ ਭੇਜੀ ਹੈ ਅਤੇ ਇੱਕ ਇੱਕ ਏਅਰਕ੍ਰਾਫਟ ਕੈਰੀਅਰ ਸਟ੍ਰਾਈਕ ਗਰੁੱਪ ਦੀ ਤੈਨਾਤੀ ਨੂੰ ਤੇਜ਼ ਕਰ ਰਿਹਾ ਹੈ। ਹਮਾਸ ਅਤੇ ਹਿਜਬੁੱਲਾਹ ਦੇ ਮੈਂਬਰਾਂ ਦੀ ਹੱਤਿਆ ਦੇ ਬਾਅਦ ਇਜ਼ਰਾਈਲ ਨੇ ਇਰਾਨ ਅਤੇ ਉਸਦੇ ਸਮਰਥਕਾਂ ਨੂੰ ਚੁਣੌਤੀ ਦਿੱਤੀ ਹੈ। ਇਸ ਦੌਰਾਨ, ਪੈਂਟਾਗਨ ਨੇ ਰਾਤ ਦੇਰੀ ਨਾਲ ਪੁਸ਼ਟੀ ਕੀਤੀ ਕਿ ਡਿਫੈਂਸ ਸਕਰੇਟਰੀ ਲੌਇਡ ਆਸਟਿਨ ਨੇ ਯੂਐਸਐੱਸ ਜਾਰਜੀਆ ਗਾਈਡਿਡ ਮਿਸਾਈਲ ਪਨਡੁਬੀ ਨੂੰ ਖੇਤਰ ਵਿੱਚ ਭੇਜਣ ਦਾ ਹੁਕਮ ਦਿੱਤਾ ਹੈ। ਉਨ੍ਹਾਂ ਨੇ ਯੂਐਸਐੱਸ ਐਬ੍ਰਾਹਮ ਲਿੰਕਨ ਕੈਰੀਅਰ ਸਟ੍ਰਾਈਕ ਗਰੁੱਪ, ਜੋ ਕਿ 6-353 ਲੜਾਕੂ ਜੈੱਟ ਨਾਲ ਲੈਸ ਹੈ, ਨੂੰ ਖੇਤਰ ਵਿੱਚ ਤੇਜ਼ੀ ਨਾਲ ਪਹੁੰਚਣ ਦਾ ਹੁਕਮ ਦਿੱਤਾ ਹੈ। ਇਹ ਹੁਕਮ ਅਤੇ ਪਨਡੁਬੀ ਦੀ ਤੈਨਾਤੀ ਦਾ ਜਨਤਕ ਐਲਾਨ ਬਹੁਤ ਹੀ ਹੈਰਾਨ ਕਰਨ ਵਾਲਾ ਹੈ। ਪੈਂਟਾਗਨ ਦੀ ਇੱਕ ਰਿਪੋਰਟ ਦੇ ਅਨੁਸਾਰ, ਆਸਟਿਨ ਨੇ ਆਪਣੇ ਇਜ਼ਰਾਈਲੀ ਸਹਿਯੋਗੀ ਯੋਵ ਗੈਲੈਂਟ ਨਾਲ ਇੱਕ ਕਾਲ ਵਿੱਚ ਵਾਸ਼ਿੰਗਟਨ ਦੀ ਆਪਣੇ ਸਹਿਯੋਗੀ ਦੀ ਰੱਖਿਆ ਲਈ ਹਰ ਸੰਭਵ ਕਦਮ ਚੁੱਕਣ ਦਾ ਵਾਅਦਾ ਦੋਹਰਾਇਆ। ਇਸ ਗੱਲਬਾਤ ਵਿੱਚ, ਗੈਲੈਂਟ ਨੇ ਇਰਾਨ ਅਤੇ ਉਸਦੇ ਖੇਤਰੀ ਸਮਰਥਕਾਂ ਵੱਲੋਂ ਉਭਰ ਰਹੇ ਖਤਰਿਆਂ ਦੇ ਸਾਹਮਣੇ 946 ਦੀ ਤਿਆਰੀ ਅਤੇ ਸਮਰਥਾਵਾਂ ਦਾ ਵਿਸਤਾਰ ਨਾਲ ਵੇਰਵਾ ਦਿੱਤਾ। ਖੇਤਰ ਵਿੱਚ ਤੈਨਾਤ ਅਮਰੀਕੀ ਫੌਜੀ ਸਮਰਥਾਵਾਂ ਦੀ ਵਿਆਪਕ ਰੇਂਜ ਨਾਲ ਸੰਯੁਕਤ ਸੰਚਾਲਣ ਉੱਤੇ ਗੱਲਬਾਤ ਕੀਤੀ ਗਈ। ਇਹ ਕਦਮ ਉਸ ਵੇਲੇ ਚੁੱਕੇ ਗਏ ਜਦੋਂ ਇਹ ਡਰ ਵਧ ਗਿਆ ਕਿ ਇਰਾਨ ਜਲਦੀ ਹੀ ਹਮਾਸ ਦੇ ਸਿਆਸੀ ਨੇਤਾ ਇਸਮਾਈਲ ਹਨਿਆ ਦੀ ਹੱਤਿਆ ਦਾ ਜਵਾਬ ਦੇ ਸਕਦਾ ਹੈ, ਜਿਸਨੂੰ ਪਿਛਲੇ ਮਹੀਨੇ ਤੇਹਰਾਨ ਵਿੱਚ ਮਾਰ ਦਿੱਤਾ ਗਿਆ ਸੀ। ਹਨਿਆ ਇਰਾਨੀ ਰਾਸ਼ਟਰਪਤੀ ਮਸੂਦ ਮਸੂਦ ਪੇਜ਼ੇਸ਼ਕੀਅਨ ਦੇ ਉਦਘਾਟਨ ਸਮਾਰੋਹ ਵਿੱਚ ਹਿੱਸਾ ਲੈਣ ਤੋਂ ਬਾਅਦ ਮਾਰਿਆ ਗਿਆ ਸੀ। ਇਰਾਨ ਅਤੇ ਹਮਾਸ ਦੋਹਾਂ ਨੇ ਹੱਤਿਆ ਲਈ ਇਜ਼ਰਾਈਲ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਇਰਾਨ ਦੇ ਸਰਵਉੱਚ ਲੀਡਰ ਆਯਤੁੱਲਾਹ ਅਲੀ ਖਾਮਨੇਈ ਨੇ ਹਨਿਆ ਦੀ ਹੱਤਿਆ ਲਈ "ਕਠੋਰ ਸਜ਼ਾ" ਦੇਣ ਦੀ ਕਸਮ ਖਾਧੀ ਹੈ।

## ਦਿੱਲੀ ਪੁਲਸ ਦਾ ਵੱਡਾ ਫੈਸਲਾ, ਪ੍ਰਧਾਨ ਮੰਤਰੀ ਮੋਦੀ ਦੀ ਸੁਰੱਖਿਆ ਲਈ ਤਾਇਨਾਤ ਹੋਣਗੇ ਸਨਾਈਪਰ



**ਨਵੀਂ ਦਿੱਲੀ, 12 ਅਗਸਤ (ਆਵਾਜ਼ਿ ਕੌਮ ਬਿਊਰੋ)-** ਦਿੱਲੀ ਪੁਲਸ ਨੇ 3,000 ਤੋਂ ਵੱਧ ਟ੍ਰੈਫਿਕ ਪੁਲਸ ਅਧਿਕਾਰੀਆਂ, 10,000 ਤੋਂ ਵੱਧ ਪੁਲਿਸ ਕਰਮਚਾਰੀਆਂ ਦੇ ਨਾਲ-ਨਾਲ ਏਆਈ-ਅਧਾਰਤ ਚਿਹਰੇ ਦੀ ਪਛਾਣ ਵਾਲੇ 700 ਕੈਮਰੇ ਲਗਾ ਕੇ ਸੁਤੰਤਰਤਾ ਦਿਵਸ ਦੇ ਜਸ਼ਨਾਂ ਤੋਂ ਪਹਿਲਾਂ ਰਾਸ਼ਟਰੀ ਰਾਜਧਾਨੀ ਵਿੱਚ ਸੁਰੱਖਿਆ ਨੂੰ ਸਖਤ ਕਰ ਦਿੱਤਾ ਹੈ। ਪ੍ਰਧਾਨ ਮੰਤਰੀ ਅਤੇ ਹੋਰ ਵੀਆਈਪੀਜ਼ ਦੀ ਸੁਰੱਖਿਆ ਲਈ ਮਹੱਤਵਪੂਰਨ ਸਥਾਨਾਂ 'ਤੇ ਸਨਾਈਪਰ, ਕੁਲੀਨ ਸਵੈਟ ਕਮਾਂਡੋ, ਪਤੰਗ ਸ਼ਿਕਾਰੀ ਅਤੇ 'ਸ਼ਾਰਪਸ਼ੂਟਰ' ਤਾਇਨਾਤ ਕੀਤੇ ਜਾਣਗੇ। ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ 'ਤੇ ਹੋਏ ਕਾਤਲਾਨਾ ਹਮਲੇ ਤੋਂ ਬਾਅਦ ਇਸ ਆਜ਼ਾਦੀ ਦਿਹਾੜੇ 'ਤੇ 'ਸਨਾਈਪਰਾਂ' ਦੀ ਭੂਮਿਕਾ ਬਹੁਤ ਅਹਿਮ ਹੋ ਗਈ ਹੈ।

ਸੁਤੰਤਰਤਾ ਦਿਵਸ ਦੇ ਮੌਕੇ 'ਤੇ ਟ੍ਰੈਫਿਕ ਨੂੰ ਕੰਟਰੋਲ ਕਰਨ ਲਈ 3,000 ਤੋਂ ਵੱਧ ਟ੍ਰੈਫਿਕ ਪੁਲਸ ਕਰਮਚਾਰੀ ਤਾਇਨਾਤ ਕੀਤੇ ਜਾਣਗੇ ਅਤੇ ਰਾਸ਼ਟਰੀ ਰਾਜਧਾਨੀ ਦੇ ਮੁੱਖ ਚੌਰਾਹਿਆਂ ਦੇ ਨਾਲ-ਨਾਲ ਲਾਲ ਕਿਲ੍ਹੇ ਨਾਲ ਜੁੜਨ ਵਾਲੀਆਂ ਸੜਕਾਂ 'ਤੇ ਤਾਇਨਾਤ ਕੀਤੇ ਜਾਣਗੇ। ਇੱਕ ਸੀਨੀਅਰ ਪੁਲਿਸ ਅਧਿਕਾਰੀ ਨੇ ਕਿਹਾ ਕਿ ਲਾਲ ਕਿਲ੍ਹੇ ਵਿੱਚ ਕਈ ਪੱਧਰਾਂ ਦੀ ਸੁਰੱਖਿਆ ਹੋਵੇਗੀ। ਸੁਤੰਤਰਤਾ ਦਿਵਸ ਲਈ ਸਖ਼ਤ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ, ਅਸੀਂ ਪਹਿਲਾਂ ਹੀ ਏਆਈ-ਅਧਾਰਿਤ ਚਿਹਰੇ ਦੀ ਪਛਾਣ ਵਾਲੇ 700 ਸੀਸੀਟੀਵੀ ਕੈਮਰੇ ਖਰੀਦੇ ਹਨ।

ਪੁਲਸ ਨੇ ਦੱਸਿਆ ਕਿ ਇਨ੍ਹਾਂ ਕੈਮਰਿਆਂ 'ਚ 'ਹਾਈ-ਰੈਜ਼ੋਲਿਊਸ਼ਨ ਪੈਨ-ਟਿਲਟ-ਜ਼ੂਮ ਫੀਚਰਸ' ਹੋਣਗੇ, ਜਿਨ੍ਹਾਂ ਰਾਹੀਂ ਪੁਲਸ ਦੂਰੋਂ ਹੀ ਕਿਸੇ ਦੀ ਪਛਾਣ ਕਰ ਸਕੇਗੀ। ਇਹ ਕੈਮਰੇ ਕਿਲ੍ਹੇ ਦੇ ਅੰਦਰ ਅਤੇ ਆਲੇ-ਦੁਆਲੇ ਲਗਾਏ ਜਾਣਗੇ। ਅਧਿਕਾਰੀ ਨੇ ਕਿਹਾ ਕਿ ਏਆਈ-ਅਧਾਰਿਤ ਚਿਹਰੇ ਦੀ ਪਛਾਣ ਅਤੇ ਵੀਡੀਓ ਵਿਸ਼ਲੇਸ਼ਣ ਲਈ ਸਮਰੱਥ ਇਹ ਕੈਮਰੇ ਮਜ਼ਬੂਤ ? ?ਸੁਰੱਖਿਆ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਰਾਸ਼ਟਰ ਨੂੰ ਸੰਬੋਧਨ ਕਰਨਗੇ ਤਾਂ ਮੁਗਲ ਕਾਲ ਦੇ ਕਿਲ੍ਹੇ 'ਤੇ 10,000 ਤੋਂ ਵੱਧ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਜਾਣਗੇ।

## ਵਿਦੇਸ਼ ਭੇਜਣ ਦੇ ਨਾਂਅ 'ਤੇ ਏਜੰਟ ਨੇ ਮਾਰੀ ਠੱਗੀ, ਪਾਣੀ ਦੀ ਟੈਂਕੀ 'ਤੇ ਚੜ੍ਹੇ ਪਤੀ-ਪਤਨੀ, ਕਿਹਾ- ਜੇ ਕੋਈ ਨੇੜੇ ਆਇਆ ਤਾਂ ਮਾਰ ਦਿਆਂਗੇ ਛਾਲ

**ਲੁਧਿਆਣਾ, 12 ਅਗਸਤ (ਆਵਾਜ਼ਿ ਕੌਮ ਬਿਊਰੋ)-** ਲੁਧਿਆਣਾ ਦੇ ਮਾਡਲ ਟਾਊਨ 'ਚ ਸਥਿਤ ਪਾਣੀ ਦੀ ਟੈਂਕੀ 'ਤੇ ਇੱਕ ਜੋੜਾ ਚੜ੍ਹ ਗਿਆ। ਉਨ੍ਹਾਂ ਦਾ ਇਲਜ਼ਾਮ ਹੈ ਕਿ ਉਸ ਨਾਲ ਧੋਖਾ ਹੋਇਆ ਹੈ ਤੇ ਪੁਲਿਸ ਕਾਰਵਾਈ ਨਹੀਂ ਕਰ ਰਹੀ। ਜੋੜੇ ਨੂੰ ਟੈਂਕੀ 'ਤੇ ਚੜ੍ਹਦਿਆਂ ਦੇਖ ਕੇ ਆਸਪਾਸ ਦੇ ਲੋਕਾਂ ਨੇ ਰੌਲਾ ਪਾਇਆ। ਲੋਕਾਂ ਨੇ ਇਸ ਦੀ ਸੂਚਨਾ ਪੁਲਿਸ ਨੂੰ ਦਿੱਤੀ। ਪੁਲਿਸ ਨੇ ਮੌਕੇ 'ਤੇ ਆ ਕੇ ਚਾਰਜ ਸੰਭਾਲ ਲਿਆ ਤੇ ਟੈਂਕੀ 'ਤੇ ਬੈਠੇ ਪਤੀ-ਪਤਨੀ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਪੁਲਿਸ ਨੇ ਜੋੜੇ ਨਾਲ ਫੋਨ 'ਤੇ ਗੱਲ ਕੀਤੀ ਅਤੇ ਭਰੋਸਾ ਦਿੱਤਾ ਕਿ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਬਾਅਦ ਜੋੜਾ ਟੈਂਕੀ ਤੋਂ ਹੇਠਾਂ ਆ ਗਿਆ। ਇਨ੍ਹਾਂ ਦੀ ਪਛਾਣ ਹਰਦੀਪ ਸਿੰਘ ਅਤੇ ਉਸ ਦੀ ਪਤਨੀ ਅਮਨਦੀਪ ਕੌਰ ਵਾਸੀ ਧੂਰੀ ਵਜੋਂ ਹੋਈ ਹੈ। ਮੌਕੇ 'ਤੇ ਮੌਜੂਦ ਲੋਕਾਂ ਅਨੁਸਾਰ ਟੈਂਕੀ 'ਤੇ ਸਵਾਰ ਲੋਕ ਰੌਲਾ ਪਾ ਰਹੇ ਸਨ ਕਿ ਗਲੋਬਲ ਨਾਮਕ ਟਰੈਵਲ ਕੰਪਨੀ ਦੇ ਏਜੰਟ ਨੇ ਉਨ੍ਹਾਂ ਨਾਲ 10 ਲੱਖ ਰੁਪਏ ਵਿਦੇਸ਼ ਭੇਜਣ ਦੇ ਨਾਂਅ 'ਤੇ ਠੱਗ ਲਏ ਹਨ। ਉਹ ਕਈ ਦਿਨਾਂ ਤੋਂ ਗੇੜੇ ਮਾਰ ਰਹੇ ਹਨ ਪਰ ਉਸ ਦੀ ਕੋਈ ਸੁਣਵਾਈ ਨਹੀਂ ਹੋ ਰਹੀ ਜਿਸ ਕਾਰਨ ਅੱਜ ਉਸ ਨੇ ਪਰੇਸ਼ਾਨ ਹੋ ਕੇ ਟੈਂਕੀ ਤੋਂ ਛਾਲ ਮਾਰ ਕੇ ਖੁਦਕੁਸ਼ੀ ਕਰਨ ਦਾ ਫੈਸਲਾ ਕਰ ਲਿਆ। ਉਨ੍ਹਾਂ ਕਿਹਾ ਕਿ ਜੇ ਕਿਸੇ ਨੇ ਸਾਡੇ ਨੇੜੇ ਆਉਣ ਦੀ ਕੋਸ਼ਿਸ਼ ਕੀਤੀ ਤਾਂ ਅਸੀਂ ਟੈਂਕੀ ਤੋਂ ਛਾਲ ਮਾਰ ਦੇਵਾਂਗੇ। ਧੂਰੀ ਦੇ ਰਹਿਣ ਵਾਲੇ ਗੁਰਮੇਲ ਸਿੰਘ ਨੇ ਦੱਸਿਆ ਹੈ ਕਿ ਉਸ ਦਾ ਲੜਕਾ ਹਰਦੀਪ ਸਿੰਘ ਤੇ ਨੂੰਹ ਅਮਨਦੀਪ ਕੌਰ ਨੇ ਯੂਕੇ ਜਾਣਾ ਸੀ। ਦੋਵਾਂ ਨੇ ਜਨਵਰੀ ਮਹੀਨੇ ਵਿੱਚ ਫ਼ਾਇਲ ਦਾਇਰ ਕੀਤੀ ਸੀ। ਉਸ ਸਮੇਂ ਗਲੋਬਲ ਇਮੀਗ੍ਰੇਸ਼ਨ ਮੈਨੇਜਰ ਰਾਜਵਿੰਦਰ ਕੌਰ ਨੇ ਕਿਹਾ ਸੀ ਕਿ ਵੀਜ਼ਾ ਲੱਗਣ ਤੋਂ ਬਾਅਦ ਪੈਸੇ ਦੇਣੇ ਹਨ ਪਰ ਦੂਜੇ ਮਹੀਨੇ ਉਨ੍ਹਾਂ ਨੇ ਪੈਸੇ ਮੰਗੇ। ਗੁਰਮੇਲ ਅਨੁਸਾਰ ਉਸ ਨੇ ਬੈਂਕ ਤੋਂ 10 ਲੱਖ ਰੁਪਏ ਦਾ ਕਰਜ਼ਾ ਲੈ ਕੇ ਇਮੀਗ੍ਰੇਸ਼ਨ ਮੈਨੇਜਰਾਂ ਨੂੰ ਦੇ ਦਿੱਤਾ। ਪੈਸੇ ਲੈਣ ਤੋਂ ਬਾਅਦ ਇਮੀਗ੍ਰੇਸ਼ਨ ਬੌਸ ਨੇ ਵੀਜ਼ੇ ਦੇ ਨਾਂਅ 'ਤੇ ਰੋਜ਼ਾਨਾ ਗੁੰਮਰਾਹ ਕਰਨਾ ਸ਼ੁਰੂ ਕਰ ਦਿੱਤਾ। ਜੇ ਇਮੀਗ੍ਰੇਸ਼ਨ ਅਧਿਕਾਰੀ ਉਨ੍ਹਾਂ ਨੂੰ ਮਿਲਣ ਦੀ ਕੋਸ਼ਿਸ਼ ਕਰਦੇ ਹਨ ਤਾਂ ਉਨ੍ਹਾਂ ਦੇ ਸੁਰੱਖਿਆ ਕਰਮਚਾਰੀ ਉਨ੍ਹਾਂ ਨੂੰ ਧੱਕੇ ਮਾਰ ਕੇ ਬਾਹਰ ਕੱਢ ਦਿੰਦੇ ਹਨ। ਉਨ੍ਹਾਂ ਕਿਹਾ ਕਿ ਇਸ ਬਾਬਤ ਪੁਲਿਸ ਨੂੰ ਵੀ ਸ਼ਿਕਾਇਤ ਦਰਜ ਕਰਵਾਈ ਗਈ ਹੈ ਪਰ ਉਨ੍ਹਾਂ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ ਜਿਸ ਤੋਂ ਬਾਅਦ ਮਜਬੂਰਨ ਉਨ੍ਹਾਂ ਵੱਲੋਂ ਇਹ ਕਦਮ ਚੁੱਕਿਆ ਗਿਆ ਹੈ।



ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
ਮੁਕਤਾ, ਕੰਨਾ, ਸਿਹਾਰੀ, ਬਿਹਾਰੀ
ਔਂਕੜ, ਦੁਲੈਂਕੜ, ਲਾਂ, ਦੁਲਾਵਾਂ
ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

### ਇੰਟਰਨੈਸ਼ਨਲ ਪੰਥਕ ਦਲ ਵੱਲੋਂ

# ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਬਰਸੀ ਮਨਾਉਣ ਦਾ ਫੈਸਲਾ

## ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਬਰਸੀ ਸਮਾਗਮ ਕੱਲ੍ਹ ਤੋਂ




**ਮੋਗਾ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਇੰਟਰਨੈਸ਼ਨਲ ਪੰਥਕ ਦਲ ਦੀ ਵਿਸ਼ੇਸ਼ ਮੀਟਿੰਗ ਪਾਰਟੀ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਮਤੇ ਪਾਸ ਕੀਤੇ ਗਏ, ਜਿਨ੍ਹਾਂ ਵਿੱਚ ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਪਵਿੱਤਰ ਯਾਦ

ਆਵਾਜ਼ ਕੌਮ AWAZE QAUM International Newspaper & WEB TV

ਵਿੱਚ ਬਰਸੀ ਸਮਾਗਮ ਗੁਰਦੁਆਰਾ ਸੰਤ ਖਾਲਸਾ (ਜਨਮ ਅਸਥਾਨ) ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਨਗਰ ਪਿੰਡ ਰੋਡੇ ਜ਼ਿਲ੍ਹਾ ਮੋਗਾ ਵਿਖੇ ਵੀ 16 ਅਗਸਤ ਦਿਨ ਸ਼ੁੱਕਰਵਾਰ ਨੂੰ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਸਮਾਗਮ 14 ਅਗਸਤ ਦਿਨ ਬੁੱਧਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣ ਨਾਲ ਆਰੰਭ ਹੋ ਜਾਣਗੇ। 16 ਅਗਸਤ ਦਿਨ ਸ਼ੁੱਕਰਵਾਰ ਨੂੰ 1 ਭਾਦਰੋਂ ਸੰਗਰਾਂਦ ਵਾਲੇ ਦਿਨ ਭੋਗ ਉਪਰੰਤ ਬਰਸੀ ਸਬੰਧੀ ਦੀਵਾਨ ਸਜਣਗੇ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਨੇ ਮੀਟਿੰਗ ਦੌਰਾਨ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਵੱਲੋਂ ਸਿੱਖੀ ਪ੍ਰਚਾਰ ਅਤੇ ਪੰਜਾਬ ਦੀ ਖੁਸ਼ਹਾਲੀ ਅਤੇ ਵਿਕਾਸ ਲਈ ਕੀਤੇ ਗਏ ਕੰਮਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਸਿੰਘ ਸਾਹਿਬ ਨੇ ਦੱਸਿਆ ਕਿ ਦਮਦਮੀ ਟਕਸਾਲ ਦੇ 13ਵੇਂ ਮੁਖੀ ਵਜੋਂ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਪਿੰਡ ਪਿੰਡ ਕਥਾ ਪ੍ਰਚਾਰ, ਨਗਰ ਕੀਰਤਨ ਕੀਤੇ। ਲੱਖਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾਇਆ ਅਤੇ ਸਾਬਤ ਸੂਰਤ ਸਰੂਪ ਵਿੱਚ ਲਿਆਂਦਾ। ਹਜਾਰਾਂ ਪ੍ਰਾਣੀਆਂ ਨੂੰ ਸ਼ੁੱਧ ਬਾਣੀ ਦੀ ਸਿੱਖਿਆ ਦੇ ਕੇ ਪਾਠੀ ਤਿਆਰ ਕੀਤੇ, ਸੈਂਕੜੇ ਕਥਾਵਾਚਕ, ਗਿਆਨੀ ਤੇ ਰਾਗੀ ਜਥੇ ਤਿਆਰ ਕਰਕੇ ਸਿੱਖ ਪੰਥ ਦੀ ਸੇਵਾ ਵਿੱਚ ਪ੍ਰਚਾਰ ਲਈ ਭੇਜੇ। 37 ਵੱਡੇ ਨਗਰ ਕੀਰਤਨ ਕੱਢਣ ਦੇ ਨਾਲ-ਨਾਲ ਉਸ ਸਮੇਂ ਦੀ ਇੰਦਰਾ ਸਰਕਾਰ ਵੱਲੋਂ ਲਗਾਈ ਗਈ ਐਮਰਜੈਂਸੀ ਖਿਲਾਫ ਵਿਸ਼ੇਸ਼ ਮੋਰਚਾ ਲਗਾਇਆ ਅਤੇ ਸੰਜੇ ਗਾਂਧੀ ਵੱਲੋਂ ਚਲਾਈ ਗਈ ਨਸਬੰਦੀ ਦੀ ਮੁਹਿੰਮ ਦਾ ਵੀ ਜੋਰਦਾਰ ਵਿਰੋਧ ਕੀਤਾ। ਸਿੰਘ ਸਾਹਿਬ ਨੇ ਇਸ ਮੌਕੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਸਮੂਹ ਵਿਦਿਆਰਥੀਆਂ ਅਤੇ ਇਲਾਕੇ ਦੇ ਸੰਤਾਂ ਮਹਾਂਪੁਰਸ਼ਾਂ ਨੂੰ ਇਸ ਬਰਸੀ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਇਸੇ ਦੌਰਾਨ ਇਹ ਵੀ ਦੱਸਿਆ ਗਿਆ ਕਿ ਹਲਕਾ ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਦੀ ਚੋਣ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਭਾਈ ਸਰਬਜੀਤ ਸਿੰਘ ਖਾਲਸਾ ਦੀ ਜਿੱਤ ਦਾ ਸਮੂਹ ਹਲਕਾ ਨਿਵਾਸੀਆਂ ਵੱਲੋਂ ਪ੍ਰਮਾਤਮਾ ਦਾ ਸ਼ੁਕਰਾਨਾ ਕਰਨ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਵੀ 16 ਅਗਸਤ ਨੂੰ ਸੰਗਰਾਂਦ ਵਾਲੇ ਦਿਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਪਾਏ ਜਾਣਗੇ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਭਾਈ ਸਰਬਜੀਤ



ਸਿੰਘ ਖਾਲਸਾ ਦੀ ਜਿੱਤ ਲਈ ਹਲਕਾ ਫਰੀਦਕੋਟ ਦੇ ਲੋਕਾਂ ਵੱਲੋਂ ਦਿਨ ਰਾਤ ਇੱਕ ਕਰਨ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਫਰੀਦਕੋਟ ਲੋਕ ਸਭਾ ਹਲਕਾ ਦੇ ਸਮੂਹ ਹਲਕਾ ਇੰਚਾਰਜ, ਵੱਖ-ਵੱਖ ਜਥੇਬੰਦੀਆਂ ਦੇ ਸਾਰੇ ਆਗੂ, ਵਰਕਰ ਅਤੇ ਜਿੱਤ ਲਈ ਦਿਨ ਰਾਤ ਇੱਕ ਕਰਨ ਵਾਲੇ ਸਾਰੇ ਇਲਾਕਾ ਨਿਵਾਸੀ ਵੀ ਇਸ ਸਮਾਗਮ ਵਿੱਚ ਵੱਧ ਚੜ੍ਹ ਕੇ ਪਹੁੰਚਣ।

ਮੀਟਿੰਗ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੀ ਮਜਬੂਤੀ ਲਈ ਵੀ ਮਤੇ ਪਾਸ ਕੀਤੇ ਗਏ। ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਜਥੇਬੰਦੀ ਦੇ ਵਿਸਥਾਰ ਲਈ ਰਾਜਨੀਤਕ ਵਿੰਗ, ਧਾਰਮਿਕ ਵਿੰਗ ਤੇ ਕਿਸਾਨ ਵਿੰਗ ਦੀ ਮਜਬੂਤੀ ਲਈ ਜ਼ਿਲ੍ਹਾ ਪ੍ਰਧਾਨਾ, ਸਰਕਲ ਪ੍ਰਧਾਨਾਂ ਨੂੰ ਸੇਵਾਵਾਂ ਤੇਜ ਕਰਨ ਲਈ ਆਪੋ ਆਪਣੇ ਹਲਕਿਆਂ ਵਿੱਚ ਸਰਗਰਮੀਆਂ ਅਤੇ ਮੀਟਿੰਗਾਂ ਕਰਨ ਲਈ ਅਪੀਲ ਕੀਤੀ। ਇਸੇ ਦੌਰਾਨ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ 15 ਅਗਸਤ ਨੂੰ ਚੰਡੀਗੜ੍ਹ ਕਿਸਾਨ ਮੋਰਚੇ ਵਿੱਚ ਜਾਣ ਸਬੰਧੀ ਸਿੰਘ ਸਾਹਿਬ ਨੇ ਕਿਹਾ ਕਿ ਕੌਮੀ ਇਨਸਾਫ ਮੋਰਚੇ ਵੱਲੋਂ ਮਿਲੇ ਸੁਨੇਹੇ ਤੇ ਇੰਟਰਨੈਸ਼ਨਲ ਪੰਥਕ ਦਲ ਦਾ ਰਾਜਨੀਤਕ ਵਿੰਗ ਆਪਣਾ ਜੱਥਾ ਲੈ ਕੇ ਇਸ ਮੋਰਚੇ ਵਿੱਚ ਸ਼ਾਮਲ ਹੋਵੇਗਾ। ਇਸ ਦੇ ਨਾਲ ਹੀ ਸਿੱਖਾਂ ਨਾਲ ਹੋਈਆਂ ਬੇਇਨਸਾਫੀਆਂ ਖਿਲਾਫ ਕੇਂਦਰ ਨੂੰ ਯਾਦ ਕਰਵਾਉਣ ਲਈ ਕਿਸਾਨ ਵਿੰਗ ਦੇ ਮੁਖੀ ਭਾਈ ਕਿਰਪਾ ਸਿੰਘ ਦੀ ਅਗਵਾਈ ਹੇਠ ਫਿਰੋਜਪਰ ਵਿੱਚ ਵੱਡਾ ਮਾਰਚ ਕੀਤਾ ਜਾਏਗਾ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਿਆਂ ਵਿੱਚ ਝੂਲਦੇ ਸਿੱਖ ਪੰਥ ਦੀ ਚੜ੍ਹਦੀ ਕਲਾ ਦੇ ਪ੍ਰਤੀਕ ਨਿਸ਼ਾਨ ਸਾਹਿਬ ਦੇ ਚੋਲੇ ਦੇ ਰੰਗ ਬਦਲਣ ਸਬੰਧੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਕਿ ਕੁੱਝ ਲੋਕ ਆਪਹੁਦਰੇ ਫੈਸਲੇ ਲੈ ਕੇ ਸਿੱਖ ਪੰਥ ਵਿੱਚ ਹੋਰ ਦੁਫੇੜ ਅਤੇ ਟਕਰਾਅ ਵਧਾ ਰਹੇ ਹਨ। ਉਨ੍ਹਾਂ ਕਿਹਾ ਕਿ ਪੁਰਾਤਨ ਸਮਿਆਂ ਤੋਂ ਹੀ ਨਿਸ਼ਾਨ ਸਾਹਿਬ ਦਾ ਰੰਗ ਕੇਸਰੀ ਹੀ ਰਿਹਾ ਹੈ ਅਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਵੀ ਨੀਲੇ ਰੰਗ ਦਾ ਨਿਸ਼ਾਨ ਸਾਹਿਬ ਹੀ ਝੁਲਾਇਆ ਜਾਂਦਾ ਹੈ। ਉਨ੍ਹਾਂ ਨੇ ਪੰਜ ਸਿੰਘ ਸਾਹਿਬਾਨ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਸ਼੍ਰੋਮਣੀ ਕਮੇਟੀ ਦਾ ਕੋਈ ਸਕੱਤਰ, ਮੁਲਾਜ਼ਮ ਜਾਂ ਮੈਨੇਜਰ ਆਪਣੇ ਤੌਰ ਤੇ ਫੈਸਲਾ ਲੈ ਕੇ ਗੁਰਦੁਆਰਿਆਂ ਦੇ ਚੋਲਿਆਂ ਦਾ ਰੰਗ ਆਪਣੀ ਮਰਜ਼ੀ ਨਾਲ ਬਦਲ ਰਿਹਾ ਹੈ ਤਾਂ ਉਨ੍ਹਾਂ ਨੂੰ ਸਖਤੀ ਨਾਲ ਰੋਕਿਆ ਜਾਵੇ ਅਤੇ ਸਮੁੱਚੇ ਸਿੱਖ ਪੰਥ 'ਚ ਹੋਰ ਵੰਡੀਆਂ ਪੈਣ ਤੋਂ ਰੋਕਿਆ ਜਾਵੇ। ਸਿੰਘ ਸਾਹਿਬ ਨੇ ਸਮੁੱਚੀ ਕੌਮ ਨੂੰ ਸੱਦਾ ਦਿੱਤਾ ਕਿ ਕੇਸਰੀ ਨਿਸ਼ਾਨ ਸਾਹਿਬ ਦੇ ਥੱਲੇ ਹੀ ਇਕੱਤਰ ਹੋਣਾ ਚਾਹੀਦਾ ਹੈ।

ਅੱਜ ਦੀ ਇਸ ਮੀਟਿੰਗ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਤੋਂ ਇਲਾਵਾ ਜਥੇਦਾਰ ਦਰਸ਼ਨ ਸਿੰਘ ਮੰਡ, ਜਥੇਦਾਰ ਦਲੀਪ ਸਿੰਘ ਚਕਰ ਕਨਵੀਨਰ, ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ ਕਾਰਜਕਾਰੀ ਪ੍ਰਧਾਨ, ਬਾਬਾ ਸਤਨਾਮ ਸਿੰਘ ਵੱਲੀਆ ਪ੍ਰਧਾਨ ਧਾਰਮਿਕ ਵਿੰਗ, ਭਾਈ ਕ੍ਰਿਪਾ ਸਿੰਘ ਨੱਥੂਵਾਲਾ ਪ੍ਰਧਾਨ ਕਿਸਾਨ ਵਿੰਗ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ ਮੁੱਖ ਬੁਲਾਰਾ ਤੇ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੋਆਬਾ, ਸ. ਜਗਸੀਰ ਸਿੰਘ ਰੋਡੇ ਮੀਤ ਪ੍ਰਧਾਨ, ਡਾਕਟਰ ਗੋਮਾ ਸਿੰਘ ਜਨਰਲ ਸਕੱਤਰ ਕਿਸਾਨ ਵਿੰਗ, ਮੈਨੇਜਰ ਸੁਖਜਿੰਦਰ ਸਿੰਘ ਫਰੀਦਕੋਟ, ਭਾਈ ਹਰਕ੍ਰਿਸ਼ਨ ਸਿੰਘ ਜਗਰਾਵਾਂ, ਭਾਈ ਕੁਲਦੀਪ ਸਿੰਘ ਡੱਲਾ, ਬਾਬਾ ਵਜੀਰ ਸਿੰਘ ਵਾਂ ਪਿੰਡ, ਭਾਈ ਗੁਰਮੇਜ ਸਿੰਘ ਭੈਣੀ ਜੱਸਾ ਸਿੰਘ, ਬਾਬਾ ਗੁਰਪਾਲ ਸਿੰਘ ਗੁਰਦਾਸਪੁਰ, ਭਾਈ ਜੁਗਿੰਦਰ ਸਿੰਘ ਫਿਰੋਜ਼ਪੁਰ, ਡਾਕਟਰ ਪਿੱਪਲ ਸਿੰਘ, ਜਥੇਦਾਰ ਬੂਟਾ ਸਿੰਘ, ਸ. ਕਾਰਜ ਸਿੰਘ ਡਲੀਰੀ ਕਿਸਾਨ ਵਿੰਗ ਅਤੇ ਹੋਰ ਪਾਰਟੀ ਆਗੂ ਅਤੇ ਵਰਕਰ ਭਾਰੀ ਗਿਣਤੀ ਵਿੱਚ ਹਾਜਰ ਸਨ। ••


KHALSA FORGE
Explore a stunning collection of high-quality Damascus and Sarbloh Kirpans, meticulously crafted for excellence.
www.khalsaforge.com
ਖਾਲਸਾ ਫੋਰਜ
☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।
☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।
www.khalsaforge.com


ਬੰਦੀ ਸਿੰਘਾਂ 'ਅਤੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਰਿਹਾਈ
ਦੇ ਲਈ ਰੱਖੀ ਗਈ ਪੰਥਕ ਇਕੱਤਰਤਾ ਵਿੱਚ ਜ਼ਰੂਰ ਪਹੁੰਚੋ ਜੀ!
ਰੱਖੜ ਪੁੰਨਿਆ ਦੇ ਦਿਹਾੜੇ ਤੇ
ਬਾਬਾ ਬਕਾਲਾ ਸਾਹਿਬ ਜੀ ਵਿਖੇ
ਪੰਥਕ ਇਕੱਤਰਤਾ
19 ਅਗਸਤ 2024
ਸਮਾਂ ਸਵੇਰੇ 11ਵਜੇ ਤੋਂ
ਦੁਪਿਹਰੇ 3ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV


ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar


SANT BEANT SINGH JI
BER KALAN WALE | UK TOUR 2024
FRI 26TH JULY - SUN 28TH JULY: SOUTHAMPTON
MON 29TH JULY - SUN 4TH AUGUST: SOUTHALL
MON 5TH AUGUST - SAT 10TH AUGUST: 7:00-8:00PM
GURU NANAK GURDWARA, LEICESTER, LE1 4LJ
SUN 11TH AUGUST: 1:00-2:00PM
GURU NANAK GURDWARA, LEICESTER, LE1 4LJ
WED 14TH AUGUST - 7:30-8:10PM:
GURU HAR RAI SAHIB GURDWARA, WEST BROMWICH, B70 6JW
SUN 18TH AUGUST - 2:00-3:00 PM:
GURU HAR RAI GURDWARA, WEST BROMWICH, B70 6JW
MON 19TH AUGUST - SUN 25TH AUGUST: 7:00-7:30AM &
6:45-7:30PM
SEDLEY STREET, WOLVERHAMPTON, WV2 3AJ
MON 26TH AUGUST - SUN 1ST SEPTEMBER: 7:30-8:15AM,
10:00-11:00AM & 7:15-8:00PM
BABA SANG GURDWARA, SMETHWICK, B66 1EE
SANT BEANT SINGH | WHATSAPP: +918530000006


ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2024 ਦਿਨ ਵੀਰਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ
ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਮੰਗਲਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਵੀਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ)
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
* ਕਵੀਸ਼ਰੀ ਜਥਾ ਗਿ. ਕੇਵਲ ਸਿੰਘ ਮਹਿਤਾ
* ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਬੋੜੇ ਵਾਲੇ (ਨਿਹੰਗ ਸਿੰਘ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਅਤੇ ਕੀਰਤਨ ਦੀ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ AWAZE QAUM
International Newspaper & WEB TV


With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ
AWAZE QAUM
International Newspaper & WEB TV


ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484

ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਹਰਭਜਨ ਸਿੰਘ ਈ ਟੀ ਓ ਵੱਲੋਂ

# ਹਵਾਈ ਅੱਡੇ ਉੱਤੇ ਓਲੰਪਿਕ ਜੇਤੂ ਹਾਕੀ ਟੀਮ ਦਾ ਸਵਾਗਤ



**ਜੰਡਿਆਲਾ ਗੁਰੂ, 11 ਅਗਸਤ ( ਕੁਲਵੰਤ ਸਿੰਘ ਵਿਰਦੀ)**-ਓਲੰਪਿਕ ਖੇਡਾਂ ਵਿੱਚੋਂ ਕਾਂਸੀ ਦਾ ਤਗਮਾ ਜਿੱਤ ਕੇ ਪੰਜਾਬ ਪਰਤੀ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਦਾ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ ਉੱਤੇ ਪੰਜਾਬ ਦੇ ਕੈਬਿਨਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ ਅਤੇ ਸ ਹਰਭਜਨ ਸਿੰਘ ਈਟੀਓ ਨੇ ਪੰਜਾਬ ਸਰਕਾਰ ਵੱਲੋਂ ਜੀ ਆਇਆ ਕਿਹਾ ਅਤੇ ਖਿਡਾਰੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਇਸ ਮੌਕੇ ਹਾਕੀ ਖਿਡਾਰੀਆਂ ਦੇ ਮਾਤਾ ਪਿਤਾ ਹਾਕੀ ਪ੍ਰੇਮੀ ਅਤੇ ਹਾਕੀ ਪੰਜਾਬ ਦੇ ਸੀਨੀਅਰ ਅਧਿਕਾਰੀ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਸ ਧਾਲੀਵਾਲ ਨੇ ਇਸ ਮੌਕੇ ਹਾਕੀ ਖਿਡਾਰੀਆਂ ਨੂੰ ਅਸ਼ੀਰਵਾਦ ਦਿੰਦੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਤੁਹਾਡੀ ਜੇਤੂ ਟੀਮ ਦੇ ਹਰੇਕ ਖਿਡਾਰੀ ਨੂੰ ਇੱਕ ਇੱਕ ਕਰੋੜ ਰੁਪਏ ਦੀ ਇਨਾਮੀ ਰਾਸ਼ੀ ਦੇਣ ਦਾ ਐਲਾਨ ਕਰ ਚੁੱਕੇ ਹਨ ਉਹਨਾਂ ਕਿਹਾ ਕਿ ਸਾਨੂੰ ਤੁਹਾਡੇ ਉੱਤੇ ਮਾਣ ਹੈ, ਜਿਨਾਂ ਨੇ ਲੰਮੇ ਸਮੇਂ ਬਾਅਦ ਹਾਕੀ ਵਿੱਚ ਭਾਰਤ ਦੀ ਵਾਪਸੀ ਕਰਵਾਈ ਹੈ। ਸ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਨੂੰ ਪਿੰਡ ਪੱਧਰ ਉੱਤੇ ਵਿਕਸਿਤ ਕਰਨ ਲਈ ਯਤਨ ਕਰ ਰਹੀ ਹੈ ਅਤੇ ਆਉਣ ਵਾਲਾ ਸਮਾਂ ਸਾਡੇ ਖਿਡਾਰੀਆਂ ਅਤੇ ਖੇਡਾਂ ਲਈ ਬਹੁਤ ਸੁਖਾਵਾਂ ਮਾਹੌਲ ਦੇਵੇਗਾ, ਜਿਸ ਨਾਲ ਪੰਜਾਬ ਵਿੱਚ ਵੱਡੇ ਖਿਡਾਰੀ ਪੈਦਾ ਹੋਣਗੇ। ਇਸ ਮੌਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੰਦੇ ਲੋਕ ਸਭਾ ਮੈਂਬਰ ਸ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਸਾਨੂੰ ਆਪਣੇ ਹਾਕੀ ਖਿਡਾਰੀਆਂ ਉੱਤੇ ਸਦਾ ਮਾਣ ਰਹੇਗਾ ਜਿਨਾਂ ਨੇ ਦੇਸ਼ ਲਈ ਮੈਡਲ ਜਿੱਤ ਕੇ ਲੰਮੇ ਸਮੇਂ ਬਾਅਦ ਹਾਕੀ ਵਿੱਚ ਸਾਡੇ ਦੇਸ਼ ਦਾ ਨਾਂ ਰੋਸ਼ਨ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਸ ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਸਾਡੇ ਖਿਡਾਰੀਆਂ ਨੇ ਪੰਜਾਬ ਉੱਤੇ ਲੱਗਾ ਨਸ਼ੇ ਦਾ ਕਲੰਕ ਆਪਣੀ ਖੇਡ ਨਾਲ ਦੂਰ ਕੀਤਾ ਹੈ । ਉਹਨਾਂ ਕਿਹਾ ਕਿ ਪੰਜਾਬ ਹਮੇਸ਼ਾ ਖੇਡਾਂ ਵਿੱਚ ਦੇਸ਼ ਦੀ ਅਗਵਾਈ ਕਰਦਾ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਇਹ ਰੀਤ ਜਾਰੀ ਰਹੇਗੀ, ਜਿਸ ਲਈ ਪੰਜਾਬ ਸਰਕਾਰ ਹਰ ਸੰਭਵ ਯਤਨ ਕਰ ਰਹੀ ਹੈ। ਉਹਨਾਂ ਕਿਹਾ ਕਿ ਸਾਡਾ ਸਿਰ ਉਸ ਵੇਲੇ ਮਾਣ ਨਾਲ ਉੱਚਾ ਹੁੰਦਾ ਹੈ ਜਦੋਂ ਸਾਡੇ ਪੰਜਾਬ ਦੇ ਖਿਡਾਰੀ ਓਲੰਪਿਕ ਵਿੱਚ ਦੇਸ਼ ਦੀ ਤਰਜਮਾਨੀ ਕਰ ਰਹੇ ਹੁੰਦੇ ਹਨ। ਉਹਨਾਂ ਕਿਹਾ ਕਿ ਸ ਭਗਵੰਤ ਸਿੰਘ ਮਾਨ ਦੇ ਯਤਨਾਂ ਨਾਲ ਭਵਿੱਖ ਵਿੱਚ ਪੰਜਾਬ ਖੇਡਾਂ ਦੀ ਨਰਸਰੀ ਕਰਕੇ ਜਾਣਿਆ ਜਾਵੇਗਾ ਅੱਜ ਅੰਮ੍ਰਿਤਸਰ ਹਵਾਈ ਅੱਡੇ ਉੱਤੇ ਪੁੱਜੇ ਓਲੰਪਿਕ ਖਿਡਾਰੀਆਂ ਵਿੱਚ ਮਨਪ੍ਰੀਤ ਸਿੰਘ, ਹਰਮਨਪ੍ਰੀਤ ਸਿੰਘ, ਹਾਰਦਿਕ ਸਿੰਘ, ਗੁਰਜੰਟ ਸਿੰਘ , ਸ਼ਮਸ਼ੇਰ ਸਿੰਘ ,ਮਨਦੀਪ ਸਿੰਘ, ਜਰਮਨ ਪ੍ਰੀਤ ਸਿੰਘ ਬੱਲ, ਸੁਖਜੀਤ ਸਿੰਘ ਅਤੇ ਜੁਗਰਾਜ ਸਿੰਘ ਦੇ ਨਾਮ ਵਰਨਨ ਯੋਗ ਹਨ। ਇਸ ਮੌਕੇ ਸ੍ਰੀ ਰਜਤ ਉਬਰਾਏ ਪ੍ਰਸ਼ਾਸਕ ਏ ਡੀ ਏ , ਸਾਬਕਾ ਹਾਕੀ ਓਲੰਪੀਅਨ ਸ ਪ੍ਰਗਟ ਸਿੰਘ ਸ ਹਰਪ੍ਰੀਤ ਸਿੰਘ ਮੰਡੇਰ, ਸ੍ਰੀ ਬਲਵਿੰਦਰ ਸਿੰਘ ਸ਼ੰਮੀ, ਸ੍ਰੀ ਸੰਜੀਵ ਕੁਮਾਰ , ਸ੍ਰੀ ਜੁਗਰਾਜ ਸਿੰਘ , ਹਾਕੀ ਪੰਜਾਬ ਦੇ ਪ੍ਰਧਾਨ ਸ੍ਰੀ ਨਿਤਿਨ ਕੋਹਲੀ , ਜਨਰਲ ਸਕੱਤਰ ਸ੍ਰੀ ਅਮਰੀਕ ਸਿੰਘ ਪਵਾਰ, ਚੇਅਰਮੈਨ ਸਲਾਹਕਾਰ ਬੋਰਡ ਸ ਪ੍ਰਗਟ ਸਿੰਘ, ਖਜਾਨਚੀ ਸ੍ਰੀ ਸੰਜੀਵ ਕੁਮਾਰ, ਕਾਰਜਕਾਰੀ ਮੈਂਬਰ ਸ੍ਰੀ ਕੁਲਬੀਰ ਸਿੰਘ, ਮੈਂਬਰ ਗੁਰਮੀਤ ਸਿੰਘ, ਗੁਨਦੀਪ ਸਿੰਘ ਕਪੂਰ, ਚੇਅਰਮੈਨ ਅੰਪਾਇਰਿੰਗ ਕਮੇਟੀ ਗੁਰਿੰਦਰ ਸਿੰਘ ਸੰਘਾ, ਆਫਿਸ ਇੰਚਾਰਜ ਕੰਚਨ ਅਤੇ ਸੀਨੀਅਰ ਅਧਿਕਾਰੀਆਂ ਨੇ ਖਿਡਾਰੀਆਂ ਨੂੰ ਜੀ ਆਇਆ ਕਿਹਾ।

**ਸਾਡੇ ਖਿਡਾਰੀਆਂ ਨੇ ਪੰਜਾਬ ਤੋਂ ਨਸ਼ੇ ਦਾ ਕਲੰਕ ਲਾਹਿਆ - ਈਟੀਓ**

ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰੀਤਵ ਅਭਿਆਨ ਤਹਿਤ ਗਰਭਵਤੀ ਮਹਿਲਾਵਾਂ ਨੂੰ ਸੁਰੱਖਿਅਤ ਜਣੇਪੇ ਤੇ ਤੰਦਰੁਸਤ ਰਹਿਣ ਦੇ ਨੁਕਤੇ ਕੀਤੇ ਸਾਂਝੇ- ਡਾ. ਦਰਸ਼ਨ ਕੌਰ

# ਸਿਹਤ ਪੱਖੋਂ ਤੰਦਰੁਸਤ ਮਾਂ ਹੀ ਦੇ ਸਕਦੀ ਹੈ ਸਿਹਤਮੰਦ ਬੱਚੇ ਨੂੰ ਜਨਮ- ਡਾ. ਜੈਦੀਪ ਸਿੰਘ

**ਤਲਵੰਡੀ ਸਾਬੋ, 12 ਅਗਸਤ (ਗੁਰਜੰਟ ਸਿੰਘ ਨਥੇਹਾ)**- ਮਾਂ ਦੀ ਸਿਹਤ ਜੇਕਰ ਤੰਦਰੁਸਤ ਹੋਵੇਗੀ ਤਾਂ ਹੀ ਉਸ ਦਾ ਬੱਚਾ ਸਿਹਤ ਪੱਖੋਂ ਨਿਰੋਗ ਅਤੇ ਸਿਹਤਮੰਦ ਹੋਵੇਗਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਦਰਸ਼ਨ ਕੌਰ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਨੇ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਅੱਜ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰੀਤਵ ਅਭਿਆਨ ਤਹਿਤ ਗਰਭਵਤੀ ਮਹਿਲਾਵਾਂ ਨੂੰ ਸੁਰੱਖਿਅਤ ਜਣੇਪੇ ਤੇ ਤੰਦਰੁਸਤ ਰਹਿਣ ਦੇ ਨੁਕਤੇ ਸਾਂਝੇ ਕਰਦਿਆਂ ਕੀਤਾ। ਡਾ. ਜੈਦੀਪ ਸਿੰਘ ਨੇ ਕਿਹਾ ਕਿ ਗਰਭਵਤੀ ਔਰਤ ਨੂੰ ਬੱਚੇ ਦੀ ਤੰਦਰੁਸਤੀ ਲਈ ਜਿਥੇ ਆਪਣੀ ਸਿਹਤ ਵੱਲ ਉਚੇਚਾ ਧਿਆਨ ਦੇਣਾ ਚਾਹੀਦਾ ਹੈ, ਉਥੇ ਬੱਚੇ ਦੇ ਜਨਮ ਤੋਂ ਛੇ ਮਹੀਨੇ ਤੱਕ ਅਪਣੇ ਦੁੱਧ ਨਾਲ ਪਾਲਣ ਕਰਨਾ ਚਾਹੀਦਾ ਹੈ, ਜੋ ਬੱਚੇ ਲਈ ਅੰਮ੍ਰਿਤ ਵਾਂਗ ਸਾਬਤ ਹੁੰਦਾ ਹੈ। ਉਹਨਾਂ ਕਿਹਾ ਕਿ ਮਾਂ ਨੂੰ ਗਰਭ ਅਵਸਥਾ ਦੌਰਾਨ ਪੌਸ਼ਿਟਕ ਅਹਾਰ ਜਿਵੇਂ ਕਿ ਮੌਸਮੀ ਫਲ, ਹਰੀਆਂ ਸਬਜ਼ੀਆਂ, ਛਿਲਕੇ ਵਾਲੀਆਂ ਦਾਲਾਂ ਅਤੇ ਜੇਕਰ ਸ਼ੂਗਰ ਦੀ ਸ਼ਿਕਾਇਤ ਨਾ ਹੋਵੇ ਤਾਂ ਗੁੜ ਦਾ ਸੇਵਨ ਕਰਨਾ ਚਾਹੀਦਾ। ਇਸ ਮੌਕੇ ਇਸ ਮੌਕੇ ਡਾ. ਦਰਸ਼ਨ ਕੌਰ ਨੇ ਕਿਹਾ ਕਿ ਗਰਭਵਤੀ ਮਹਿਲਾਵਾਂ ਲਈ ਸਿਹਤ ਵਿਭਾਗ ਵੱਲੋਂ ਜੇ.ਐਸ.ਐਸ.ਕੇ, ਜੇ.ਐਸ.ਵਾਈ, ਸੁਮਨ ਸਮੇਤ ਕਈ ਸਿਹਤ ਪੱਖੀ ਸਕੀਮਾਂ ਚਲਾਈਆਂ ਗਈਆਂ ਹਨ ਜਿਸ ਤਹਿਤ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਇਲਾਜ ਤੇ ਜਣੇਪੇ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ ਅਤੇ ਸਿਵਲ ਹਸਪਤਾਲਾਂ ਵਿਚ ਗਰਭਵਤੀ ਔਰਤ ਨੂੰ ਜਿੱਥੇ ਸੂਬਾ ਸਰਕਾਰ ਵੱਲੋਂ 108 ਨੰਬਰ ਐਬੂਲੈਂਸ ਰਾਹੀਂ ਲਿਆਉਣ ਤੇ ਲਿਜਾਣ ਦੀ ਸੁਵਿਧਾ ਹੈ। ਉਥੇ ਡਲੀਵਰੀ ਕੇਸ ਵੀ ਮੁਫਤ ਵਿਚ ਕਰਨ ਦੇ ਨਾਲ-ਨਾਲ ਰਹਿਣ-ਸਹਿਣ ਦਾ ਵੀ ਪ੍ਰਬੰਧ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲਾਂ ਵਿਚ ਡਲਿਵਰੀ ਕਰਵਾਉਣ ਵਾਲੀ ਔਰਤ ਦਾ ਮਾਹਿਰ ਡਾਕਟਰਾਂ ਤੋਂ ਇਲਾਜ ਕਰਵਾ ਕੇ ਮੁਫਤ ਦਵਾਈਆਂ ਤੇ ਖਾਣਾ ਮੁਹੱਈਆ ਕਰਵਾਇਆ ਜਾਂਦਾ ਹੈ ਤਾਂ ਜੋ ਪਰਿਵਾਰ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਾ ਹੋਵੇ। ਇਸ ਮੌਕੇ ਬੋਲਦਿਆਂ ਬਲਾਕ ਐਜੂਕੇਟਰ ਗੁਰਸਿਮਰਤ ਕੌਰ ਅਤੇ ਸ਼ਿੰਦਰਪਾਲ ਕੌਰ ਨੇ ਕਿਹਾ ਕਿ ਸਿਵਲ ਹਸਪਤਾਲਾਂ ਵਿੱਚ ਗਰਭਵਤੀ ਔਰਤਾਂ ਦੇ ਨਾਲ-ਨਾਲ ਹਰੇਕ ਮਨੁੱਖ ਨੂੰ ਬਚਾਉਣ ਲਈ ਪੂਰੇ ਪ੍ਰਬੰਧ ਹਨ। ਉਨ੍ਹਾਂ ਕਿਹਾ ਕਿ ਜਿੱਥੇ ਸਰਕਾਰੀ ਹਸਪਤਾਲਾਂ ਵਿਚ ਮਾਹਿਰ ਡਾਕਟਰਾਂ ਵੱਲੋਂ ਆਧੁਨਿਕ ਮਸ਼ੀਨਾਂ ਨਾਲ ਮਰੀਜ਼ਾਂ ਦਾ ਚੈਕਅਪ ਕੀਤਾ ਜਾਂਦਾ ਹੈ, ਉਥੇ ਬਹੁਤੀਆਂ ਬਿਮਾਰੀਆਂ ਦੀ ਦਵਾਈ ਹਸਪਤਾਲ ਵਿਚੋਂ ਮੁਫਤ ਦੇ ਕੇ ਮਰੀਜ਼ ਨੂੰ ਵਧਿਆ ਸਿਹਤ ਸਹੂਲਤਾਂ ਦਾ ਹਰ ਉਪਰਾਲਾ ਕੀਤਾ ਜਾਂਦਾ ਹੈ। ਇਸ ਮੌਕੇ ਉਹਨਾਂ ਕਿਹਾ ਕਿ ਜਨਮ ਤੋਂ ਲੈ ਕੇ ਛੇ ਮਹੀਨੇ ਤੱਕ ਮਾਂ ਦਾ ਦੁੱਧ ਹੀ ਬੱਚੇ ਲਈ ਮੁਕੰਮਲ ਖੁਰਾਕ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰੀ ਸਹੂਲਤਾਂ ਦਾ ਵੱਧ ਤੋਂ ਵੱਧ ਲਾਹਾ ਲੈ ਕੇ ਸਿਹਤਮੰਦ ਸਮਾਜ ਦੀ ਸਿਰਜਨਾ ਵਿਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਭੁਪਿੰਦਰਪਾਲ ਕੌਰ ਅਤੇ ਬਲਵਿੰਦਰ ਕੌਰ ਸਿਹਤ ਕਰਮੀ, ਸ਼ਿੰਦਰਪਾਲ ਕੌਰ ਸਿਹਤ ਸੁਪਰਵਾਇਜ਼ਰ ਅਤੇ ਆਮ ਲੋਕ ਮੌਜੂਦ ਸਨ।





# ਯੂਨਾਈਟਿਡ ਨਰਸਿਜ ਐਸੋਸੀਏਸ਼ਨ ਪੰਜਾਬ ਦਾ ਕੀਤਾ ਗਠਨ: ਪੰਡਿਤ ਰਾਕੇਸ਼ ਸ਼ਰਮਾ



**ਚੌਕ ਮਹਿਤਾ, 12 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੋਹਾਲੀ ਵਿਖੇ ਸੂਬਾ ਪੱਧਰੀ ਮੀਟਿੰਗ ਵਿੱਚ ਵੱਖ ਵੱਖ ਜ਼ਿਲ੍ਹਿਆਂ ਤੋ ਆਈਆਂ ਸਟਾਫ ਨਰਸਾ ਨੇ ਹਿੱਸਾ ਲਿਆ ਇਸ ਉਪਰੰਤ ਯੂਨਾਈਟਿਡ ਨਰਸਿਜ ਐਸੋਸੀਏਸ਼ਨ ਪੰਜਾਬ ਦਾ ਗਠਨ ਕੀਤਾ ਗਿਆ ਅਤੇ ਸ੍ਰੀਮਤੀ ਕਮਲਜੀਤ ਕੌਰ ਰੰਧਾਵਾ ਨੂੰ ਐਸੋਸੀਏਸ਼ਨ ਵਲੋ ਆਡੀਟਰ ਦੇ ਅਹੁਦੇ ਨਾਲ ਸਨਮਾਨਿਤ ਕੀਤਾ ਗਿਆ ਇਸ ਮੌਕੇ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਅਤੇ ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ ਅਤੇ ਸ੍ਰੀ ਸਿਮਰਨਜੀਤ ਸਿੰਘ ਮਾਨ, ਸਿਵਲ ਹਸਪਤਾਲ ਅੰਮ੍ਰਿਤਸਰ ਵਲੋ ਸ੍ਰੀਮਤੀ ਕਮਲਜੀਤ ਕੌਰ ਰੰਧਾਵਾ ਨੂੰ ਵਧਾਈ ਦਿੰਦਿਆਂ ਹੋਇਆਂ ਜੀ ਆਇਆਂ ਨੂੰ ਕਿਹਾ ਇਸ ਮੌਕੇ ਤੇ ਸ੍ਰੀਮਤੀ ਕਿਰਨਜੀਤ ਕੌਰ, ਸ੍ਰੀਮਤੀ ਸਿਮਰਜੀਤ ਕੌਰ, ਸ੍ਰੀਮਤੀ ਸਰਬਜੀਤ ਕੌਰ ਕੇਸਰ, ਸ੍ਰੀਮਤੀ ਰਵਿੰਦਰ ਕੌਰ ਸ੍ਰੀਮਤੀ ਵਰਿੰਦਰ ਕੌਰ ਸਟਾਫ ਨਰਸ ਮੌਜੂਦ ਸਨ।

# ਚੌਕ ਮਹਿਤਾ ਘੁਮਾਣ ਰੋਡ ਤੇ ਇੰਟਰਲੋਕ ਟਾਈਲਾ ਲਗਾਉਣ ਦਾ ਕੰਮ ਸ਼ੁਰੂ ਕੀਤਾ ਗਿਆ



**ਚੌਕ ਮਹਿਤਾ, 12 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਦੀ ਸਰਕਾਰ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਜੀ ਦਿਸਾ ਨਿਰਦੇਸ ਅਤੇ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ ਟੀ ਉ ਦੀ ਅਗਵਾਈ ਹੇਠਾਂ ਅਤੇ ਬਲਾਕ ਪ੍ਰਧਾਨ ਸ੍ਰੀ ਅਜੈ ਗਾਧੀ ਜੀ ਦੇ ਸਹਿਯੋਗ ਨਾਲ ਚੌਕ ਮਹਿਤਾ ਘੁਮਾਣ ਰੋਡ ਤੇ ਇੰਟਰਲੋਕ ਟਾਈਲਾ ਲਗਾਉਣ ਦਾ ਕੰਮ ਸ਼ੁਰੂ ਕੀਤਾ ਗਿਆ। ਇਸ ਮੌਕੇ ਬਲਾਕ ਪ੍ਰਧਾਨ ਸ੍ਰੀ ਅਜੈ ਗਾਧੀ ਜੀ ਨੇ ਕਿਹਾ ਕਿ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ ਟੀ ਉ ਦੇ ਪੂਰਨ ਸਹਿਯੋਗ ਨਾਲ ਆਉਣ ਵਾਲੇ ਸਮੇਂ ਵਿੱਚ ਚੌਕ ਮਹਿਤਾ ਦਾ ਵਿਕਾਸ ਪੂਰੇ ਜ਼ੋਰ ਨਾਲ ਦਿਨ ਰਾਤ ਇਕ ਕਰਕੇ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਦੇ ਨਾਲ ਅਜੀਤ ਸਿੰਘ ਮੀਡੀਆ ਇੰਨਚਾਰਜ, ਸੁਖਜੀਤ ਸਿੰਘ ਰਾਜੂ ਸੈਕਟਰੀ, ਪਰਮਜੀਤ ਸਿੰਘ ਪੰਨਾ, ਰਸਪਾਲ ਸਿੰਘ ਨੂਰੀ, ਦਲਜੀਤ ਸਿੰਘ, ਜਸਕਰਨ ਸਿੰਘ ਚੀਨਾ,ਰਾਜਬੀਰ ਸਿੰਘ ਰੋਬੀ ਹਰਜਿੰਦਰ ਸਿੰਘ, ਮਨਵਿੰਦਰ ਸਿੰਘ ਕਲਸੀ, ਰਾਜਵਿੰਦਰ ਸਿੰਘ ਰਵੀ, ਸੋਨੀ ਮਹਿਤਾ, ਤਰੁਨ ਅਰੋੜਾ ਆਦਿ ਆਮ ਆਦਮੀ ਪਾਰਟੀ ਦੇ ਲੀਡਰ ਹਾਜ਼ਰ ਸਨ।

# ਨਰਸਿੰਗ ਯੂਨੀਅਨ ਦੇ ਕਮਲਜੀਤ ਕੌਰ, ਯੂਨਿਸ ਮਸੀਹ ਜ਼ਿਲ੍ਹਾ ਪ੍ਰਧਾਨ ਨਿਯੁਕਤ



**ਚੌਕ ਮਹਿਤਾ, 12 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਿਲਾ ਪੱਧਰੀ ਦੀ ਅੰਮ੍ਰਿਤਸਰ ਵਿਖੇ ਰੱਖੀ ਮੀਟਿੰਗ ਵਿੱਚ ਸਮੂਹ ਨਰਸਿੰਗ ਯੂਨੀਅਨ ਵੱਲੋ ਸਾਂਝੇ ਤੌਰ ਤੇ ਕਮੇਟੀ ਦਾ ਗਠਨ ਕੀਤਾ ਗਿਆ. ਜਿਸ ਵਿਚ ਅੰਮ੍ਰਿਤਸਰ ਜ਼ਿਲੇ ਦੇ ਨਰਸਿੰਗ ਸਟਾਫ ਕਮਲਜੀਤ ਕੌਰ ਅਤੇ ਯੂਨਿਸ ਮਸੀਹ ਨੂੰ ਪ੍ਰਧਾਨ ਬਣਾਇਆ ਗਿਆ, ਵਾਈਸ ਪ੍ਰਧਾਨ ਹਰਜੀਤਕੌਰ ਭੁੱਲਰ ,ਜਨਰਲ ਸੈਕ੍ਰੇਟਰੀ ਸਰਬਜੀਤ ਕੌਰ ਕੇਸਰ , ਜੁਆਇੰਟ ਸੈਕੇਟਰੀ ਨਿਰਮਲ ਕੌਰ , ਕੈਸ਼ੀਅਰ ਵਰਿੰਦਰ ਰੰਧਾਵਾ ਸਿਵਲ ਹਸਪਤਾਲ , ਜੁਆਇੰਟ ਕੈਸ਼ੀਅਰ ਸਰਬਜੀਤ ਕੌਰ ਰਮਦਾਸ , ਮੀਡੀਆ ਐਡਵਾਈਜ਼ਰ ਮਨਦੀਪ ਕੌਰ ਅਜਨਾਲਾ, ਅਤੇ ਕਰਮਜੀਤ ਕੌਰ ਲੋਪੋਕੇ ਨੂੰ ਨਿਯੁਕਤ ਕੀਤਾ ਰਵਿੰਦਰ ਕੌਰ , ਜਸਪਾਲ ਕੌਰ, ਕਮਲਜੀਤ ਕੌਰ ਮਜੀਠਾ ਨੂੰ ਵਲੰਟੀਅਰ ਬਣਾਇਆ ਗਿਆ ਅਤੇ ਸਰਬ ਸਹਿਮਤੀ ਨਾਲ ਕਮੇਟੀ ਦਾ ਗਠਨ ਕੀਤਾ ਗਿਆ।

# ਅਜੇ ਨਗਰ ਵਿਖੇ ਮਨਾਇਆ ਤੀਆਂ ਦਾ ਤਿਉਹਾਰ



**ਚੌਕ ਮਹਿਤਾ, 12ਅਗਸਤ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਅੰਦਰ ਜਿੱਥੇ ਮੇਲਿਆਂ ਨੂੰ ਜਿਉਂਦਾ ਰੱਖਣ ਲਈ ਸਾਂਝੇ ਮੇਲੇ ਮਨਾਉਂਦੇ ਰਹਿਣਾ ਚਾਹੀਦੇ ਹਨ। ਇਹ ਵਿਚਾਰ ਸਰਪੰਚ ਕਵਲਜੀਤ ਕੌਰ ਸੰਧੂ ਵੱਲੋਂ ਸਾਵਣ ਮੌਕੇ ਤੀਆਂ ਦੇ ਤਿਹਾਰ ਨੂੰ ਸਬੋਧਨ ਕਰਦਿਆਂ ਸਾਂਝੇ ਕੀਤੇ ਗ੍ਰਾਮ ਪੰਚਾਇਤ ਅਜੇ ਨਗਰ ਰਾਮ ਤੀਰਥ ਰੋਡ ਵਿਖੇ ਸਿਮਰਨ ਕੌਰ ਰੇਨੂ ਬਾਲਾ ਇਹਨਾਂ ਦੇ ਉੱਦਮ ਸਦਕਾ ਹੀ ਤੀਆਂ ਦਾ ਤਿਉਹਾਰ ਮਨਾਇਆ ਜਾ ਰਿਹਾ ਹੈ ਸਾਨੂੰ ਸਾਰਿਆਂ ਨੂੰ ਸਿੱਖਣ ਦੀ ਲੋੜ ਹੈ ਇਸ ਮੌਕੇ ਵੱਖ ਵੱਖ ਔਰਤਾਂ ਵੱਲੋਂ ਡਾਂਸ ਗਿੱਧਾ ਬੋਲੀਆਂ ਵਿੱਚ ਭਾਗ ਲਿਆ ਗਿਆ ਇਸ ਮੌਕੇ ਸਰਪੰਚ ਮੈਡਮ ਕਵਲਜੀਤ ਕੌਰ ਸੰਧੂ ਵੱਲੋਂ ਭਾਗ ਲੈਣ ਵਾਲੀਆਂ ਜੇਤੂ ਔਰਤਾਂ ਨੂੰ ਇਨਾਮ ਵੀ ਤਕਸੀਮ ਕੀਤੇ ਗਏ ਇਸ ਮੌਕੇ ਅਮਨਦੀਪ ਕੌਰ ਰਜਨੀ ਬਾਲਾ ਪਲਕ ਰਾਜਿੰਦਰ ਕੌਰ ਚੀਮਾ ਸਰਬਜੀਤ ਕੌਰ ਅਮਨ ਬਾਵਾ ਸੁਖਵਿੰਦਰ ਦਿਓਲ ਕਵਲਜੀਤ ਬਾਵਾ ਹਰਜੀਤ ਕੌਰ ਬੇਵੀ ਆਦਿ ਹਾਜਰ ਸਨ।

### ਕਾਂਸੀ ਦਾ ਤਗਮਾ ਜਿੱਤ ਕੇ ਖਿਡਾਰੀ ਗੁਰਜੰਟ ਸਿੰਘ ਦਾ ਹਵਾਈ ਅੱਡਾ ਰੈਸਟੋਰੈਂਟ

# ਜੰਡਿਆਲਾ ਗੁਰੂ ਵਿਖੇ ਪਹੁੰਚਣ ’ਤੇ ਭਰਵਾਂ ਸਵਾਗਤ



**ਜੰਡਿਆਲਾ ਗੁਰੂ, 11 ਅਗਸਤ ( ਕੁਲਵੰਤ ਸਿੰਘ ਵਿਰਦੀ)**-ਅੱਜ ਓਲੰਪਿਕ ਖੇਡਾਂ ਵਿੱਚੋਂ ਕਾਂਸੀ ਦਾ ਤਗਮਾ ਜਿੱਤ ਕੇ ਪੰਜਾਬ ਪਰਤੀ ਭਾਰਤੀ ਹਾਕੀ ਟੀਮ ਦੇ ਖਿਡਾਰੀ ਗੁਰਜੰਟ ਸਿੰਘ ਵੱਲੋਂ ਰੈਸਟੋਰੈਂਟ ਹਵਾਈ ਅੱਡਾ ਜੀ.ਟੀ.ਰੋਡ ਨਜ਼ਦੀਕ ਤਰਨਤਾਰਨ ਬਾਈ ਪਾਸ ਜੰਡਿਆਲਾ ਗੁਰੂ ਵਿਖੇ ਸ਼ਿਰਕਤ ਕੀਤੀ ਗਈ ਇੱਥੇ ਪਹੁੰਚਣ ਤੇ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ, ਬਲਜਿੰਦਰ ਸਿੰਘ ਬਾਵਾ,ਅਤੇ ਰੈਸਟੋਰੈਂਟ ਹਵਾਈ ਅੱਡੇ ਦੇ ਮਾਲਕ ਗੁਰਮੀਤ ਸਿੰਘ ਅਤੇ ਇੱਕਬਾਲ ਸਿੰਘ ਵੱਲੋਂ ਸਿਰੋਪਾਉ ਅਤੇ ਗੁਲਦਸਤਾ ਤੇ ਹਾਰ ਪਾ ਕੇ ਅਤੇ ਢੋਲ ਧਮਾਕੇ ਨਾਲ ਭਰਵਾਂ ਸਵਾਗਤ ਕੀਤਾ ਗਿਆ ਇਸ ਮੌਕੇ ਤੇ ਆਏ ਪਤਵੰਤਿਆਂ ਲਈ ਖਾਣ ਪੀਣ ਦਾ ਖਾਸ ਪ੍ਰਬੰਧ ਕੀਤਾ ਗਿਆ ਇਸ ਮੌਕੇ ਤੇ ਗੁਰਜੰਟ ਸਿੰਘ ਅਤੇ ਉਹਨਾਂ ਦੇ ਪਿਤਾ ਸ੍ਰ ਬਲਦੇਵ ਸਿੰਘ ਮਾਤਾ ਸੁਖਜਿੰਦਰ ਕੌਰ ਭੂਆ ਮਨਜੀਤ ਕੌਰ, ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ, ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਜਾਣੀਆਂ, ਪ੍ਰਗਟ ਸਿੰਘ ਘਣਗਸ ਜੰਡਿਆਲਾ ਗੁਰੂ, ਤੇਜਿੰਦਰ ਸਿੰਘ ਚੰਦੀ, ਸਤਨਾਮ ਸਿੰਘ ਜੰਡਿਆਲਾ ਗੁਰੂ, ਐਡਵੋਕੇਟ ਬਾਬਾ ਮਹਿੰਦਰ ਸਿੰਘ, ਬਾਬਾ ਸੁਖਦੇਵ ਸਿੰਘ ਚੌਹਾਨ,ਕਰਨ ਸਿੰਘ ਖੇਲਾ,ਦਿਲਬਾਗ ਸਿੰਘ ਦੇਵੀਦਾਸਪੁਰਾ,ਹਰਜਿੰਦਰ ਸਿੰਘ ਮਹਿੰਦਰ ਸਿੰਘ,ਰਸ਼ਪਾਲ ਸਿੰਘ, ਤਰਸੇਮ ਸਿੰਘ ਗੁੱਨੋਵਾਲ, ਲੱਖਾ ਸਿੰਘ ਗੱਦਲੀ, ਮਨਜੀਤ ਸਿੰਘ ਚੀਮਾਂ ਬਾਠ, ਅਤਿੰਦਰਪਾਲ ਸਿੰਘ, ਜਗਰੂਪ ਸਿੰਘ ਰੂਬੀ ਥਾਣਾ ਜੰਡਿਆਲਾ ਗੁਰੂ ਦੇ ਐਸ ਐਚ ਓ ਸ੍ਰ ਮੁਖਤਿਆਰ ਸਿੰਘ ਉਹਨਾਂ ਦੇ ਨਾਲ਼ ਪੁਲਿਸ ਟੀਮ ਅਤੇ ਹੋਰ ਵੀ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ।

### ਦਿੱਖ ਤੋਂ ਸਿੰਘ ਲੱਗਣ ਵਾਲਾ ਪਸ਼ੂ ਬਿਰਤੀ ਵਿੱਕੀ ਥੋਮਸ ਘਰੇ ਬੁਲਾ ਕੇ ਸ਼ਰਧਾ ’ਚ ਪ੍ਰਸ਼ਾਦੇ ਛਕਾਉਣ ਵਾਲੇ ਨੂੰ ਕਹਿੰਦਾ ਹੈ ਕਿ ਮੈਨੂੰ ਘਾਹ ਫੂਸ ਖਵਾ ਤਾ

# ਮੱਛੀ ਅਤੇ ਜੰਗਲੀ ਸੂਰ ਦਾ ਹੈ ਸ਼ੌਕੀਨ



## ਵਿਚਾਰ ਆਪੋ-ਆਪਣਾ

ਸਿਰ ਤੇ ਦੁਮਾਲਾ ਸਜਾ ਕੇ, ਅੰਮ੍ਰਿਤ ਛਕ ਕੇ ਸੜਕਾਂ ਤੇ ਬਹਿ ਕੇ ਮੱਛੀ ਖਾਵੇ, ਵੀਡੀਓ ਬਣਾਉਣ ਵਾਲੇ ਦੇ ਗਲ ਪਵੇ । ਜਦੋਂ ਇਹ ਸਵਾਲ ਪੁੱਛਿਆ ਜਾਂਦਾ ਹੈ ਤਾਂ ਵਿੱਕੀ ਥੋਮਸ ਕਹਿੰਦਾ ਹੈ ਕਿ ਸਿੰਘ ਖਾ ਸਕਦੇ ਹਨ । ਵਿੱਕੀ ਥਾਮਸ ਦੀ ਇਹ ਗੱਲ ਸਿਰਫ ਜੀਵ ਦੇ ਸਵਾਦ ਲਈ ਕਹੀ ਪ੍ਰਤੀਤ ਹੁੰਦੀ ਹੈ ਕਿਉਂਕਿ ਜਦੋਂ ਮੱਛੀ ਫੜੀ ਜਾਂਦੀ ਹੈ ਉਸਦੀ ਮੌਤ ਤਾਂ ਪਾਣੀ ਵਿੱਚੋਂ ਕੱਢਣ ਸਾਰ ਹੀ ਹੋ ਜਾਂਦੀ ਹੈ । ਫਿਰ ਸਵਾਲ ਕਰਨ ਵਾਲਾ ਹੋਵੇ ਕੀ ਮੱਛੀ ਕਿਹੜੇ ਝਟਕੇ ਦੀ ਮਰਿਆਦਾ ਵਿੱਚ ਆਉਂਦੀ ਹੈ ? ਜੀਵ ਦੇ ਸਵਾਦ ਲਈ ਸੱਚੇ ਸੁੱਚੇ ਨਹਿੰਗ ਸਿੰਘਾਂ ਦੀ ਮਰਿਆਦਾ ਦਾ ਹਵਾਲਾ ਦਿੰਦਾ ਹੈ ਵਿੱਕੀ ਥੋਮਸ । ਇਸ ਕਰਤੂਤ ਲਈ 14 ਅਪ੍ਰੈਲ ਨੂੰ ਮੇਰੇ ਨਾਲ ਹੋਈ ਇੰਟਰਵਿਊ ਦੇ ਵਿੱਚ ਸਮੁੱਚਤਾ ਵਿੱਚ ਸੰਗਤ ਤੋਂ ਵੀ ਮਾਫੀ ਮੰਗ ਚੁੱਕਾ ਹੈ ਵਿੱਕੀ ਥੋਮਸ ।

ਪਰ ਇੱਕ ਕਹਾਵਤ ਹੈ ਨਾ

**ਬਾਰਿਸ਼ ਸਾਹ ਨਾ ਆਦਤਾਂ ਜਾਂਦੀਆਂ ਨੇ**
**ਭਾਵੇਂ ਕੱਟੀਏ ਪੋਰੀਆਂ ਪੋਰੀਆਂ ਨੀ ।**

ਉਸ ਤੋਂ ਬਾਅਦ ਵੀ ਵਿੱਕੀ ਥੋਮਸ ਦੀ ਮਾਨਸਿਕਤਾ ਦੇ ਵਿੱਚ ਕੋਈ ਖਾਸ ਫਰਕ ਨਜ਼ਰ ਨਹੀਂ ਆਇਆ । ਹੁਣ ਵੀ ਪੰਜਾਬ ਦੇ ਢਾਬਿਆਂ ਤੇ ਬਹਿ ਕੇ ਅਕਸਰ ਹੀ ਮੀਟ ਖਾਂਦਾ ਦੇਖਿਆ ਜਾ ਸਕਦਾ ਹੈ । ਪੁੱਛਣ ਵਾਲਾ ਹੋਵੇ ਢਾਬਿਆਂ ਤੇ ਕਿਹੜੀ ਝਟਕੇ ਦੀ ਮਰਿਆਦਾ ਲਾਗੂ ਹੁੰਦੀ ਐ ?

ਵਿੱਕੀ ਥੋਮਸ ਦਾ ਮੇਰੇ ਨਾਲ ਇੰਟਰਵਿਊ ਹੋਣ ਤੋਂ ਬਾਅਦ ਇੱਕ ਦਿਨ ਸਾਡੇ ਦੋਵਾਂ ਦੇ ਵਿਚਕਾਰਲੇ ਦੋਸਤ ਦਾ ਮੈਨੂੰ ਫੋਨ ਆਇਆ ਕਿ ਅਸੀਂ ਆ ਰਹੇ ਹਾਂ ਪ੍ਰਸ਼ਾਦਾ ਛਕਣਾ । ਮੈਂ ਕਿਹਾ ਜੀ, ਜੀ ਆਇਆਂ ਨੂੰ ।

ਪਰਿਵਾਰ ਨੇ ਆਪਣੇ ਹੱਥੀ ਜਿਸ ਤਰ੍ਹਾਂ ਦਾ ਵੀ ਘਰੇ ਹੈਗਾ ਸੀ ਰੁੱਖਾਂ ਮਿੱਸਾ ਪ੍ਰਸ਼ਾਦਾ ਤਿਆਰ ਕੀਤਾ । ਐਡਾ ਨਾ ਸ਼ੁਕਰਾ ਬੰਦਾ ਵਿੱਕੀ ਥੋਮਸ ਮੇਰੇ ਪਰਿਵਾਰ ਨੂੰ ਪ੍ਰਸ਼ਾਦਾ ਛਕਣ ਤੋਂ ਬਾਅਦ ਜਾਂਦੇ ਹੋਏ ਇਹ ਕਹਿ ਕੇ ਗਿਆ ਕਿ ਤੁਸੀਂ ਮੈਨੂੰ ਘਾ ਫੂਸ ਖਵਾ ਤਾ । ਭਰਾਵਾ ਅਸੀਂ ਖੁਦ ਮੀਟ ਖਾਂਦੇ ਨਹੀਂ ਤੈਨੂੰ ਕਿਉਂ ਖਵਾਈਏ ? ਇੱਥੇ ਹੀ ਬੱਸ ਨਹੀਂ ਜਦੋਂ ਹੁਣ ਕਿਤੇ ਵੀ ਆਪਣੇ ਦੋਸਤ ਮਿੱਤਰਾਂ ਦੇ ਵਿੱਚ ਮਹਿਫਿਲ ਦੇ ਵਿੱਚ ਬੈਠਦਾ ਹੈ ਤੇ ਉੱਥੇ ਵੀ ਵਾਰ-ਵਾਰ ਇਹਨਾਂ ਗੱਲਾਂ ਦਾ ਜ਼ਿਕਰ ਕਰਦਾ ਹੈ ਕਿ ਮੈਂ ਪਰਗਟ ਸਿੰਘ ਦੇ ਘਰ ਗਿਆ ਸੀ ਤੇ ਪਰਗਟ ਸਿੰਘ ਦੇ ਪਰਿਵਾਰ ਨੇ ਮੈਨੂੰ ਘਾ ਫੂਸ ਖਵਾ ਤਾ । ਆਹ ਹਰਕਤਾਂ ਕਰਕੇ ਹੁਣ ਇਹ ਦੱਸੋ ਕਿ ਇਹਨੂੰ ਕਿਉਂ ਨਾ ਕਿਹਾ ਜਾਵੇ ਪਸੂ ਬਿਰਤੀ ਬੰਦਾ ? ਢਾਬਿਆਂ ਤੇ ਮਾਸ ਖਾ ਕੇ ਦਿਮਾਗ ਮੋਟਾ ਹੋ ਗਿਆ ।

ਸਿੱਖ ਨੌਜਵਾਨੀ ਨੂੰ ਗਲਤ ਸੰਦੇਸ਼ ਜਾ ਰਿਹਾ ਹੈ ਵਿੱਕੀ ਥੋਮਸ ਦੀਆਂ ਇਹਨਾਂ ਹਰਕਤਾਂ ਕਰਕੇ

ਸੜਕਾਂ , ਢਾਬਿਆਂ ਤੇ ਬੈਠ ਕੇ ਮੀਟ ਖਾਣ ਵਾਲੀਆਂ ਹਰਕਤਾਂ ਜਦੋਂ ਸਿੱਖ ਨੌਜਵਾਨ ਦੇਖਦੇ ਹੋਣਗੇ । ਤਾਂ ਉਹਨਾਂ ਦੇ ਮਨ ਦੇ ਵਿੱਚ ਕੀ ਛਵੀ ਬਣਦੀ ਹੋਵੇਗੀ ਦਿੱਖ ਤੋਂ ਸਿੰਘ ਦਿਖਣ ਵਾਲੇ ਵਿੱਕੀ ਥੋਮਸ ਤੇ ਇਸ ਦੀ ਨਲਾਇਕੀ ਕਰਕੇ ਬਾਕੀ ਸਿੰਘਾਂ ਬਾਰੇ ? ਜਦੋਂ ਨੋਨ ਸਿੱਖ ਵਿੱਕੀ ਥੋਮਸ ਦੀਆ ਇਹਨਾਂ ਹਰਕਤਾਂ ਦੇਖਦੇ ਹੋਣਗੇ ਤਾਂ ਉਹਨਾਂ ਦੇ ਮਨਾਂ ਦੇ ਵਿੱਚ ਸਿੱਖਾਂ ਪ੍ਰਤੀ ਕੀ ਛਵੀ ਬਣਦੀ ਹੋਏਗੀ ? ਇਹ ਬਹੁਤ ਹੀ ਗੰਭੀਰ ਤੇ ਵਿਚਾਰਨ ਯੋਗ ਗੱਲ ਹੈ । ਵਿੱਕੀ ਥੋਮਸ ਦੀਆਂ ਇਹਨਾਂ ਹਰਕਤਾਂ ਕਰਕੇ ਪੂਰੀ ਸਿੱਖ ਕੌਮ ਬਦਨਾਮ ਹੋ ਰਹੀ ਹੈ ।

ਆਖਰ ਵਿੱਕੀ ਥੋਮਸ ਨੂੰ ਸੋਸ਼ਲ ਮੀਡੀਆ ਦੇ ਕਮੈਂਟਾਂ ਚ ਲੋਕ ਸਰਕਾਰੀ ਸੰਦ ਕਿਉਂ ਕਹਿੰਦੇ ਹਨ ?

ਵਿੱਕੀ ਥੋਮਸ ਦੀ ਬੀਜੇਪੀ ਦੇ ਬੜੇ ਨੇਤਾਵਾਂ ਨਾਲ ਨੇੜਤਾ ਉਸ ਦੇ ਨਿੱਜੀ ਸੋਸ਼ਲ ਮੀਡੀਆ ਅਕਾਊਂਟ ਤੇ ਦੇਖੀ ਜਾ ਸਕਦੀ ਹੈ । ਸੂਤਰਾਂ ਮੁਤਾਬਕ ਇਹ ਵੀ ਜਾਣਕਾਰੀ ਮਿਲਦੀ ਹੈ ਕਿ ਵਿੱਕੀ ਥੋਮਸ ਤੇ ਪੰਜਾਬ ਵਿੱਚ ਤਿੰਨ ਮੁਕਦਮੇ ਦਰਜ ਹਨ । ਜਿਨਾਂ ਨੂੰ ਖਾਰਜ ਕਰਾਉਣ ਲਈ ਬੀਜੇਪੀ ਦੇ ਨੇਤਾਵਾਂ ਦੀਆਂ ਲਿਲਕੜੀਆਂ ਕੱਡਦਾ ਫਿਰਦਾ ਹੈ । ਚਲੋ ਆਪਾਂ ਇਹ ਵੀ ਮੰਨ ਲਈਏ ਕਿ ਕਿਸੇ ਖਾਸ ਮੁੱਦੇ ਲਈ ਮੁਲਾਕਾਤ ਕਰਨ ਲਈ ਗਿਆ ਹੋਵੇਂਗਾ । ਇਨਾ ਮਸਲਿਆਂ ਤੇ ਜੇ ਪੰਜਾਬ ਦੀ ਤਸੀਰ ਦੀ ਗੱਲ ਕਰੀਏ ਤਾਂ ਕਿਸਾਨ ਅੰਦੋਲਨ ਵੇਲੇ ਜਦੋਂ ਕਿਸਾਨ ਜਥੇਬੰਦੀਆਂ ਬੀਜੇਪੀ ਦੇ ਲੀਡਰਾਂ ਨਾਲ ਮੀਟਿੰਗ ਕਰਨ ਵੇਲੇ ਰੋਟੀ ਪਾਣੀ ਬੀਜੇਪੀ ਦਾ ਛੱਕ ਕੇ ਵਾਪਸ ਧਰਨੇ ਤੇ ਆ ਗਏ ਸਨ । ਤਾਂ ਦੀਪ ਸਿੱਧੂ ਨੇ ਕਿਹਾ ਸੀ ਕਿ ਤੁਸੀਂ ਉਹਨਾਂ ਦੀ ਰੋਟੀ ਕਿਉਂ ਖਾ ਕੇ ਆਏ ਹੋ ? ਆਪਣੀ ਰੋਟੀ ਨਾਲ ਕਿਉਂ ਨਹੀਂ ਲੈ ਕੇ ਗਏ । ਪੰਜਾਬ ਦੀ ਤਸੀਰ ਤੇ ਸੁਭਾਅ ਤਾਂ ਇਸ ਤਰ੍ਹਾਂ ਦਾ ਹੈ । ਜਦੋਂ ਵੀ ਵਿੱਕੀ ਥੋਮਸ ਨਾਲ ਨਿਜੀ ਵਿਚਾਰ ਕਰਨ ਦਾ ਮੌਕਾ ਮਿਲਿਆ ਤਾਂ ਟਾਰਗੇਟ ਤੇ ਸਿੱਧੇ ਤੌਰ ਤੇ ਪੰਜ ਤਖਤਾਂ ਦੇ ਜਥੇਦਾਰ ਸਾਹਿਬਾਨਾਂ ਨੂੰ ਰੱਖਦਾ ਹੈ । ਪਰ ਜੇ ਵਿੱਕੀ ਥੋਮਸ ਦੀ ਮਾਨਸਿਕਤਾ ਦੀ ਗੱਲ ਕਰਦੇ ਹਾਂ , ਜਾਂ ਉਸ ਦੇ ਕਿਰਦਾਰ , ਜਾਂ ਉਸ ਦੇ ਸਿੱਖੀ ਜੀਵਨ ਦੀ ਉਹ ਤਾਂ ਕਿਸੇ ਆਮ ਮੇਰੇ ਵਰਗੇ ਸਿੱਖ ਨਾਲ ਵਿਚਾਰ ਕਰਨ ਦੇ ਲਾਇਕ ਵੀ ਨਹੀਂ ਹੈ । ਉੱਚੀ ਉੱਚੀ ਚੀਕ ਕੇ ਬੋਲਣ ਤੋਂ ਸਿਵਾਏ ਹੋਰ ਕੋਈ ਗੱਲ ਨਹੀਂ ਕਰਨੀ ਆਉਂਦੀ । ਬਾਣੀ ਪੜ੍ਹਾ ਜਾਂ ਇਤਿਹਾਸ ਪੜਨਾ ਤਾਂ ਦੂਰ ਦੀ ਗੱਲ ।

ਲੋਕ ਸਭਾ ਵੋਟਾਂ ਤੋਂ ਪਹਿਲਾਂ ਮੈਂ ਨਿੱਜੀ ਤੌਰ ਤੇ ਕਈ ਵਾਰੀ ਕਿਹਾ ਕਿ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਦੇ ਹੱਕ ਦੇ ਵਿੱਚ ਕੋਈ ਵੀਡੀਓ ਪਾ ਦਿਓ । ਪਰ ਉਸ ਵੇਲੇ ਕਿਸੇ ਵੀ ਤਰ੍ਹਾਂ ਦਾ ਇੱਛਾ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਸਪੋਰਟ ਕਰਨ ਦੀ ਨਹੀਂ ਦਿਖਾਈ । ਸਗੋਂ ਇਹ ਕਹਿੰਦਾ ਸੀਗਾ ਕਿ ਪਹਿਲਾਂ ਮੇਰੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਮਾਤਾ ਨਾਲ ਮੁਲਾਕਾਤ ਕਰਵਾਓ । ਜਦੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਰਿਵਾਰ ਨਾਲ ਲੋਕ ਸਭਾ ਵੋਟਾਂ ਤੋਂ ਪਹਿਲਾਂ ਵਿੱਕੀ ਥੋਮਸ ਨਾਲ ਮੁਲਾਕਾਤ ਦੀ ਗੱਲ ਕੀਤੀ ਗਈ । ਤਾਂ ਉਹਨਾਂ ਦੇ ਪਰਿਵਾਰ ਨੇ ਸਿੱਧੇ ਤੌਰ ਤੇ ਇਹ ਕਹਿ ਕੇ ਮਨਾ ਕਰ ਦਿੱਤਾ ਸੀ ਕਿ ਸਾਡੇ ਨਾਲ ਖੜੀ ਸੰਗਤ ਨਾਰਾਜ਼ ਹੋਵੇਗੀ । ਹੁਣ ਜਿੱਤਣ ਤੋਂ ਬਾਅਦ ਵੱਡੇ ਵੱਡੇ ਚੈਨਲਾਂ ਤੇ ਐਵੇਂ ਇੰਟਰਵਿਊ ਦਿੰਦਾ ਹੈ ਜਿਵੇਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਜਿੱਤ ਹੀ ਵਿੱਕੀ ਥੋਮਸ ਕਰਕੇ ਹੋਈ ਹੋਵੇ ।

ਇਸ ਤਰ੍ਹਾਂ ਦੇ ਬਹਿਰੂਪੀਏ ਤੋਂ ਸਮੂਹ ਸੰਗਤ ਨੂੰ ਸੁਚੇਤ ਰਹਿਣ ਦੀ ਲੋੜ ਹੈ ।

**-ਪਰਗਟ ਸਿੰਘ ਬਲ਼ਬੇੜ੍ਹਾ, 9815131870**

### ਸਰਾਂ ਰੋਡ ਤੇ ਬਣੇ ਫਲਾਈ ਓਵਰ ਦੇ ਥੱਲੇ ਅਤੇ ਸੜਕ ਵਿਚਕਾਰ ਖੜ੍ਹਾ ਗੰਦਾ ਪਾਣੀ ਰਾਹਗੀਰਾਂ ਲਈ ਬਣਿਆ ਮੁਸੀਬਤ ਦੇ ਰਿਹਾ ਬਿਮਾਰੀਆਂ ਨੂੰ ਸੱਦਾ





**ਜੰਡਿਆਲਾ ਗੁਰੂ, 11 ਅਗਸਤ ( ਕੁਲਵੰਤ ਸਿੰਘ ਵਿਰਦੀ)**-ਜੀ. ਟੀ. ਰੋਡ ਅੱਡਾ ਸਰਾਂ ਜੰਡਿਆਲਾ ਗੁਰੂ ਪੁੱਲ ਦੇ ਦੋਵੇਂ ਪਾਸੇ ਸੜਕ ਤੇ ਮੀਂਹ ਅਤੇ ਗੰਦੇ ਨਾਲੇ ਦਾ ਪਾਣੀ ਖੜ੍ਹਾ ਹੋਣ ਕਾਰਨ ਪੁਲ ਥੱਲੇ ਬਣਿਆਂ ਰਾਹਗੀਰਾਂ ਅਤੇ ਆਉਣ ਜਾਣ ਵਾਲੇ ਮੁਸਾਫ਼ਰਾਂ ਨੂੰ ਮੁਸੀਬਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਨਾਲ ਹੀ ਮੀਂਹ ਵਿੱਚ ਖੜ੍ਹੇ ਹੋਣ ਲਈ ਲੋਕਾਂ ਵਾਸਤੇ ਕੋਈ ਜਗ੍ਹਾ ਨਹੀਂ ਹੈ ਨਾ ਕੋਈ ਪਾਣੀ ਦਾ ਨਿਕਾਸ ਨਾ ਕੋਈ ਮੁਸਾਫ਼ਰਾਂ ਵਾਸਤੇ ਵਾਸ਼ ਰੂਮ ਅਤੇ ਨਾ ਹੀ ਕੋਈ ਪਾਣੀ ਪੀਣ ਦਾ ਕੋਈ ਪ੍ਰਬੰਧ ਹੈ ਜੰਡਿਆਲਾ ਗੁਰੂ ਤੋਂ ਜਲੰਧਰ ਨੂੰ ਜਾਣ ਵਾਲੀ ਸਵਾਰੀ ਨੂੰ ਪੁਲ ਦੇ ਥੱਲੇਉ ਲੱਗਣ ਵਾਲੇ ਲੋਕਾਂ ਨੂੰ ਰਿਕਸ਼ੇ ਵਾਲੇ ਨੂੰ 10 ਰੁਪਏ ਦੇ ਕੇ ਸਵਾਰੀ ਨੂੰ ਪੁਲ ਪਾਰ ਕਰਨਾ ਪੈ ਰਿਹਾ ਹੈ ਅਸੀਂ ਇਸ ਸਰਾਂ ਅੱਡੇ ਦੇ ਲੋਕਾਂ ਅਤੇ ਜੰਡਿਆਲਾ ਗੁਰੂ ਸ਼ਹਿਰ ਦੇ ਵਾਸੀ ਅਤੇ ਇਲਾਕੇ ਦੇ ਲੋਕ ਇਸ ਅੱਡੇ ਤੋਂ ਬੱਸਾਂ ਤੇ ਰੋਜ਼ਾਨਾ ਸਫ਼ਰ ਕਰਦੇ ਹਨ ਜੰਡਿਆਲਾ ਗੁਰੂ ਸ਼ਹਿਰ ਦੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਅਤੇ ਪ੍ਰਸ਼ਾਸਨ ਕੋਲੋਂ ਲੋਕਾਂ ਦੀ ਇਹ ਪੂਰਜੋਰ ਮੰਗ ਹੈ ਕਿ ਜੀ.ਟੀ.ਰੋਡ ਅੱਡਾ ਸਰਾਂ ਵੱਲ ਵੀ ਧਿਆਨ ਦਿੱਤਾ ਜਾਵੇ ਅਤੇ ਇਸ ਦਾ ਜਲਦੀ ਕੋਈ ਹੱਲ ਸੋਚਿਆ ਜਾਵੇ ਇਥੇ ਇਹ ਗੱਲ ਦੱਸਣਯੋਗ ਹੈ ਕਿ ਪਿੰਡਾਂ ਦੇ ਬੱਚੇ ਰੋਜ਼ਾਨਾ ਜੰਡਿਆਲਾ ਗੁਰੂ ਸ਼ਹਿਰ ਦੇ ਸਕੂਲਾਂ ਵਿੱਚ ਪੜ੍ਹਾਈ ਲਈ ਆਉਂਦੇ ਹਨ ਜੰਡਿਆਲਾ ਗੁਰੂ ਦੇ ਕਾਲਜਾਂ ਵਿੱਚ ਜਾਣ ਵਾਲਿਆਂ ਵਿਦਿਆਰਥੀਆਂ ਅਤੇ ਨੌਕਰੀ ਤੇ ਜਾਣ ਵਾਲਿਆਂ ਨੂੰ ਬੜੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਹ ਸੜਕ ਅਤੇ ਪੁਲ ਥੱਲੇ ਖੜ੍ਹਾ ਗੰਦਾ ਪਾਣੀ ਭਿਆਨਕ ਬਿਮਾਰੀਆਂ ਨੂੰ ਵੀ ਸੱਦਾ ਦੇ ਰਿਹਾ ਹੈ।

### 94 ਲੱਖ ਨਾਲ ਮਾਰਕੀਟ ਕਮੇਟੀ ਦੀ ਬਿਲਡਿੰਗ ਬਣਾਉਣ ਤੇ ਮੰਤਰੀ ਈ.ਟੀ.ਓ. ਦਾ ਕੀਤਾ ਧੰਨਵਾਦ



**ਚੌਕ ਮਹਿਤਾ, 12 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਜੰਡਿਆਲਾ ਗੁਰੂ ਅੰਦਰ ਚੱਲ ਰਹੇ ਵਿਕਾਸ ਨੂੰ ਲੈ ਕੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ ਦੀ ਪ੍ਰਧਾਨਗੀ ਵਿਚ ’ਆਪ’ ਆਗੂਆਂ ਵੱਲੋ ਅੱਜ ਇਥੇ ਮਾਰਕੀਟ ਕਮੇਟੀ ਮਹਿਤਾ ਦੇ ਦਫਤਰ ਵਿਖ਼ੇ ਇਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਬਲਾਕ ਪ੍ਰਧਾਨ ਅਜੈ ਗਾਂਧੀ, ਬਲਾਕ ਪ੍ਰਧਾਨ ਜਰਮਨ ਉਦੋਨੰਗਲ ਅਤੇ ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ ਮੌਜੂਦ ਸਨ। ਇਸ ਦੌਰਾਨ ਉਕਤ ਆਗੂਆਂ ਨੇ ਦੱਸਿਆ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਦੀ ਅਗਵਾਈ ਵਿਚ ਹਲਕੇ ਦੇ ਹਰ ਪਿੰਡ ਅੰਦਰ ਤੇਜ ਰਫਤਾਰ ਨਾਲ ਡਿਵੈਲਪਮੈਂਟ ਦੇ ਕੰਮ ਸ਼ੁਰੂ ਹੋਏ ਹਨ, ਅਤੇ ਇਹ ਕੰਮ ਸਮਾਂਬੰਧ ਤਰੀਕੇ ਨਾਲ ਮੁਕੰਮਲ ਵੀ ਕਿਤੇ ਜਾ ਰਹੇ ਹਨ। ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ ਅਤੇ ਸਾਥੀ ਆਗੂਆਂ ਨੇ ਮਾਰਕੀਟ ਕਮੇਟੀ ਮਹਿਤਾ ਦੀ ਨਵੀਂ ਬਿਲਡਿੰਗ ਬਣਾਉਣ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਦਾ ਵਿਸ਼ੇਸ਼ ਧੰਨਵਾਦ ਕੀਤਾ, ਉਨ੍ਹਾਂ ਦੱਸਿਆ ਕਿ ਪੁਰਾਣੀ ਬਿਲਡਿੰਗ ਦੀ ਮਿਆਦ ਪੁੱਗ ਜਾਣ ਕਾਰਨ ਇਥੇ ਨਵੀਂ ਬਿਲਡਿੰਗ ਦੀ ਖਾਸ ਜਰੂਰਤ ਸੀ, ਆਖਿਰਕਾਰ ਦਹਾਕਿਆਂ ਪੁਰਾਣੀ ਇਸ ਨੂੰ ਮਾਨਯੋਗ ਮੰਤਰੀ ਈ. ਟੀ. ਓ. ਸਾਹਿਬ ਦੇ ਵੱਲੋਂ ਪੂਰਾ ਕੀਤਾ ਗਿਆ ਅਤੇ 94 ਲੱਖ ਰੁਪਏ ਦੀ ਲਾਗਤ ਨਾਲ ਅੱਜ ਮਾਰਕੀਟ ਕਮੇਟੀ ਮਹਿਤਾ ਦੀ ਨਵੀਂ ਬਿਲਡਿੰਗ ਬਣ ਕੇ ਤਿਆਰ ਹੋ ਚੁੱਕੀ ਹੈ। ਚੇਅਰਮੈਨ ਰੰਧਾਵਾ ਨੇ ਆਖਿਆ ਕਿ ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਕੰਮ, ਲਿੰਕ ਸ਼ੜਕਾਂ, ਪਿੰਡਾਂ ਦੀਆਂ ਗਲੀਆਂ-ਨਾਲੀਆਂ, ਡਿਸਪੈਂਸਰੀਆ, ਡਰੇਨਾ ਦੇ ਪੁਲਾਂ ਦੀ ਮੁੜ ਉਸਾਰੀ ਦਾ ਕੰਮ ਬੜੀ ਤੇਜੀ ਨਾਲ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਦੇ ਅੰਦਰ ’ਆਪ’ ਸਰਕਾਰ ਵਿਕਾਸ ਪੱਖੋਂ ਪੰਜਾਬ ਦੀ ਨੁਹਾਰ ਬਦਲ ਦੇਵੇਗੀ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ : +447458381111 +447976210161 +919729091243

### ਉਲੰਪਿਕ ਖੇਡਾਂ ਵਿਚ ਕਾਂਸੀ ਦਾ ਤਗਮਾ ਜੇਤੂ ਭਾਰਤੀ ਹਾਕੀ ਟੀਮ ਦਾ ਖਿਡਾਰੀ

# ਗੁਰਜੰਟ ਸਿੰਘ ਆਪਣੇ ਪਿੰਡ ਖਲੈਹਿਰਾ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ





**ਜੰਡਿਆਲਾ ਗੁਰੂ, 12 ਅਗਸਤ ( ਕੁਲਵੰਤ ਸਿੰਘ ਵਿਰਦੀ)**-ਉਲੰਪਿਕ ਖੇਡਾਂ ਵਿਚ ਕਾਂਸੀ ਦਾ ਤਗਮਾ ਜੇਤੂ ਭਾਰਤੀ ਹਾਕੀ ਟੀਮ ਦੇ ਖਿਡਾਰੀ ਗੁਰਜੰਟ ਸਿੰਘ ਦਾ ਜਿੱਤਣ ਉਪਰੰਤ ਆਪਣੇ ਪਿੰਡ ਖਲੈਹਰਾ ਨਜ਼ਦੀਕ ਜੰਡਿਆਲਾ ਗੁਰੂ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਪਹੁੰਚਣ 'ਤੇ ਪਿੰਡ ਤੇ ਇਲਾਕਾ ਨਿਵਾਸੀਆਂ ਵੱਲੋਂ ਆਤਿਸਬਾਜੀ ਚਲਾ ਕੇ ਸ਼ਾਨਦਾਰ ਸਵਾਗਤ ਕੀਤਾ ਗਿਆ ਇਸ ਤੋਂ ਪਹਿਲਾਂ ਹਵਾਈ ਅੱਡਾ ਰੈਸਟੋਰੈਂਟ ਨਜ਼ਦੀਕ ਤਰਨਤਾਰਨ ਬਾਈਪਾਸ ਜੀ.ਟੀ.ਰੋਡ .ਜੰਡਿਆਲਾ ਗੁਰੂ ਰੈਸਟੋਰੈਂਟ ਦੇ ਮਾਲਕ ਸ੍ਰ ਇਕਬਾਲ ਸਿੰਘ ਸੰਧੂ ਅਤੇ ਗੁਰਮੀਤ ਸਿੰਘ ਕਲੇਰ ਤੇ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ, ਬੀਜੇਪੀ ਦੇ ਓਬੀਸੀ ਮੋਰਚਾ ਪੰਜਾਬ ਦੇ ਸੈਕਟਰੀ ਤੇਜਿੰਦਰ ਸਿੰਘ ਚੰਦੀ, ਬਲਜਿੰਦਰ ਸਿੰਘ ਬਾਵਾ ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਜਾਣੀਆਂ, ਜਗਰੂਪ ਸਿੰਘ ਤਲਵੰਡੀ ਡੋਗਰਾਂ, ਐਡਵੋਕੇਟ ਕਰਨ ਸਿੰਘ ਖੇਲਾ, ਬਾਬਾ ਸੁਖਦੇਵ ਸਿੰਘ ਚੌਹਾਨ , ਪ੍ਰਗਟ ਸਿੰਘ ਘਣਗਸ ਅਤੇ ਹੋਰਾਂ ਨੇ ਖਿਡਾਰੀ ਗੁਰਜੰਟ ਸਿੰਘ ਨੂੰ ਸਿਰੋਪਾਓ ਤੇ ਹਾਰ ਪਾ ਕੇ ਅਤੇ ਗੁਲਦਸਤਾ ਦੇ ਕੇ ਨਿੱਘਾ ਸਵਾਗਤ ਕੀਤਾ ਖਿਡਾਰੀ ਗੁਰਜੰਟ ਸਿੰਘ ਜਦੋਂ ਆਪਣੇ ਘਰ ਦੇ ਬਾਹਰ ਕਾਰ 'ਚੋ ਉੱਤਰਿਆ ਤਾਂ ਸਭ ਤੋਂ ਪਹਿਲਾਂ ਆਪਣੀ ਮਾਤਾ ਸੁਖਵਿੰਦਰ ਕੌਰ ਜੀ ਅਤੇ ਪਿਤਾ ਬਲਦੇਵ ਸਿੰਘ ਜੀ ਤੇ ਭੂਆ ਮਨਜੀਤ ਕੌਰ ਦੇ ਪੈਰੀਂ ਹੱਥ ਲਗਾ ਕੇ ਆਸ਼ੀਰਵਾਦ ਲਿਆ ਖਿਡਾਰੀ ਗੁਰਜੰਟ ਸਿੰਘ ਨੇ ਜਿੱਤਿਆ ਹੋਇਆ ਮੈਡਲ ਆਪਣੀ ਮਾਤਾ ਸੁਖਵਿੰਦਰ ਕੌਰ ਜੀ ਦੇ ਗਲ ਵਿਚ ਪਾ ਦਿੱਤਾ ਮਾਤਾ ਸੁਖਵਿੰਦਰ ਕੌਰ ਆਪਣੇ ਗਲ ਨਾਲ ਲਗਾ ਲਿਆ ਮਾਂ ਨੇ ਮੈਡਲ ਨੂੰ ਚੁੰਮਦਿਆਂ ਹੋਇਆਂ ਆਪਣੇ ਪੁੱਤਰ ਗੁਰਜੰਟ ਸਿੰਘ ਦੇ ਮੱਥੇ ਨੂੰ ਚੁੰਮਿਆ ਤੇ ਆਸ਼ੀਰਵਾਦ ਦਿੱਤਾ ਇਸ ਮੌਕੇ ਤੇ ਢੋਲ ਤੇ ਡੱਗੇ ਤੇ ਭੰਗੜੇ ਪੈਣੇ ਸ਼ੁਰੂ ਹੋ ਗਏ ਇਸ ਮੌਕੇ ਤੇ ਪਰਿਵਾਰਕ ਮੈਂਬਰਾਂ ਰਿਸ਼ਤੇਦਾਰਾਂ ਅਤੇ ਪਿੰਡ ਵਾਸੀਆਂ ਅਤੇ ਖਿਡਾਰੀ ਗੁਰਜੰਟ ਸਿੰਘ ਨੇ ਵੀ ਭੰਗੜਾ ਪਾ ਕੇ ਆਤਸ਼ਬਾਜ਼ੀ ਚਲਾ ਕੇ ਖੁਸ਼ੀ ਮਨਾਈ ਇਸ ਮੌਕੇ ਉਲੰਪੀਅਨ ਗੁਰਜੰਟ ਸਿੰਘ ਨੇ ਕਿਹਾ ਕਿ ਪਿਛਲੀਆ ਉਲੰਪਿਕ ਖੇਡਾਂ ਵਿਚ ਕਾਂਸੀ ਦਾ ਤਗਮਾ ਜਿੱਤਣ ਤੋਂ ਬਾਅਦ ਉਹਨਾਂ ਦਾ ਹੋਰ ਵੀ ਉਤਸ਼ਾਹ ਵਧਿਆ ਤੇ ਉਹਨਾਂ ਦੀ ਸਾਰੀ ਹਾਕੀ ਟੀਮ ਨੇ ਹੋਰ ਵੀ ਮਿਹਨਤ ਕੀਤੀ ਇਸ ਮੌਕੇ ਤੇ ਖਿਡਾਰੀ ਗੁਰਜੰਟ ਸਿੰਘ ਨੇ ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿਚ ਵੀ ਵੱਧ ਚੜ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਇਸ ਸਮੇਂ ਗੁਰਜੰਟ ਸਿੰਘ ਦੇ ਬਲਦੇਵ ਸਿੰਘ ਖਲੈਹਿਰਾ ਅਤੇ ਮਾਤਾ ਸੁਖਵਿੰਦਰ ਕੌਰ ਨੇ ਕਿਹਾ ਕਿ ਉਹਨਾਂ ਨੂੰ ਅਪਣੇ ਪੁੱਤਰ ਤੇ ਭਾਰਤੀ ਹਾਕੀ ਟੀਮ ਤੇ ਪੂਰਾ ਮਾਣ ਹੈ ਉਲੰਪੀਅਨ ਗੁਰਜੰਟ ਸਿੰਘ ਦੀ ਪਤਨੀ ਟੈਨਿਸ ਖਿਡਾਰਨ ਕਰਮਨ ਕੌਰ ਥਾਂਦੀ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਮੈਡਮ ਜਿੱਤਣ ਪਿੱਛੇ ਭਾਰਤੀ ਹਾਕੀ ਟੀਮ ਵੱਲੋਂ ਬਹੁਤ ਮਿਹਨਤ ਕੀਤੀ ਹੈ ਜਿਸ ਦਾ ਨਤੀਜਾ ਅੱਜ ਸਾਡੇ ਸਾਰਿਆਂ ਦੇ ਸਾਹਮਣੇ ਆਇਆ ਹੈ ਇਸ ਮੌਕੇ ਤੇ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ, ਮਾਰਕੀਟ ਕਮੇਟੀ ਗਹਿਰੀ ਮੰਡੀ ਦੇ ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਜਾਣੀਆਂ, ਓਬੀਸੀ ਮੋਰਚਾ ਪੰਜਾਬ ਦੇ ਸੈਕਟਰੀ ਤੇਜਿੰਦਰ ਸਿੰਘ ਚੰਦੀ, ਹਵਾਈ ਅੱਡਾ ਰੈਸਟੋਰੈਂਟ ਦੇ ਮਾਲਕ ਇਕਬਾਲ ਸਿੰਘ ਸੰਧੂ ਤਰਨਤਾਰਨ, ਗੁਰਮੀਤ ਸਿੰਘ ਕਲੇਰ,ਬਲਜਿੰਦਰ ਸਿੰਘ ਬਾਵਾ, ਪ੍ਰਗਟ ਸਿੰਘ ਘਣਗਸ ਜੰਡਿਆਲਾ, ਪ੍ਰਧਾਨ ਸਤਨਾਮ ਐਡਵੋਕੇਟ ਕਰਨ ਸਿੰਘ ਖੇਲਾ,ਸਿੰਘ ਜੰਡਿਆਲਾ ਗੁਰੂ, ਜਗਰੂਪ ਸਿੰਘ ਤਲਵੰਡੀ ਡੋਗਰਾਂ, ਬਾਬਾ ਸੁਖਦੇਵ ਸਿੰਘ ਚੌਹਾਨ, ਅਮਰਜੀਤ ਸਿੰਘ ਬਿੱਲਾ, ਜਗਰੂਪ ਸਿੰਘ ਗਦਲੀ, ਮਨਜੀਤ ਸਿੰਘ ਗਦਲੀ, ਹਰਜਿੰਦਰ ਸਿੰਘ, ਮਨਜੀਤ ਸਿੰਘ ਚੀਮਾਂ ਬਾਠ,ਬਾਬਾ ਮਹਿੰਦਰ ਸਿੰਘ, ਰਸ਼ਪਾਲ ਸਿੰਘ, ਲੱਖਾਂ ਸਿੰਘ, ਤਰਸੇਮ ਸਿੰਘ ਗੁੱਨੋਵਾਲ, ਅਤਿੰਦਰਪਾਲ ਸਿੰਘ ਅਤੇ ਹੋਰ ਵੀ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਸਨ।

### ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਵੱਲੋ ਸੂਬਾਈ ਮੀਟਿੰਗ ਵਿੱਚ ਅਹਿਮ ਫੈਸਲੇ

# 8 ਸਤੰਬਰ ਨੂੰ ਜੰਗਲਾਤ ਮੰਤਰੀ ਦੇ ਖ਼ਿਲਾਫ ਦਿੱਤਾ ਜਾਵੇਗਾ ਸੂਬਾਈ ਧਰਨਾ



**ਜੰਡਿਆਲਾ ਗੁਰੂ, 12 ਅਗਸਤ ( ਕੁਲਵੰਤ ਸਿੰਘ ਵਿਰਦੀ)**-ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਪੰਜਾਬ ਦੀ ਸੂਬਾਈ ਮੀਟਿੰਗ ਤਰਨਤਾਰਨ ਵਿਖੇ ਰਛਪਾਲ ਸਿੰਘ ਜੋਧਾਨਗਰੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਜਨਰਲ ਸਕੱਤਰ ਬਲਬੀਰ ਸਿੰਘ ਸਿਵੀਆਂ ਤੋਂ ਇਲਾਵਾ ਹਰਜੀਤ ਕੌਰ ਸਮਰਾਲਾ, ਬਲਬੀਰ ਸਿੰਘ ਗਿੱਲਾਂਵਾਲਾ, ਦਵਿੰਦਰ ਸਿੰਘ ਕਾਦੀਆਂ, ਗੁਰਪ੍ਰੀਤ ਸਿੰਘ ਮੋਗਾ, ਦੀਵਾਨ ਸਿੰਘ ਖਡੂਰ ਸਾਹਿਬ, ਬਲਵਿੰਦਰ ਸਿੰਘ, ਪ੍ਰਤਾਪ ਸਿੰਘ, ਜਤਿੰਦਰ ਸਿੰਘ ਅਤੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਵਿੱਚ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਕਰਨਾਟਕਾ ਹਾਈਕੋਰਟ ਦੇ ਉਮਾਂ ਦੇਵੀ ਕੇਸ ਦਾ ਹਵਾਲਾ ਦੇ ਕੇ ਕੱਚੇ ਵਰਕਰਾਂ ਨੂੰ ਰੈਗੂਲਰ ਕਰਨ ਤੋਂ ਟਾਲਮਟੋਲ ਕੀਤੀ ਜਾਂਦੀ ਰਹੀ ਹੈ ਅਤੇ ਹੁਣ ਜਦੋਂ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ 10 ਸਾਲ ਦੀ ਸੇਵਾ ਪੂਰੀ ਕਰ ਚੁੱਕੇ ਜੰਗਲਾਤ ਵਿਭਾਗ ਦੇ ਕੱਚੇ ਵਰਕਰਾਂ ਨੂੰ ਪੱਕਾ ਕਰਨ ਦਾ ਫੈਸਲਾ ਸੁਣਾ ਦਿੱਤਾ ਗਿਆ ਹੈ ਤਾਂ ਪੰਜਾਬ ਸਰਕਾਰ ਵੱਲੋਂ ਮਾਨਯੋਗ ਹਾਈਕੋਰਟ ਦੇ ਫੈਸਲੇ ਦੇ ਵਿਰੁੱਧ ਡਬਲ ਬੈਂਚ ਨੂੰ ਅਪੀਲ ਪਾਈ ਜਾ ਰਹੀ ਹੈ। ਇਸ ਦਾ ਮਤਲਬ ਬਿਲਕੁਲ ਸਾਫ਼ ਹੈ ਕਿ ਪੰਜਾਬ ਸਰਕਾਰ ਕੱਚੇ ਵਰਕਰਾਂ ਨੂੰ ਰੈਗੂਲਰ ਨਹੀਂ ਕਰਨਾ ਚਾਹੁੰਦੀ। ਸੂਬਾ ਕਮੇਟੀ ਨੇ ਕਿਹਾ ਕਿ ਜੰਗਲਾਤ ਵਿਭਾਗ ਦੇ ਕੱਚੇ ਵਰਕਰਾਂ ਨੂੰ ਰੈਗੂਲਰ ਕਰਨ ਦੀ ਅਹਿਮ ਮੰਗ ਨੂੰ ਲਾਗੂ ਕਰਵਾਉਣ ਲਈ ਜਥੇਬੰਦੀ ਵੱਲੋਂ 8 ਸਤੰਬਰ ਨੂੰ ਕਟਾਰੂਚੱਕ ਵਿਖੇ ਜੰਗਲਾਤ ਮੰਤਰੀ ਦੇ ਵਿਰੁੱਧ ਸੂਬਾਈ ਧਰਨਾ ਦੇਣ ਦਾ ਫੈਸਲਾ ਕੀਤਾ ਗਿਆ ਹੈ।ਮੀਟਿੰਗ ਵਿੱਚ ਜਥੇਬੰਦੀ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਰੇਂਜਾਂ ਤੋਂ ਸ਼ੁਰੂ ਕਰਕੇ ਡਵੀਜ਼ਨ ਪੱਧਰ ਅਤੇ ਸੂਬਾਈ ਡੈਲੀਗੇਟ ਅਜਲਾਸ ਕਰਕੇ ਚੋਣਾਂ ਕਰਵਾਉਣ ਦਾ ਫੈਸਲਾ ਕੀਤਾ ਗਿਆ।ਜਿਸ ਤਹਿਤ ਮੈਂਬਰਸ਼ਿਪ ਜਮ੍ਹਾਂ ਕਰਨ ਉਪਰੰਤ 20 ਅਗਸਤ ਤੱਕ ਸਮੂਹ ਰੇਂਜਾਂ ਦੀਆਂ ਚੋਣਾਂ ਕਰਾਈਆ ਜਾਣਗੀਆਂ ਅਤੇ ਚੋਣ ਕਰਦੇ ਸਮੇਂ ਰੇਂਜ ਦੇ ਸਾਰੇ ਮੈਂਬਰ ਹਾਜ਼ਰ ਹੋਣਗੇ ਰੇਂਜ ਚੋਣਾਂ ਉਪਰੰਤ 21 ਅਗਸਤ ਤੋਂ 31ਅਗਸਤ ਤੱਕ ਸਮੂਚੀਆਂ ਡਵੀਜ਼ਨ ਪੱਧਰੀ ਚੋਣਾਂ ਕਰਵਾਈਆਂ ਜਾਣਗੀਆਂ।ਜਿਸ ਵਿੱਚ ਹਰੇਕ ਰੇਂਜ ਵਿੱਚੋਂ 3 ਮੈਂਬਰਾਂ ਪਿੱਛੇ ਇਕ ਡੈਲੀਗੇਟ ਹਿਸਾ ਲਵੇਗਾ ਅਤੇ ਸਮੂਹ ਰੇਂਜਾਂ ਦੇ ਪ੍ਰਧਾਨ ਸਕੱਤਰਾਂ ਦਾ ਸ਼ਾਮਲ ਹੋਣਾ ਵੀ ਲਾਜ਼ਮੀ ਹੋਵੇਗਾ। ਜਥੇਬੰਦੀ ਦਾ ਸੂਬਾਈ ਡੈਲੀਗੇਟ ਅਜਲਾਸ ਸਤੰਬਰ ਮਹੀਨੇ ਦੇ ਆਖਰੀ ਹਫਤੇ ਮੋਗਾ ਵਿਖੇ ਕਰਵਾਇਆ ਜਾਵੇਗਾ, ਜਿਸ ਵਿੱਚ ਸਮੂਹ ਰੇਂਜਾਂ ਵਿਚੋਂ 7 ਮੈਂਬਰਾਂ ਪਿੱਛੇ ਇਕ ਡੈਲੀਗੈਟ ਸ਼ਾਮਲ ਹੋਵੇਗਾ। ਸੂਬਾਈ ਅਜਲਾਸ ਵਿੱਚ ਸਮੂਹ ਰੇਂਜਾਂ ਅਤੇ ਡਵੀਜ਼ਨਾਂ ਦੇ ਪ੍ਰਧਾਨ ਸਕੱਤਰਾਂ ਦਾ ਸ਼ਾਮਲ ਹੋਣਾ ਵੀ ਲਾਜ਼ਮੀ ਹੋਵੇਗਾ।

# ਬਲਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੂੰ ਕੈਬਨਿਟ ਮੰਤਰੀ ਈ ਟੀ ਉ ਨੇ ਦਿੱਤਾ ਮੋਢਾ



**ਚੌਂਕ ਮਹਿਤਾ, 12 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੀਤੇ ਦਿਨੀਂ ਆਕਾਸ਼ ਟਰਾਂਸਪੋਰਟ ਡੁੱਬਈ ਦੇ ਮਾਲਕ ਸ, ਜਗੀਰ ਸਿੰਘ ਰੰਧਾਵਾ ਦੇ ਸਪੁੱਤਰ ਹਲਕਾ ਜੰਡਿਆਲਾ ਗੁਰੂ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਹਰਜਿੰਦਰ ਸਿੰਘ ਰੰਧਾਵਾ ਅਤੇ ਠੇਕੇਦਾਰ ਲਖਵਿੰਦਰ ਸਿੰਘ ਜਲਾਲ ਉਸਮਾ ਦੇ ਭਰਾ ਮਰਹੂਮ ਬਲਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਦਾ ਸੰਖੇਪ ਬਿਮਾਰੀ ਕਾਰਣ ਦੇਹਾਂਤ ਹੋ ਗਿਆ ਇਸ ਦੁੱਖ ਦੀ ਘੜੀ ਚ ਪਰਿਵਾਰਕ ਮੇਂਬਰਾ ਅਤੇ ਸੱਜਣ ਸੁਨਹੀਆਂ ਵੱਲੋਂ ਨਾ ਸਹਿਣ ਵਾਲਾ ਘਾਟਾ ਪਿਆ ਆਪਣੇ ਮਰਹੂਮ ਬਲਵਿੰਦਰ ਸਿੰਘ ਦੀ ਮਿਰਤਕ ਦੇਹ ਦੇ ਆਖ਼ਰੀ ਦਰਸ਼ਨ ਕਰਨ ਲਈ ਸੱਜਣ ਮਿੱਤਰ, ਰਿਸਤੇਦਾਰ, ਸਮਾਜ ਸੇਵਕ, ਧਾਰਮਿਕ ਜੱਥੇ ਬੰਦੀਆਂ ਦੇ ਆਗੂ ਵੱਖ ਵੱਖ ਰਾਜਨੀਤੀ ਪਾਰਟੀਆਂ ਦੇ ਆਗੂ ਦੂਰ ਦਰਾਂਡੇ ਤੋ ਪਿੰਡ ਜਲਾਲ ਉਸ਼ਮਾ ਪੁਹੰਚੇ ਮਰਹੂਮ ਬਲਵਿੰਦਰ ਸਿੰਘ ਦੀ ਤਕਰੀਬਨ ਉਮਰ 60 ਸਾਲ ਸੀ। ਬਲਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਪਿਛਲੇ ਕੁਝ ਦਿਨਾ ਤੌ ਬਿਮਾਰ ਚੱਲ ਰਹੇ ਸਨ। ਮਿਰਤਕ ਬਲਵਿੰਦਰ ਸਿੰਘ ਰੰਧਾਵਾ ਦੀ ਅਰਥੀ ਨੂੰ ਮੁੱਢਾ ਦੇਣ ਲਈ ਉਚੇਚੇ ਤੌਰ ਤੇ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਅਤੇ ਸਾਬਕਾ ਐਮ ਐਲ ਏ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ ਪੁਹੰਚੇ ਅਤੇ ਹਰਜਿੰਦਰ ਸਿੰਘ ਰੰਧਾਵਾ, ਲਖਵਿੰਦਰ ਸਿੰਘ ਰੰਧਾਵਾ ਪਰਿਵਾਰ ਨਾਲ ਇਸ ਦੁੱਖ ਦੀ ਘੜੀ ਚ ਸ਼ਰੀਕ ਹੋ ਕੇ ਵਾਹਿਗੁਰੂ ਜੀ ਦਾ ਭਾਣਾ ਮੰਨਣ ਲਈ ਕਿਹਾ ਅਤੇ ਕੀਤੇ ਮਰਹੂਮ ਬਲਵਿੰਦਰ ਸਿੰਘ ਰੰਧਾਵਾ ਵੱਲੋਂ ਸਮਾਜ ਸੇਵਕ ਕਾਰਜਾਂ ਨੂੰ ਯਾਦ ਕਰਦਿਆਂ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ। ਇਸ ਮੌਕੇ ਗੁਰਜਿੰਦਰ ਸਿੰਘ ਬਲਾਕ ਪ੍ਰਧਾਨ,ਪਰਮਜੀਤ ਸਿੰਘ ਸੰਧੂ, ਅਜੈ ਗਾਧੀ ਬਲਾਕ ਪ੍ਰਧਾਨ,ਜਰਮਨਜੀਤ ਸਿੰਘ ਉਦੋਂ ਨੰਗਲ,ਬੂਟਾ ਸਿੰਘ ਮੀਡੀਆ ਇੰਨਚਾਰਜ,ਅਮਰ ਰਾਵਤ, ਡਾ, ਹਰਵਿੰਦਰ ਸਿੰਘ,ਸੁਖਦੇਵ ਸਿੰਘ ਉਸਮਾ,ਜੋਬਨਜੀਤ ਸਿੰਘ,ਸਰਪੰਚ ਚੇਅਰਮੈਨ ਸਲਵਿੰਦਰ ਸਿੰਘ ਟੋਨਾ,ਚੇਅਰਮੈਨ ਕਸ਼ਮੀਰ ਸਿੰਘ ਕਾਲਾ ਸਰਪੰਚ,ਇਕਬਾਲ ਸਿੰਘ ਸਾਹ, ਕਵਲਜੀਤ ਸਿੰਘ,ਪਰਧਾਨ ਕੁਲਵਿੰਦਰ ਸਿੰਘ ਮਿਠਾ ਚੰਨਣਕੇ,ਸੋਨੀ ਸਰਪੰਚ,ਸੁੱਖ ਰੰਧਾਵਾ,ਤੋ ਵੱਡੀ ਗਿਣਤੀ ਵਿੱਚ ਇਲਾਕੇ ਦੇ ਧਾਰਮਿਕ,ਸਮਾਜ ਸੇਵਕ, ਰਾਜਨੀਤਕ ਹਾਜਰ ਸਨ ਅਖੀਰ ਪਿੰਡ ਦੇ ਸ਼ਮਸ਼ਾਨ ਘਾਟ ਵਿਖੇ ਮਰਹੂਮ ਮਿਰਤਕ ਦੇਹ ਨੂੰ ਅਗਨ ਭੇਂਟ ਕਰ ਦਿੱਤਾ

# ਤਿਉਹਾਰ ਪੰਜਾਬ ਦੀ ਰੂਹ ਹਨ ਸੈਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਚ ਤੀਆਂ ਦਾ ਤਿਉਹਾਰ ਮਨਾਇਆ ਸਮਾਪਤੀ ਰਵਾਇਤੀ ਪਕਵਾਨ ਖੀਰ ਪੂੜੇ ਨਾਲ ਹੋਈ



**ਜੰਡਿਆਲਾ ਗੁਰੂ, 12 ਅਗਸਤ ( ਕੁਲਵੰਤ ਸਿੰਘ ਵਿਰਦੀ)**-ਤੀਆਂ ਦਾ ਤਿਉਹਾਰ ਪੰਜਾਬ ਦੇ ਕੋਨੇ-ਕੋਨੇ ਵਿਚ ਬੜੀ ਧੂਮ-ਧਾਮ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਸੈਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਹਰ ਸਾਲ ਸਕੂਲ ਦੇ ਵਿਹੜੇ ਵਿੱਚ ਤੀਜ ਦੇ ਤਿਉਹਾਰ ਦਾ ਆਯੋਜਨ ਕਰਦਾ ਹੈ। ਇਸ ਵਾਰ ਵੀ ਤੀਆਂ ਦਾ ਤਿਉਹਾਰ ਸਕੂਲ ਵਿੱਚ ਧੂਮ ਧਾਮ ਨਾਲ ਮਨਾਇਆ ਗਿਆ।ਜਿਸ ਵਿੱਚ ਝੂਲਿਆਂ, ਮਿੱਟੀ ਦੇ ਬਰਤਨਾਂ ਨਾਲ ਸਜਾਏ ਮਾਹੌਲ ਨੇ ਉੱਥੇ ਮੌਜੂਦ ਹਰ ਇੱਕ ਵਿੱਚ ਨਵੀਂ ਊਰਜਾ ਭਰ ਦਿੱਤੀ।ਕਿੰਡਰਗਾਰਟਨ ਦੇ ਬੱਚਿਆਂ ਦੀਆਂ ਮਾਵਾਂ ਨੂੰ ਵੀ ਸਮਾਗਮ ਵਿੱਚ ਹੋਰ ਵੱਧ ਚੜ੍ਹ ਕੇ ਸ਼ਾਮਲ ਕਰਨ ਲਈ ਸੱਦਾ ਦਿੱਤਾ ਗਿਆ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਨੇ ਸਾਰਿਆਂ ਨੂੰ ਤੀਜ ਦੀ ਵਧਾਈ ਦਿੱਤੀ। ਗਿੱਧੇ ਨੇ ਸਾਰਿਆਂ ਨੂੰ ਆਪਣੀ ਜਵਾਨੀ ਨੂੰ ਮੁੜ ਸੁਰਜੀਤ ਕਰ ਦਿੱਤਾ। ਪ੍ਰੋਗਰਾਮ ਦੀ ਸਮਾਪਤੀ ਰਵਾਇਤੀ ਪਕਵਾਨ ਖੀਰ ਪੂੜੇ ਨਾਲ ਹੋਈ।

ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਇਸ ਮੌਕੇ ਹਾਜ਼ਰੀ ਭਰਨ ਲਈ ਸਾਰਿਆਂ ਦਾ ਧੰਨਵਾਦ ਕੀਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੰਘ ਸਾਹਿਬ ਗਿਆਨੀ ਰਘੁਵੀਰ ਸਿੰਘ ਜੀ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਅੰਮ੍ਰਿਤ ਸੰਚਾਰ ਜੱਥਾ ਯੂ. ਕੇ. ਅਤੇ ਯੂਰਪ ਵੱਲੋਂ ਸੌਂਪੇ ਗਏ ਬੇਨਤੀ ਪੱਤਰ



10/08/24

ਵਾਹਿਗੁਰੂ ਜੀ ਕਾ ਖ਼ਾਲਸਾ

ਵਾਹਿਗੁਰੂ ਜੀ ਕੀ ਫਤਿਹ।

ਭਾਈ ਹਰਜਿੰਦਰ ਸਿੰਘ ਜੀ ਧਾਮੀ ਪ੍ਰਧਾਨ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।

ਅਸੀਂ ਅੰਮ੍ਰਿਤ ਸੰਚਾਰ ਜੱਥਾ UK ਅਤੇ ਯੂਰਪ ਵਲੋਂ ਆਪ ਜੀ ਨੂੰ ਬੇਨਤੀ ਕਰਨੀ ਚਾਹੁੰਦੇ ਹਾਂ ਕਿ ਇਹ ਜੋ ਆਪ ਜੀ ਨੇ ਨਿਸ਼ਾਨ ਸਾਹਿਬ ਜੀ ਦਾ ਰੰਗ ਕੇਸਰੀ ਤੋਂ ਬਸੰਤੀ ਜਾਂ ਸੁਰਮਾ ਰੰਗ ਅਕਾਲ ਤਖਤ ਸਾਹਿਬ ਜੀ ਦੀ ਆਗਿਆ ਤੋਂ ਬਿਨਾਂ ਕੀਤਾ ਹੈ ਇਸ ਨਾਲ ਸਿੱਖ ਕੌਮ ਵਿੱਚ ਭਾਰੀ ਦੁਬਿਧਾ ਪੈਦਾ ਹੋਈ ਹੈ। ਆਪ ਜੀ ਨੂੰ ਬੇਨਤੀ ਹੈ ਕਿ ਜਿਸ ਤਰ੍ਹਾਂ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਅਤੇ ਸਿੰਘ ਸਾਹਿਬ ਗਿਆਨੀ ਕਿਰਪਾਲ ਸਿੰਘ ਜੀ ਵਲੋਂ ਕੋਸ਼ਿਸ਼ ਕਰਕੇ ਪੰਜ ਬਾਣੀਆਂ ਬਾਰੇ ਜਾਣਕਾਰੀ ਦਿੱਤੀ ਗਈ ਸੀ ।ਇਸ ਤੋਂ ਇਲਾਵਾ ਆਨੰਦ ਕਾਰਜ ਬਾਰੇ ਵੀ ਦੁਬਾਰਾ ਵਿਚਾਰ ਕਰਨ ਦੀ ਜਰੂਰਤ ਹੈ ਅਤੇ ਪੰਜ ਪਿਆਰਿਆਂ ਬਾਰੇ ਵੀ ਵਿਚਾਰ ਵਟਾਂਦਰਾ ਕਰਨ ਦੀ ਲੋੜ ਹੈ। ਅਸੀਂ UK ਅਤੇ ਯੂਰਪ ਵਿੱਚ ਸਿੱਖ ਸੰਗਤਾਂ ਵਿੱਚ ਵਿਚਰਦੇ ਹਾਂ। ਸਾਨੂੰ ਸਿੱਖ ਸੰਗਤਾਂ ਖਾਸ ਕਰਕੇ ਜਿਹੜੇ ਪਰਿਵਾਰ ਅਜੋਕੇ ਸੰਘਰਸ਼ ਨਾਲ ਸੰਬੰਧਿਤ ਹਨ ਵਲੋਂ ਇਤਰਾਜ਼ ਜਤਾਇਆ ਹੈ ਕਿ ਜਿਸ ਕੇਸਰੀ ਨਿਸ਼ਾਨ ਦੇ ਹੇਠ ਇਕੱਤਰ ਹੋ ਕੇ ਸੰਘਰਸ਼ ਲੜਿਆ ਹੈ ਉਸਨੂੰ ਬਦਲਣ ਦੀ ਲੋੜ ਨਹੀਂ ਹੈ। ਇਹ ਰੰਗ ਸਮੁੱਚੇ ਦੇਸ਼ ਭਾਰਤ ਤੇ ਸਾਡੇ ਹੱਕ ਦਾ ਪ੍ਰਤੀਕ ਹੈ ਕਿਉਂਕਿ ਮੁਲਕ ਦੀ ਅਜ਼ਾਦੀ ਲਈ ਸਿੱਖਾਂ ਨੇ ਕੁਰਬਾਨੀਆਂ ਕੀਤੀਆਂ ਤੇ ਬਾਬਾ ਖੜਕ ਸਿੰਘ ਜੀ ਨੇ ਇਹ ਕੇਸਰੀ ਰੰਗ ਝੰਡੇ ਦੇ ਉੱਪਰਲੇ ਹਿਸੇ ਤੇ ਕਰਵਾਇਆ ਸੀ। ਉਹ ਸੰਗਤਾਂ ਵੀ ਇਤਰਾਜ਼ ਕਰ ਰਹੀਆਂ ਹਨ ਜਿਨ੍ਹਾਂ ਨੂੰ

ਸੰਘਰਸ਼ ਦੌਰਾਨ ਸਿਰਫ ਕੇਸਰੀ ਦਸਤਾਰ ਸਜਾਉਣ ਕਰਕੇ ਤਸ਼ੱਦਦ ਦਾ ਸ਼ਿਕਾਰ ਹੋਣਾ ਪਿਆ ਹੈ। ਕੇਸਰ ਬਹੁਤ ਜ਼ਿਆਦਾ ਕੀਮਤੀ ਵਸਤੂ ਹੈ ਜਿਸ ਦੇ ਰੰਗ ਦੇ ਨਿਸ਼ਾਨ ਸਾਹਿਬ ਤਕਰੀਬਨ ਦੁਨੀਆ ਦੇ ਸਾਰੇ ਮੁਲਕਾਂ ਵਿੱਚ ਚੜ੍ਹਾਇਆ ਹੈ। ਅੱਜ ਦੇ ਦੌਰ ਵਿੱਚ ਸਿੱਖ ਕੌਮ ਇਸ ਰੰਗ ਨੂੰ ਕੁਰਬਾਨੀਆਂ ਦਾ ਪ੍ਰਤੀਕ ਮੰਨਦੀ ਹੈ। ਬਾਕੀ ਜਿਸ ਰਹਿਤ ਮਰਿਆਦਾ ਦੇ ਖਰੜੇ ਦਾ ਜ਼ਿਕਰ ਕੀਤਾ ਗਿਆ ਹੈ ਉਹ ਪੰਥ ਪ੍ਰਵਾਨਿਤ ਨਹੀਂ ਹੈ। ਅਸੀਂ ਬੇਨਤੀ ਕਰਦੇ ਹਾਂ ਕਿ ਇਸ ਖਰੜੇ ਵਿੱਚ ਜੋ ਖਾਮੀਆਂ ਹਨ ਉਹ ਦੂਰ ਕਰਕੇ ਫੇਰ ਪੰਥ ਤੋਂ ਪਰਵਾਨ ਕਰਵਾ ਕੇ ਲਾਗੂ ਕੀਤਾ ਜਾਵੇ।

ਬਹੁਤ ਧੰਨਵਾਦ ਸਹਿਤ

ਅੰਮ੍ਰਿਤ ਸੰਚਾਰ ਜੱਥਾ UK ਅਤੇ ਯੂਰਪ।

ਜੱਥੇਦਾਰ ਭਾਈ ਬਲਦੇਵ ਸਿੰਘ,ਭਾਈ ਰੇਸ਼ਮ ਸਿੰਘ, ਭਾਈ ਜਸਬੀਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਬਲਜਿੰਦਰ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਸੁਖਦੇਵ ਸਿੰਘ।

10/08/24

ਵਾਹਿਗੁਰੂ ਜੀ ਕਾ ਖ਼ਾਲਸਾ
ਵਾਹਿਗੁਰੂ ਜੀ ਕੀ ਫਤਿਹ।

ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਤਿਕਾਰ ਯੋਗ ਸਿੰਘ ਸਾਹਿਬ ਗਿਆਨੀ ਰਘੁਵੀਰ ਸਿੰਘ ਜੀ।
ਅਸੀਂ ਅੰਮ੍ਰਿਤ ਸੰਚਾਰ ਜੱਥਾ UK ਅਤੇ ਯੂਰਪ ਵਲੋਂ ਆਪ ਜੀ ਨੂੰ ਬੇਨਤੀ ਕਰਨੀ ਚਾਹੁੰਦੇ ਹਾਂ ਕਿ ਇਹ ਜੋ ਆਪ ਜੀ ਨੇ ਨਿਸ਼ਾਨ ਸਾਹਿਬ ਜੀ ਦਾ ਰੰਗ ਕੇਸਰੀ ਤੋਂ ਬਸੰਤੀ ਜਾਂ ਸੁਰਮਾ ਰੰਗ ਕੀਤਾ ਹੈ। ਇਸ ਨਾਲ ਸਿੱਖ ਕੌਮ ਵਿੱਚ ਭਾਰੀ ਦੁਬਿਧਾ ਪੈਦਾ ਹੋਈ ਹੈ। ਅਸੀਂ UK ਅਤੇ ਯੂਰਪ ਵਿੱਚ ਸਿੱਖ ਸੰਗਤਾਂ ਵਿੱਚ ਵਿਚਰਦੇ ਹਾਂ। ਸਾਨੂੰ ਸਿੱਖ ਸੰਗਤਾਂ ਖਾਸ ਕਰਕੇ ਜਿਹੜੇ ਪਰਿਵਾਰ ਅਜੋਕੇ ਸੰਘਰਸ਼ ਨਾਲ ਸੰਬੰਧਿਤ ਹਨ ਵਲੋਂ ਇਤਰਾਜ਼ ਜਤਾਇਆ ਹੈ ਕਿ ਜਿਸ ਕੇਸਰੀ ਨਿਸ਼ਾਨ ਦੇ ਹੇਠ ਇਕੱਤਰ ਹੋ ਕੇ ਸੰਘਰਸ਼ ਲੜਿਆ ਹੈ ਉਸਨੂੰ ਬਦਲਣ ਦੀ ਲੋੜ ਨਹੀਂ ਹੈ। ਇਹ ਰੰਗ ਸਮੁੱਚੇ ਦੇਸ਼ ਭਾਰਤ ਤੇ ਸਾਡੇ ਹੱਕ ਦਾ ਪ੍ਰਤੀਕ ਹੈ ਕਿਉਂਕਿ ਮੁਲਕ ਦੀ ਅਜ਼ਾਦੀ ਲਈ ਸਿੱਖਾਂ ਨੇ ਕੁਰਬਾਨੀਆਂ ਕੀਤੀਆਂ ਤੇ ਬਾਬਾ ਖੜਕ ਸਿੰਘ ਜੀ ਨੇ ਇਹ ਕੇਸਰੀ ਰੰਗ ਝੰਡੇ ਦੇ ਉੱਪਰਲੇ ਹਿਸੇ ਤੇ ਕਰਵਾਇਆ ਸੀ। ਉਹ ਸੰਗਤਾਂ ਵੀ ਇਤਰਾਜ਼ ਕਰ ਰਹੀਆਂ ਹਨ ਜਿਨ੍ਹਾਂ ਨੂੰ

ਸੰਘਰਸ਼ ਦੌਰਾਨ ਸਿਰਫ ਕੇਸਰੀ ਦਸਤਾਰ ਸਜਾਉਣ ਕਰਕੇ ਤਸ਼ੱਦਦ ਦਾ ਸ਼ਿਕਾਰ ਹੋਣਾ ਪਿਆ ਹੈ। ਕੇਸਰ ਬਹੁਤ ਜ਼ਿਆਦਾ ਕੀਮਤੀ ਵਸਤੂ ਹੈ ਜਿਸ ਦੇ ਰੰਗ ਦਾ ਨਿਸ਼ਾਨ ਸਾਹਿਬ ਤਕਰੀਬਨ ਦੁਨੀਆ ਦੇ ਸਾਰੇ ਮੁਲਕਾਂ ਵਿੱਚ ਚੜ੍ਹਾਇਆ ਹੈ। ਅੱਜ ਦੇ ਦੌਰ ਵਿੱਚ ਸਿੱਖ ਕੌਮ ਇਸ ਰੰਗ ਨੂੰ ਕੁਰਬਾਨੀਆਂ ਦਾ ਪ੍ਰਤੀਕ ਮੰਨਦੀ ਹੈ। ਬਾਕੀ ਜਿਸ ਰਹਿਤ ਮਰਿਆਦਾ ਦੇ ਖਰੜੇ ਦਾ ਜ਼ਿਕਰ ਕੀਤਾ ਗਿਆ ਹੈ ਉਹ ਪੰਥ ਪ੍ਰਵਾਨਿਤ ਨਹੀਂ ਹੈ। ਅਸੀਂ ਬੇਨਤੀ ਕਰਦੇ ਹਾਂ ਕਿ ਇਸ ਖਰੜੇ ਵਿੱਚ ਜੋ ਖਾਮੀਆਂ ਹਨ ਉਹ ਦੂਰ ਕਰਕੇ ਫੇਰ ਪੰਥ ਤੋਂ ਪਰਵਾਨ ਕਰਵਾ ਕੇ ਲਾਗੂ ਕੀਤਾ ਜਾਵੇ।
ਬਹੁਤ ਧੰਨਵਾਦ ਸਹਿਤ

ਅੰਮ੍ਰਿਤ ਸੰਚਾਰ ਜੱਥਾ UK ਅਤੇ ਯੂਰਪ।
ਜੱਥੇਦਾਰ ਭਾਈ ਬਲਦੇਵ ਸਿੰਘ,ਭਾਈ ਰੇਸ਼ਮ ਸਿੰਘ, ਭਾਈ ਜਸਬੀਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਬਲਜਿੰਦਰ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਸੁਖਦੇਵ ਸਿੰਘ।

ਆਵਾਜ਼ਿ ਕੌਮ AWAZE QAUM International Newspaper & WEB TV

**ਅੰਮ੍ਰਿਤ ਸੰਚਾਰ ਜੱਥਾ ਯੂ. ਕੇ. ਅਤੇ ਯੂਰਪ ਵੱਲੋਂ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਜੀ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੂੰ ਬੇਨਤੀ ਪੱਤਰ ਸੌਂਪੇ ਗਏ, ਜਿਨ੍ਹਾਂ ਦਾ ਇੰਨ-ਬਿੰਨ ਉਤਾਰਾ ਉਪਰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ।**

ਆਵਾਜ਼ਿ ਕੌਮ AWAZE QAUM

### ਪਿੰਡ ਉਦੋਂ ਨੰਗਲ ਖੁਰਦ ਵਿੱਚ

# ਐਂਟੀਂ ਡੇਂਗੂ ਮਲੇਰੀਆ, ਚਿਕਗੁਨੀਆ, ਗਤੀ ਵਿਧੀਆਂ ਤੇ ਸਪਰੇਅ ਕਰਵਾਈ



**ਚੌਕ ਮਹਿਤਾ, 12 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ ਅੰਮ੍ਰਿਤਸਰ ਡਾ.ਸੁਮੀਤ ਸਿੰਘ ਜ਼ਿਲ੍ਹਾ ਮਲੇਰੀਆ ਅਫ਼ਸਰ ਡਾ. ਹਰਜੋਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਸਹਾਇਕ ਮਲੇਰੀਆ ਅਫ਼ਸਰ ਕੰਵਲ ਬਲਰਾਜ ਸਿੰਘ ਦੀ ਅਗਵਾਈ ਹੇਠ ਤੇ ਐੱਸ. ਐੱਮ. ਓ. ਤਰਸਿੱਕਾ ਡਾ. ਮੋਨਾ ਦੇ ਹੁਕਮਾ ਅਨੁਸਾਰ ਸੀ. ਐੱਚ. ਸੀ. ਤਰਸਿੱਕਾ ਦੇ ਸਬ ਸੈਂਟਰ ਉਧੋਨੰਗਲ ਪਿੰਡ ਉਧੋਨੰਗਲ ਖੁਰਦ ਵਿਖੇ ਐਂਟੀ ਡੇਂਗੂ, ਮਲੇਰੀਆ, ਚਿਕਨਗੁਨੀਆ, ਗਤੀਵਿਧੀਆਂ 'ਤੇ ਸਪਰੇਅ ਕਰਵਾਈ ਗਈ, ਜਿਸ ਦੀ ਅਗਵਾਈ ਅਪਿੰਦਰ ਸਿੰਘ ,ਮਲੇਰੀਆ ਸੁਪਰਵਾਈਜਰ,ਵਲੋਂ ਕੀਤੀ ਗਈ ਘਰ-ਘਰ ਜਾ ਕੇ ਟੀਮ ਵਲੋਂ ਬਰਸਾਤ ਦੇ ਮੌਸਮ ਵਿਚ ਘਰਾਂ ਵਿਚ ਗਮਲਿਆਂ, ਟੁਟੇ ਭੱਜੇ ਭਾਂਡਿਆ, ਟਾਇਰਾਂ, ਕੋਠਿਆਂ ਦੀਆਂ ਛੱਤਾਂ 'ਤੇ ਪਏ ਵਾਧੂ ਘਾਟੂ ਸਾਮਾਨ ਵਿਚ ਬਰਸਾਤ ਦਾ ਪਾਣੀ ਜੋ ਇਨ੍ਹਾਂ ਵਿਚ ਭਰ ਜਾਂਦਾ ਹੈ ਦੀ ਚੈਕਿੰਗ ਕੀਤੀ ਗਈ ਚੈਕਿੰਗ ਦੌਰਾਨ 1 ਘਰਾ ਵਿਚ ਮੱਛਰ ਦਾ ਲਾਰਵਾ ਵੀ ਮਿਲਿਆ, ਜਿਸ ਨੂੰ ਮੌਕੇ 'ਤੇ ਨਸ਼ਟ ਕੀਤਾ ਗਿਆ ਇਸ ਮੋਕੇ ਸਮੂਹ ਟੀਮ ਮੈਬਰਾਂ ਵਲੋ ਵਲੋਂ ਡੇਗੂ ਬੁਖਾਰ ਅਤੇ ਇਸ ਦੇ ਬਚਾਆ ਬਾਰੇ ਜਾਣਕਾਰੀ ਦਿੰਦਿਆਂ ਦਸਿਆ ਕਿ ਡੇਗੂ ਬੁਖਾਰ Aedes aegypti ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਡੇਂਗੂ ਦਾ ਮੱਛਰ ਸਾਫ ਪਾਣੀ ਵਿਚ ਪਨਪਦਾ ਹੈ। ਇਹ ਦਿਨ ਅਤੇ ਸ਼ਾਮ ਵੇਲੇ ਕੱਟਦਾ ਹੈ। ਉਨਾ ਕਿਹਾ ਕਿ ਪਿੰਡ ਵਾਸੀ ਆਪਣੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਖਿਆਲ ਰੱਖਣ ਅਤੇ ਬਾਰਿਸ਼ ਦੇ ਪਾਣੀ ਨੂੰ ਘਰਾਂ ਲਾਗੇ ਖੜਾ ਨਾ ਹੋਣ ਦੇਣ।ਉਨਾਂ ਲੋਕਾਂ ਨੂੰ ਉਨਾਂ ਦੇ ਕੂਲਰਾਂ, ਗਮਲਿਆਂ, ਫਰਿਜਾਂ ਦੀਆਂ ਟਰੇਆਂ, ਛੱਤਾਂ ਤੇ ਪਏ ਪੁਰਾਣੇ ਟਾਇਰਾਂ, ਭਾਂਡਿਆਂ, ਟੁੱਟੇ ਗਮਲਿਆਂ, ਟੈਂਕੀਆਂ ਵਿਚ ਬਾਰਿਸ਼ ਦਾ ਪਾਣੀ ਨਾ ਇਕੱਠਾ ਹੋਣ ਲਈ ਪ੍ਰੇਤਿ ਕੀਤਾ। ਉਨਾਂ ਕਿਹਾ ਕਿ ਡੇਂਗੂ ਦੇ ਮੱਛਰ ਕਾਰਨ ਜਿਥੇ ਬੁਖਾਰ ਹੁੰਦਾ ਹੈ ਉਥੇ ਸਿਰਦਰਦ, ਮਸੂੜਿਆਂ ਵਿਚੋਂ ਖ਼ੂਨ ਆਉਣਾ, ਮਾਸਪੇਸ਼ੀਆਂ ਵਿਚ ਦਰਦ, ਉਲਟੀਆਂ ਆਉਣਾ ਆਦਿ ਹੋ ਸਕਦੇ ਹਨ। ਇਸ ਤੋਂ ਬਚਾਅ ਲਈ ਆਪਣੇ ਸਰੀਰ ਨੂੰ ਪੂਰੀ ਤਰਾਂ ਕਵਰ ਕਰ ਕੇ ਰੱਖਣਾ ਚਾਹੀਦਾ ਹੈ। ਰਾਤ ਨੂੰ ਸੋਣ ਸਮੇਂ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਡੇਂਗੂ ਬੁਖਾਰ ਦਾ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੋਕੇ ਗੁਰਮੁਖ ਸਿੰਘ ਨਿਰਮਲ ਸਿੰਘ ਮ ਪ ਹ ਵ ( ਮੇਲ ) ਸਪਰੇ ਟੀਮ ਹਰਭੇਜ ਸਿੰਘ ਜਗਜੀਤ ਸਿੰਘ ਆਦਿ ਹਾਜਰ ਸਨ।

# ਮੰਗਾਂ ਦੀ ਪੂਰਤੀ ਲਈ ਪੰਜਾਬ ਫਾਰੈਸਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਹੋਈ ਹੰਗਾਮੀ ਮੀਟਿੰਗ



ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :— ਪੰਜਾਬ ਫਾਰੈਸਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਭਜਨ ਸਿੰਘ ਸਨੀਅਰ ਮੀਤ ਪ੍ਰਧਾਨ, ਬਲਜੀਤ ਸਿੰਘ ਕੰਗ ਅਤੇ ਪੰਜਾਬ ਸੇਵਾ ਮੁਕਤ ਵਣ ਸੇਵਾਵਾਂ ਦੇ ਸੂਬਾ ਪ੍ਰਧਾਨ ਬਲਬੀਰ ਸਿੰਘ ਢਿੱਲੋਂ, ਜਗਤਾਰ ਸਿੰਘ ਉਪ ਪ੍ਰਧਾਨ, ਨੈਬ ਸਿੰਘ ਨੇ ਸਾਂਝੇ ਧਰਨੇ ਸਦਕਾ ਕੋਟਕਪੂਰਾ ਵਿਖੇ ਹੋਈ ਏਕਤਾ ਸਬੰਧੀ ਮੀਟਿੰਗ ਵਿਖ ਵਿਸ਼ੇਸ਼ ਤੌਰ ਤੇ ਪਹੁੰਚੇ ਸ੍ਰੀ ਲਵੀ ਕੁਮਾਰ ਬਰਗਾੜੀ ਅਤੇ ਰਛਪਾਲ ਸਿੰਘ ਬਠਿੰਡਾ ਆਦਿ ਨੇ ਸੁਖਾਵੇਂ ਮਾਹੌਲ ਵਿਚ ਕੀਤੀ ਮੀਟਿੰਗ ਦੌਰਾਨ ਬਹੁਤ ਗੰਭੀਰਤਾ ਨਾਲ ਵਿਚਾਰ ਵਟਾਂਦਰੇ ਉਪਰੰਤ ਦੋਵੇਂ ਸੰਗਠਨਾਂ ਵਿਚ ਏਕਤਾ ਕਰਨ ਅਤੇ ਪੰਜਾਬ ਦੇ ਵਣ ਪੈਨਸ਼ਨਰਾਂ ਦੇ ਬਣਦੇ ਹੱਕ ਦਵਾਉਣ, ਮ੍ਰਿਤਕ ਵਣ ਮੁਲਾਜ਼ਮਾਂ ਦੇ ਵਾਰਸਾਂ ਨੂੰ ਨੌਕਰੀਆਂ ਦਵਾਉਣ, ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਪੈਡਿੰਗ ਅਪੀਲਾਂ ਦਾ ਸਮਾਂਬੱਧ ਨਿਪਟਾਰਾ ਕਰਵਾਉਣ, ਸਾਂਝੇ ਘੋਲਾਂ ਵਿਚ ਸ਼ਮੂਲੀਅਤ ਕਰਨ ਆਦਿ ਮਸਲਿਆਂ ਦੇ ਹੱਲ ਲਈ 13 ਅਗਸਤ ਨੂੰ ਵਣ ਮੰਡਲ ਦਫਤਰ ਲੁਧਿਆਣਾ ਦੇ ਰੈਸਟ ਹਾਊਸ ਵਿਚ ਸਾਂਝੀ ਮੀਟਿੰਗ ਕਰਨ ਦਾ ਫੈਸਲਾ ਲਿਆ। ਆਗੂਆਂ ਨੇ ਦੱਸਿਆ ਕਿ ਇਸ ਹੋਣ ਵਾਲੀ ਮੀਟਿੰਗ ਵਿਚ ਸਮੂਹ ਅਹੁਦੇਦਾਰ, ਵਰਕਰ ਅਤੇ ਸਰਗਰਮ ਸਾਥੀਆਂ ਵੱਲੋਂ ਸ਼ਿਰਕਤ ਕਰਕੇ ਮੰਗਾਂ ਦੇ ਨਿਪਟਾਰੇ ਲਈ ਰੂਪ—ਰੇਖਾ ਉਲੀਕੀ ਜਾਵੇਗੀ ਤਾਂ ਜ਼ੋ ਆਪਣੀ ਜਿੰਦਗੀ ਦੇ ਅਹਿਮ ਪੱਲ ਸਰਕਾਰੀ ਅਦਾਰਿਆਂ ਵਿਚ ਲਗਾਉਣ ਵਾਲੇ ਮੁਲਾਜ਼ਮਾਂ ਨੂੰ ਬਣਦੇ ਹੱਕ ਪ੍ਰਾਪਤ ਹੋ ਸਕਣ।

# ਦੁੱਖ ਦਾ ਪ੍ਰਗਟਾਵਾ



**ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ)** :— ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਪਲੇਟਫਾਰਮ ਤੇ ਲੰਮਾ ਸਮਾਂ ਕੰਮ ਕਰਨ ਵਾਲੇ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਗੋਦੀ ਦਾ ਨਿੱਘ ਮਾਨਣ ਵਾਲੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਵਿੱਢੇ ਸੰਘਰਸ਼ ਵਿਚ ਯੋਗਦਾਨ ਪਾਉਣ ਵਾਲੇ ਖਾੜਕੂ ਸ਼ਹੀਦ ਪਰਿਵਾਰਾਂ ਦੀ ਬਾਂਹ ਫੜਨ ਵਾਲੇ ਹਮੇਸ਼ਾ ਹੀ ਪੰਥਕ ਮਸਲਿਆਂ ਤੇ ਤਤਪਰ ਰਹਿਣ ਵਾਲੀ ਬੇਦਾਗ ਸ਼ਖਸ਼ੀਅਤ ਪਰਮਜੀਤ ਸਿੰਘ ਖਾਲਸਾ ਜਿਨ੍ਹਾਂ ਨੇ ਹਮੇਸ਼ਾ ਹੀ ਗੁਰਮਤਿ ਤੇ ਪਹਿਰਾ ਦਿੱਤਾ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਨੂੰ ਬੁਲੰਦੀਆਂ ਲਿਜਾਣ ਲਈ ਤੱਤਪਰ ਰਹਿੰਦੇ ਸਨ। ਉਨ੍ਹਾਂ ਨੌਜਵਾਨਾਂ ਨੂੰ ਸਿੱਖ ਇਤਿਹਾਸ ਨਾਲ ਜੋੜਨ ਲਈ ਗੁਰਮਤਿ ਦੇ ਕੈਂਪ ਲਾਏ ਪਹਿਲਗਾਮ ਸ਼ਿਮਲਾ ਹਜ਼ੂਰ ਸਾਹਿਬ ਪੌਂਟਾ ਸਾਹਿਬ ਅਨੰਦਪੁਰ ਸਾਹਿਬ ਸ਼੍ਰੀਨਗਰ ਕਸ਼ਮੀਰ ਵਿਖੇ ਗੁਰਮਤਿ ਦੇ ਕੈਂਪ ਲਾਏ, ਉਨ੍ਹਾਂ ਭਾਈ ਪਿੰਦਰਪਾਲ ਸਿੰਘ ਖਾਲਸਾ ਦੇ ਸਹਿਯੋਗ ਨਾਲ ਪੰਜਾਬ ਦੇ ਵੱਖ—ਵੱਖ ਜ਼ਿਲ੍ਹਿਆਂ ਵਿਚ ਗੁਰਮਤਿ ਸਮਾਗਮ ਕਰਵਾਏ ਅਤੇ ਅੰਮ੍ਰਿਤ ਸੰਚਾਰ ਦੀ ਲਹਿਰ ਨੂੰ ਪ੍ਰਚੰਡ ਕੀਤਾ ਜਿਹ ਪੰਥਕ ਦਰਦੀ ਆਗੂ ਦੇ ਤੁਰ ਜਾਣ ਨਾਲ ਜਿੱਥੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਨੂੰ ਬਹੁਤ ਵੱਡਾ ਘਾਟਾ ਪਿਆ ਉੱਥੇ ਪੰਥ ਨੂੰ ਵੀ ਬਹੁਤ ਵੱਡਾ ਘਾਟਾ ਪਿਆ, ਅਜਿਹੇ ਪੰਥਕ ਦਰਦੀ ਆਗੂ ਦੇ ਤੁਰ ਜਾਣ ਨਾਲ ਅੱਜ ਪੰਥ ਦੀਆਂ ਮਹਾਨ ਸ਼ਖਸ਼ੀਅਤਾਂ ਨੇ ਉਨ੍ਹਾਂ ਦੇ ਤੁਰ ਜਾਣ ਤੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸਿੰਘ ਸਾਹਿਬ ਜਥੇਦਾਰ ਰਘਬੀਰ ਸਿੰਘ ਜਥੇਦਾਰ ਅਕਾਲ ਤਖਤ ਸਾਹਿਬ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਅਤੇ ਵੱਖ—ਵੱਖ ਰਾਜਨੀਤਿਕ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਪ੍ਰਧਾਨ ਦਲੇਰ ਸਿੰਘ ਡੋਡ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਕੱਲ 12 ਅਗਸਤ ਸ਼ਾਮ 4 ਵਜੇ ਭਾਈ ਪਰਮਜੀਤ ਸਿੰਘ ਜੀ ਖਾਲਸਾ ਦਾ ਅੰਤਿਮ ਸੰਸਕਾਰ ਮਾਡਲ ਟਾਊਨ ਲੁਧਿਆਣਾ ਵਿਖੇ ਸ਼ਮਸ਼ਾਨ ਘਰ ਵਿੱਚ ਕੀਤਾ ਜਾਵੇਗਾ।ਅੱਜ ਪਰਿਵਾਰ ਨਾਲ ਪ੍ਰਗਟ ਕਰਨ ਲਈ ਫੈਡਰੇਸ਼ਨ ਦੇ ਵੱਖ—ਵੱਖ ਆਗੂ ਪਹੁੰਚੇ ਜਿਨ੍ਹਾਂ ਚ ਭਾਈ ਮੇਜਰ ਸਿੰਘ ਖਾਲਸਾ ਸਰਪਰਸਤ, ਭਾਈ ਜਸਪਾਲ ਸਿੰਘ, ਭਾਈ ਰਣਜੀਤ ਸਿੰਘ ਲੰਗਿਆਣਾ ਜ਼ਿਲ੍ਹਾ ਪ੍ਰਧਾਨ ਮੋਗਾ, ਭਾਈ ਰਾਜਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਫਿਰੋਜਪੁਰ, ਭਾਈ ਹਰਜਿੰਦਰ ਸਿੰਘ ਜਿੰਦਾ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਸਾਹਿਬ, ਭਾਈ ਗੁਰਬੀਰ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਤਰਨ ਤਰਨ, ਭਾਈ ਅਮਰਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਜਲੰਧਰ, ਭਾਈ ਰਾਜਵਿੰਦਰ ਸਿੰਘ ਪੰਜਗਰਾਈ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਭਾਈ ਸਰਬਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਗੁਰਪ੍ਰੀਤ ਸਿੰਘ ਫਤਿਹ ਮੀਡੀਆ ਇੰਚਾਰਜ ਫੈਡਰੇਸ਼ਨ ਭਾਈ ਅਮਰਿੰਦਰ ਸਿੰਘ ਸੰਧੂ, ਭਾਈ ਹਰਪ੍ਰੀਤ ਸਿੰਘ ਕੋਟਕਪੂਰਾ, ਭਾਈ ਦਵਿੰਦਰ ਸਿੰਘ ਦਮਦਮੀ ਟਕਸਾਲ ਸੰਗਰਾਵਾਂ, ਭਾਈ ਚਰਨਜੀਤ ਸਿੰਘ ਰਾਈਆਂਵਾਲਾ ਆਦਿ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ।

### ਵਾਤਾਵਰਨ ਸਿੱਖਿਆ ਪ੍ਰੋਗਰਾਮ ਸਬੰਧੀ

# ਇੱਕ ਰੋਜ਼ਾ ਵਰਕਸ਼ਾਪ ਦਾ ਸਫ਼ਲਤਾ ਪੂਰਵਕ ਆਯੋਜਨ

ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :— ਪੰਜਾਬ ਸਟੇਟ ਕਾਉਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਪੰਜਾਬ ਰਾਜ ਵਿੱਦਿਅਕ ਖੋਜ ਅਤੇ ਸਿੱਖਲਾਈ ਪ੍ਰੀਸ਼ਦ ਮੋਹਾਲੀ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ ਫਿਰੋਜ਼ਪਰ) ਦੇ ਸਾਂਝੇ ਸਹਿਯੋਗ ਨਾਲ ਕਲੱਸਟਰ ਪੱਧਰ ਤੇ ਛੇ ਜ਼ਿਲ੍ਹਿਆਂ (ਫਿਰੋਜ਼ਪੁਰ, ਫਾਜ਼ਿਲਕਾ, ਮੋਗਾ, ਫ਼ਰੀਦਕੋਟ, ਸ਼੍ਰੀ ਮੁਕਤਸਰ ਸਾਹਿਬ ਅਤੇ ਬਠਿੰਡਾ) ਦੀ ਵਾਤਾਵਰਨ ਸਿੱਖਿਆ ਪ੍ਰੋਗਰਾਮ ਦੀ ਇੱਕ ਰੋਜ਼ਾ ਵਰਕਸ਼ਾਪ ਅੱਜ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਦਾਸ ਐਂਡ ਬਰਾਊਨ ਵਰਲਡ ਸਕੂਲ ਵਿਖੇ ਆਯੋਜਿਤ ਕੀਤੀ ਗਈ। ਇਸ ਮੌਕੇ ਡਾ: ਕੇ.ਐੱਸ. ਬਾਠ ਜੁਆਇੰਟ ਡਾਇਰੈਕਟਰ, ਪੰਜਾਬ ਸਟੇਟ ਕਾਉਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਪੰਜਾਬ, ਡਾ: ਮੰਦਾਕਨੀ ਠਾਕੁਰ ਪ੍ਰੋਜੈਕਟ ਸਾਇੰਟਿਸਟ, ਪੰਜਾਬ ਸਟੇਟ ਕਾਉਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਪੰਜਾਬ, ਨਰਿੰਦਰ ਸਿੰਘ ਸਟੇਟ ਰੀਸੋਰਸ ਪਰਸਨ ਸਾਇੰਸ ਪੰਜਾਬ, ਸ਼੍ਰੀਮਤੀ ਨੀਲਮ ਰਾਣੀ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਫਿਰੋਜ਼ਪੁਰ, ਪ੍ਰਗਟ ਸਿੰਘ ਬਰਾੜ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਫਿਰੋਜ਼ਪੁਰ ਅਤੇ ਸ਼੍ਰੀ ਰਾਜੇਸ਼ ਕੁਮਾਰ ਚੰਡੇਲ ਪ੍ਰਿੰਸੀਪਲ ਦਾਸ ਐਂਡ ਬਰਾਊਨ ਵਰਲਡ ਸਕੂਲ ਫਿਰੋਜ਼ਪੁਰ ਨੇ ਮੁੱਖ ਮਹਿਮਾਨ ਦੇ ਤੌਰ ਤੇ ਜੋਤੀ ਪਰਚਲਤ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਅਤੇ ਆਪੋ—ਆਪਣੇ ਵਿਚਾਰ ਸਾਂਝੇ ਕੀਤੇ।



ਡਿਪਟੀ ਡੀ.ਈ.ਓ ਪ੍ਰਗਟ ਸਿੰਘ ਬਰਾੜ ਅਤੇ ਸਟੇਟ ਐਵਾਰਡ ਉਮੇਸ਼ ਕੁਮਾਰ ਹੈੱਡ ਮਾਸਟਰ ਕਮ ਜ਼ਿਲ੍ਹਾ ਵਾਤਾਵਰਣ ਸਿੱਖਿਆ ਪ੍ਰੋਗਰਾਮ ਕੋਆਰਡੀਨੇਟਰ ਫਿਰੋਜ਼ਪੁਰ ਨੇ ਦੱਸਿਆ ਕਿ ਇਸ ਵਰਕਸ਼ਾਪ ਵਿੱਚ ਉਪਰੋਕਤ ਛੇ ਜ਼ਿਲ੍ਹਿਆਂ ਦੇ ਜ਼ਿਲ੍ਹਾ ਈ.ਈ.ਪੀ ਕੋਆਰਡੀਨੇਟਰ, ਬਲਾਕ ਈ.ਈ.ਪੀ ਕੋਆਰਡੀਨੇਟਰ, ਈਕੋ—ਕਲੱਬ ਇੰਚਾਰਜ, ਸਕੂਲ ਮੁੱਖੀ ਅਤੇ ਪ੍ਰਿੰਸੀਪਲ ਸਾਹਿਬਾਨ, ਕੁੱਲ 250 ਸਕੂਲਾਂ ਨੂੰ ਈਕੋ—ਕਲੱਬ ਸਬੰਧੀ ਆਨਲਾਈਨ ਰਜਿਸਟ੍ਰੇਸ਼ਨ, ਲਾਈਫ ਈਕੋ ਹੈਕਥੋਨ ਪ੍ਰੋਗਰਾਮ ਅਤੇ ਰਜਿਸਟ੍ਰੇਸ਼ਨ, ਈ.ਈ.ਪੀ ਸਬੰਧੀ ਸੰਭਾਵਿਤ ਕਿਰਿਆਵਾਂ ਅਤੇ ਇਸ ਦੇ ਕੰਪੋਨੇਂਟਸ ਬਾਰੇ ਜਾਣਕਾਰੀ ਦਿੱਤੀ ਗਈ। ਇਹ ਜਾਣਕਾਰੀ ਰੀਸੋਰਸ ਪਰਸਨ ਮਿਸ ਵਿਸ਼ਾਲੀ ਸਿੰਘ ਪਾਈ ਜ਼ੈਮ ਫਾਊਂਡੇਸ਼ਨ ਪੁਣਾ, ਡਾ: ਗੁਰਵਿੰਦਰ ਸਿੰਘ ਫੀਲਡ ਮੈਨੇਜਰ ਵਰਟਿਵਰ, ਜੈਤੀਸ਼ ਵਰਟਿਵਰ ਰੀਸੋਰਸ ਪਰਸਨ ਦੁਆਰਾ ਸਾਂਝੀ ਕੀਤੀ ਗਈ। ਸਟੇਜ ਦਾ ਸੰਚਾਲਨ ਸੁਖਵਿੰਦਰ ਸਿੰਘ ਲੈਕਚਰਾਰ ਪੰਜਾਬੀ ਦੁਆਰਾ ਬਾਖੂਬੀ ਨਿਭਾਇਆ ਗਿਆ, ਜਦੋਂ ਕਿ ਸਚਿਨ ਨਾਰੰਗ ਸਾਇੰਸ ਮਾਸਟਰ ਸਰਕਾਰੀ ਹਾਈ ਸਕੂਲ ਮੋਹਨ ਕੇ ਹਿਠਾੜ ਅਤੇ ਗੁਰਮੀਤ ਸਿੰਘ ਸਾਇੰਸ ਮਾਸਟਰ ਸਰਕਾਰੀ ਹਾਈ ਸਕੂਲ ਝੰਡੂਵਾਲਾ ਨੇ ਵਾਤਾਵਰਨ ਵਿਸ਼ੇ ਤੇ ਕੁਇਜ਼ ਵੀ ਕਰਵਾਈ। ਇਸ ਪ੍ਰੋਗਰਾਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਸ਼੍ਰੀ ਕਮਲ ਸ਼ਰਮਾ ਨੋਡਲ ਇੰਚਾਰਜ ਪ੍ਰੋਗਰਾਮ, ਡਾ: ਸ਼ੈਲੀਨ ਦਾਸ ਐਂਡ ਬਰਾਊਨ ਵਰਲਡ ਸਕੂਲ, ਸਮੂਹ ਬਲਾਕ ਈ.ਈ.ਪੀ ਕੋਆਰਡੀਨੇਟਰ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਤੇ ਨਦੀਨ ਵਿਗਿਆਨੀ ਡਾ: ਰਾਇ ਸਿੰਘ ਦੁਆਰਾ ਵਾਤਾਵਰਣੀ ਪ੍ਰਭਾਵਾਂ ਸਬੰਧੀ ਵਿਸ਼ੇਸ਼ ਲੈਕਚਰ ਦਿੱਤਾ ਗਿਆ, ਮਿਸ਼ਨ ਲਾਈਫ ਤਹਿਤ ਸਾਰਿਆਂ ਵਲੋਂ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਲਈ ਪ੍ਰਣ ਲਿਆ ਗਿਆ। ਬੱਚਿਆਂ ਵੱਲੋਂ ਵਾਤਾਵਰਨ ਸਬੰਧੀ ਚਾਰਟ ਮੇਕਿੰਗ ਮੁਕਾਬਲੇ ਵਿੱਚ ਭਾਗ ਲਿਆ ਗਿਆ ਜਿਸ ਦੇ ਜੇਤੂ ਬੱਚਿਆਂ ਨੂੰ ਪੌਦੇ ਅਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਰੀਸੋਰਸ ਕੋਆਰਡੀਨੇਟਰ ਸੁਮੀਤ ਗਲ੍ਹੋਤਰਾ ਨੇ ਵੀ ਵਰਕਸ਼ਾਪ ਵਿਚ ਭਾਗ ਲਿਆ ਅੰਤ ਵਿੱਚ ਸਭ ਨੂੰ ਸਨਮਾਨ ਦੇ ਰੂਪ ਵਿੱਚ ਪੌਦੇ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਵੱਲੋਂ ਐਕਟਿਵਟੀ ਕੋਆਰਡੀਨੇਟਰ ਗੁਰਿੰਦਰ, ਗ੍ਰਾਫਿਕ ਡਿਜਿਆਨਰ ਰੂਪਾਲੀ, ਐ.ਐਸ.ਐ ਜਸਪਾਲ, ਧਰਮਿੰਦਰ, ਸੋਨੂੰ, ਨਿਆਲਾ ਆਦਿ ਦਾ ਯੋਗਦਾਨ ਰਿਹਾ।

ਭਾਰਤੀ ਮਿਆਰ ਬਿਊਰੋ ਦੁਆਰਾ ਕਰਵਾਇਆ ਗਿਆ ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ ਜਾਗਰੂਕਤਾ

# ਸੀਨੀਅਰ ਸਿਟੀਜਨ ਕੌਂਸਲ ਫਿਰੋਜ਼ਪੁਰ ਦਾ ਵਿਸ਼ੇਸ਼ ਸਹਿਯੋਗ



**ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :**—ਭਾਰਤੀ ਮਿਆਰ ਬਿਓਰੋ (ਬਿਊਰੋ ਆਫ ਇੰਡੀਅਨ ਸਟੈਂਡਰਡਜ਼) ਦੁਆਰਾ ਚੰਡੀਗੜ੍ਹ ਸ਼ਾਖਾ ਦੇ ਮੁਖੀ ਅਤੇ ਸੀਨੀਅਰ ਡਾਰੈਕਟਰ ਸ਼੍ਰੀ ਵਿਸ਼ਾਲ ਤੋਮਰ ਦੀ ਯੋਗ ਅਗਵਾਈ ਹੇਠ ਜਾਗਰੂਕਤਾ ਪ੍ਰੋਗਰਾਮ ਕਰਾਇਆ ਗਿਆ। ਸਥਾਨਕ ਦਫਤਰ ਸੀਨੀਅਰ ਸਿਟੀਜਨ ਕੌਂਸਲ ਵਿਖੇ ਹੋਏ ਇਸ ਜਾਗਰੂਕਤਾ ਪ੍ਰੋਗਰਾਮ ਵਿੱਚ 70 ਤੋਂ ਵੱਧ ਉਪਭੋਗਤਾਵਾਂ ਨੇ ਭਾਗ ਲਿਆ। ਪ੍ਰੋਗਰਾਮ ਦੀ ਆਯੋਜਕ ਸੰਸਥਾ ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਸ ਮੌਕੇ ਉਪਭੋਗਤਾਵਾਂ ਨੂੰ ਅਸਲੀ ਨਕਲੀ ਚੀਜ਼ਾਂ ਦੀ ਪਰਖ, ਸੋਨੇ ਦੀ ਹਾਲਮਾਰਕਿੰਗ ਅਤੇ ਆਈ.ਐਸ.ਆਈ ਉਤਪਾਦਾਂ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਸਾਬਕਾ ਮੈਡੀਕਲ ਕਮਿਸ਼ਨਰ ਡਾਕਟਰ ਗੁਰਿੰਦਰਜੀਤ ਸਿੰਘ ਢਿੱਲੋਂ ਅਤੇ ਸ੍ਰੀ ਪੀ.ਡੀ. ਸ਼ਰਮਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਧਾਰਮਿਕ ਭਜਨ ਗਾ ਕੇ ਸ਼ੁਰੂ ਕੀਤੀ ਗਈ, ਪ੍ਰਧਾਨ ਪੀ.ਡੀ ਸ਼ਰਮਾ ਨੇ ਇਸ ਮੌਕੇ ਪੁੱਜੇ ਮਹਿਮਾਨਾਂ ਅਤੇ ਉਪਭੋਗਤਾਵਾਂ ਨੂੰ ਜੀ ਆਇਆ ਆਖਿਆ ਅਤੇ ਇਸ ਪ੍ਰੋਗਰਾਮ ਦੇ ਰੂਪ ਰੇਖਾ *ਤੇ ਚਾਣਨਾ ਪਾਇਆ। ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ ਜਾਗਰੂਕਤਾ ਪ੍ਰੋਗਰਾਮ ਬਾਰੇ ਉਪਭੋਗਤਾਵਾਂ ਨੂੰ ਜਾਣਕਾਰੀ ਦਿੰਦਿਆਂ ਸੰਕਲਪ ਸੁਸਾਇਟੀ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਭਾਰਤੀ ਮਿਆਰ ਬਿਊਰੋ ਦੁਆਰਾ ਮੋਬਾਇਲ ਫੋਨਾਂ ਦੇ ਪਲੇ ਸਟੋਰ ਤੇ ਮੌਜੂਦ ਬੀ.ਆਈ.ਐਸ ਕੇਅਰ ਐਪਲੀਕੇਸ਼ਨ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਉਪਭੋਗਤਾਵਾਂ ਨੂੰ ਬੀ.ਆਈ.ਐਸ ਹਾਲਮਾਰਕਿੰਗ ਵਾਲਾ ਸੋਨਾ ਹੀ ਖਰੀਦਣ ਲਈ ਕਿਹਾ, ਇਸ ਦੇ ਨਾਲ ਹੀ ਉਨ੍ਹਾਂ ਰੋਜ਼ਮਰਾ ਦੀ ਜ਼ਿੰਦਗੀ ਵਿੱਚ ਕੰਮ ਆਉਣ ਵਾਲੀਆਂ ਚੀਜ਼ਾਂ ਜਿਵੇਂ ਕਿ ਬਿਜਲੀ ਦਾ ਸਮਾਨ, ਇੰਟਰਲਾਕ ਟਾਈਲਾਂ, ਸੀਮੈਂਟ ਦੀਆਂ ਪਾਈਪਾਂ, ਬੱਚਿਆਂ ਦੇ ਖਿਡਾਉਣੇ, ਹੈਲਮਟ, ਪਾਣੀ ਵਾਲੇ ਪਲਾਸਟਿਕ ਟੈਂਕ ਆਦਿ ਆਈ.ਐਸ.ਆਈ ਮਾਰਕਾ ਖਰੀਦਣ ਤੋਂ ਇਲਾਵਾ ਦੁਕਾਨਦਾਰ ਪਾਸੋਂ ਖਰੀਦੀ ਚੀਜ ਦੇ ਬਿੱਲ ਲੈਣ ਬਾਰੇ ਵੀ ਚੁਕੰਨੇ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਉਪਭੋਗਤਾ ਨੇ ਕਿਸੇ ਖਰੀਦੀ ਹੋਈ ਚੀਜ਼ ਬਾਰੇ ਸ਼ਿਕਾਇਤ ਕਰਨੀ ਹੋਵੇ ਤਾਂ ਉਸ ਪਾਸ ਬਿੱਲ ਹੋਣਾ ਅਤੀ ਜਰੂਰੀ ਹੁੰਦਾ ਹੈ, ਇਸ ਦੇ ਨਾਲ ਹੀ ਉਨ੍ਹਾਂ ਬੀ.ਆਈ.ਐਸ ਕੇਅਰ ਉੱਪਰ ਜਾ ਕੇ ਉਪਭੋਗਤਾਵਾਂ ਨੂੰ ਆਪਣੀ ਸ਼ਿਕਾਇਤ ਦਰਜ ਕਰਾਉਣ ਬਾਰੇ ਜਾਣਕਾਰੀ ਦਿੱਤੀ। ਸਾਬਕਾ ਮੈਡੀਕਲ ਕਮਿਸ਼ਨਰ ਡਾ: ਗੁਰਿੰਦਰਜੀਤ ਸਿੰਘ ਢਿੱਲੋ ਨੇ ਇਸ ਜਾਗਰੂਕਤਾ ਪ੍ਰੋਗਰਾਮ ਦੀ ਭਰਪੂਰ ਸ਼ਲਾਘਾ ਕਰਦਿਆਂ ਉਪਭੋਗਤਾਵਾਂ ਨੂੰ ਖਰੀਦੋ ਫਰੋਖਤ ਕਰਦਿਆਂ ਸੁਚੇਤ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਨੂੰ ਜੇਕਰ ਬਾਜ਼ਾਰ ਵਿੱਚ ਵਿਕ ਰਹੀ ਕਿਸੇ ਨਕਲੀ ਜਾਂ ਘੱਟ ਘਟੀਆ ਗੁਣਵੱਤਾ ਵਾਲੀ ਚੀਜ਼ ਬਾਰੇ ਪਤਾ ਲੱਗਦਾ ਹੈ ਤਾਂ ਬਿਨਾਂ ਦੇਰੀ ਇਸ ਦੀ ਸ਼ਿਕਾਇਤ ਬੀ.ਆਈ.ਐਸ ਐਪਲੀਕੇਸ਼ਨ ਰਾਹੀਂ ਵਿਭਾਗ ਨੂੰ ਕੀਤੀ ਜਾ ਸਕਦੀ ਹੈ। ਇੱਥੇ ਜ਼ਿਕਰਯੋਗ ਹੈ ਕਿ ਬੀ.ਆਈ.ਐਸ ਕੇਅਰ ਐਪਲੀਕੇਸ਼ਨ ਰਾਹੀਂ ਕੀਤੀ ਸ਼ਿਕਾਇਤ ਨੂੰ ਪੂਰਨ ਤੌਰ ਤੇ ਗੁਪਤ ਰੱਖਿਆ ਜਾਂਦਾ ਹੈ। ਡਾਕਟਰ ਢਿੱਲੋ ਨੇ ਮੈਡੀਕਲ ਕਿੱਤੇ ਨਾਲ ਸੰਬੰਧਿਤ ਵੱਡੀ ਗਿਣਤੀ ਵਿੱਚ ਔਜਾਰਾਂ ਅਤੇ ਮਸ਼ੀਨਰੀ ਨੂੰ ਵੀ ਭਾਰਤੀ ਮਿਆਰ ਬਿਓਰੋ ਅਧੀਨ ਪ੍ਰਮਾਣਿਤ ਹੋਣ ਤੇ ਖੁਸ਼ੀ ਦਾ ਇਜ਼ਹਾਰ ਕੀਤਾ। ਉਪਭੋਗਤਾਵਾਂ ਨੂੰ ਮੁਖਾਤਿਬ ਹੁੰਦਿਆਂ ਸੀਨੀਅਰ ਸਿਟੀਜਨ ਕੌਂਸਲ ਦੇ ਪ੍ਰਧਾਨ ਸ੍ਰੀ ਪੀ.ਡੀ ਸ਼ਰਮਾ ਨੇ ਭਾਰਤੀ ਮਿਆਰ ਬਿਊਰੋ ਦੁਆਰਾ ਕਰਵਾਏ ਇਸ ਪ੍ਰੋਗਰਾਮ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਸਾਡੇ ਸਮਾਜ ਦੇ ਅੱਧ ਸੁੱਤੇ ਲੋਕਾਂ ਨੂੰ ਹਲੂਣਾ ਦੇ ਕੇ ਜਗਾਉਣ ਦਾ ਕੰਮ ਕਰਦੇ ਹਨ। ਬਤੌਰ ਸਟੇਜ ਸਕੱਤਰ ਦੀ ਭੂਮਿਕਾ ਜਨਰਲ ਸਕੱਤਰ ਸਵਰਨ ਸਿੰਘ ਸੁਹਾਨਾ ਨੇ ਬਾਖੂਬੀ ਨਿਭਾਈ। ਸੀਨੀਅਰ ਸਿਟੀਜਨ ਕੌਂਸਲ ਦੁਆਰਾ ਇਸ ਮੌਕੇ ਵਿਸ਼ੇਸ਼ ਤੌਰ ਤੇ ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਆਏ ਹੋਏ ਮਹਿਮਾਨਾਂ ਅਤੇ ਸਾਰੇ ਉਪਭੋਗਤਾਵਾਂ ਲਈ ਚਾਹ ਪਾਣੀ ਅਤੇ ਰਿਫਰੈਸ਼ਮੈਂਟ ਅਤੇ ਬੈਠਣ ਦੇ ਸੁਚੱਜੇ ਇੰਤਜ਼ਾਮ ਕੀਤੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਨਰਲ ਸਕੱਤਰ ਸਵਰਨ ਸਿੰਘ ਸੁਹਾਨਾ ਜਨਰਲ ਸਕੱਤਰ ਹਰੀ ਚੰਦ ਚੋਪੜਾ ਖਜ਼ਾਨਚੀ ਮੱਖਣ ਲਾਲ ਖਜਾਨਚੀ ਵਿਨੋਦ ਗਰੋਵਰ ਅਤੇ ਵੱਡੀ ਗਿਣਤੀ ਵਿੱਚ ਸੀਨੀਅਰ ਸਿਟੀਜਨ ਕੌਂਸਲ ਦੇ ਅਹੁਦੇਦਾਰ ਅਤੇ ਮੈਂਬਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਜੋਤੀਸਰ ਵਿਖੇ ਬ੍ਰਹਮ ਗਿਆਨੀ ਸੱਚਖੰਡਵਾਸੀ ਸੰਤ ਬਾਬਾ ਕਾਲਾ ਸਿੰਘ ਤੇ ਸੰਤ ਬਾਬਾ ਤੇਜਾ ਸਿੰਘ ਜੀ ਦੀ

# ਨਿੱਘੀ ਮਿੱਠੀ ਯਾਦ ਵਿੱਚ ਸਾਲਾਨਾ ਗੁਰਮਤਿ ਸਮਾਗਮ 18 ਨੂੰ : ਬਾਬਾ ਸੁੱਖਾ ਸਿੰਘ



**ਜੰਡਿਆਲਾ ਗੁਰੂ, 12 ਅਗਸਤ ( ਕੁਲਵੰਤ ਸਿੰਘ ਵਿਰਦੀ)**-ਅੱਜ ਤੱਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਗੱਲਬਾਤ ਦੌਰਾਨ ਕਿਹਾ ਕਿ 108 ਬ੍ਰਹਮ ਗਿਆਨੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਤੋਂ ਵਰਸੋਏ ਸੱਚਖੰਡਵਾਸੀ ਸੰਤ ਬਾਬਾ ਗੁਰਬਖਸ਼ ਸਿੰਘ ਜੀ ਤੋਂ ਵਰਸੋਏ ਸਚਖੰਡ ਵਾਸੀ ਸੰਤ ਬਾਬਾ ਕਾਲਾ ਸਿੰਘ ਜੀ ਅਤੇ ਸੰਤ ਬਾਬਾ ਤੇਜਾ ਸਿੰਘ ਜੀ ਦੀ ਨਿੱਘੀ ਤੇ ਮਿੱਠੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਤਾਂ ਦੀ ਯਾਦ ਵਿੱਚ 18 ਅਗਸਤ ਦਿਨ ਐਤਵਾਰ ਨੂੰ ਗੁਰਮਤਿ ਸਮਾਗਮ ਜੋਤੀਸਰ ਕਾਲੋਨੀ ਦੀਆਂ ਸਮੂਹ ਸੰਗਤਾਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਤੱਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਕਰਵਾਇਆ ਜਾ ਰਿਹਾ ਹੈ ਜਿਸ ਸਮਾਗਮ ਵਿੱਚ ਸੰਤਾਂ ਦੀ ਯਾਦ ਨੂੰ ਸਮਰਪਿਤ,16 ਅਗਸਤ ਦਿਨ ਸ਼ੁੱਕਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਜਾਣਗੇ ਅਤੇ 18 ਅਗਸਤ ਦਿਨ ਐਤਵਾਰ ਨੂੰ ਭੋਗ ਪਾਏ ਜਾਣਗੇ ਅਤੇ ਭੋਗ ਤੋਂ ਉਪਰੰਤ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਬਲਰਾਜ ਸਿੰਘ ਕੀਰਤਨ ਰਾਹੀਂ ਅਤੇ ਸ਼੍ਰੋਮਣੀ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਬਾਬਾ ਬਕਾਲਾ ਸਾਹਿਬ ਵਾਲਿਆਂ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੀ ਵੀਚਾਰਾਂ ਦੀ ਸਾਂਝ ਪਾ ਕਿ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਜਾਵੇਗਾ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਇਲਾਕਾ ਨਿਵਾਸੀ ਸੰਗਤਾਂ ਬੇਨਤੀ ਕੀਤੀ ਕਿ ਇਨ੍ਹਾਂ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਗੁਰੂ ਸਾਹਿਬ ਜੀ ਦੀਆਂ ਅਤੇ ਸੰਤਾਂ ਮਹਾਂਪੁਰਖਾਂ ਦੀ ਅਸੀਸਾਂ ਪ੍ਰਾਪਤ ਕਰਕੇ ਆਪਣਾ ਜੀਵਨ ਸਫ਼ਲ ਬਣਾਓ ਆਈਆਂ ਸੰਗਤਾਂ ਨੂੰ ਗੁਰੂ ਜੀ ਦੇ ਅਟੁੱਟ ਲੰਗਰ ਛਕਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਛਪੜੀ ਸਾਹਿਬ ਪਿੰਡ ਤੂਤ ਵਿਖੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 24 ਅਗਸਤ ਨੂੰ—ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ



**ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :**— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 24 ਅਗਸਤ 2024 (9 ਭਾਰਦੋ) ਦਿਨ ਸ਼ਨੀਵਾਰ ਨੂੰ ਕਰਵਾਇਆ ਜਾਵੇਗਾ। ਇਹ ਜਾਣਕਾਰੀ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਮਹਾਨ ਗੁਰਮਤਿ ਸਮਾਗਮ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਹੈ ਅਤੇ 24 ਅਗਸਤ 2024 (9 ਭਾਰਦੋ) ਦਿਨ ਸ਼ਨੀਵਾਰ ਨੂੰ ਮਨਾਇਆ ਜਾਵੇਗਾ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਰਾਗੀ ਢਾਡੀ ਜਥੇ ਕਥਾ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਸੰਤ ਮਹਾਂਪੁਰਖ ਵੀ ਆਪਣੀ ਹਾਜ਼ਰੀ ਭਰਨਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲੇ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਛੀਨਾ, ਗਿਆਨੀ ਸੁਖਦੇਵ ਸਿੰਘ ਜੀ ਗੁਰਦੁਆਰਾ ਬਾਉਲੀ ਸਾਹਿਬ ਡੱਲਾ, ਬਾਬਾ ਅਮਰਜੀਤ ਸਿੰਘ ਗਾਲਿਬ ਖੁਰਦ ਵਾਲੇ, ਬਾਬਾ ਸੁਖਜੀਤ ਸਿੰਘ ਜੀ ਫ਼ਿਰੋਜ਼ਪੁਰ ਵਾਲੇ ਕਥਾ ਕੀਰਤਨ ਰਾਹੀਂ ਹਾਜ਼ਰੀ ਭਰਨਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਖ ਅਤੇ ਧਾਰਮਿਕ ਸਖਸ਼ੀਅਤਾਂ ਪਹੁੰਚ ਰਹੀਆਂ ਹਨ, ਜਿਨ੍ਹਾਂ ਵਿਚ ਸੰਤ ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਬਾਬਾ ਮੁਖਤਿਆਰ ਸਿੰਘ ਨਾਨਕਸਰ ਬੀਰ ਬਹਿਮਣ, ਬਾਬਾ ਦਿਲਬਾਗ ਸਿੰਘ ਆਰਿਫਕੇ, ਬਾਬਾ ਬਲਦੇਵ ਸਿੰਘ ਜ਼ੋਗੇਵਾਲਾ, ਬਾਬਾ ਸਤਨਾਮ ਸਿੰਘ ਵਲੀਆ, ਬਾਬਾ ਇੰਦਰ ਸਿੰਘ ਨਾਨਕਸਰ ਦੇਵੀ ਵਾਲੇ, ਬਾਬਾ ਜ਼ੋਰਾ ਸਿੰਘ ਤਲਵੰਡੀ ਭਾਈ, ਬਾਬਾ ਗੁਰਦੇਵ ਸਿੰਘ ਕੋਟਕਰੋੜ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਬਾਬਾ ਸੁੱਚਾ ਸਿੰਘ ਨਾਨਕਸਰ ਛਾਂਗਾ ਖੁਰਦ, ਬਾਬਾ ਮਨਜੀਤ ਸਿੰਘ ਗੁਰੂ ਕਾ ਖੂਹ ਮੁਕਤਸਰ ਵਾਲੇ, ਬਾਬਾ ਕਰਨੈਲ ਸਿੰਘ ਹਜ਼ੂਰ ਸਾਹਿਬ ਮੋਗੇਵਾਲੇ, ਮਹੰਤ ਹਰਪ੍ਰੀਤ ਸਿੰਘ ਗੋਲੇਵਾਲੇ, ਭਾਈ ਰਛਪਾਲ ਸਿੰਘ ਝੋਕ ਮੋਹੜੇ ਦਮਦਮੀ ਟਕਸਾਲ, ਬਾਬਾ ਹਰਭਜਨ ਸਿੰਘ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ, ਜਥੇਦਾਰ ਲਖਬੀਰ ਸਿੰਘ ਚੰਨੀਆਂ ਦੇ ਦੋਨੋਂ ਸਪੁੱਤਰ ਭਾਈ ਅਮਰਜੀਤ ਸਿੰਘ ਦਲ ਬਾਬਾ ਬਿਧੀ ਚੰਦ, ਸਮੂਹ ਪ੍ਰਬੰਧਕ ਕਮੇਟੀ, ਬਾਬਾ ਵਿਰਸਾ ਸਿੰਘ ਗੁਰਦੁਆਰਾ ਬਾਉਲੀ ਸਾਹਿਬ, ਭਾਈ ਕੁਲਦੀਪ ਸਿੰਘ ਦਮਦਮੀ ਟਕਸਾਲ ਲੱਖੋਕੇ ਬਹਿਰਾਮ, ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ ਪਤਰਾਵਾ, ਬਾਬਾ ਪੂਰਨ ਸਿੰਘ ਝੋਕ ਹਰੀਹਰ ਵਾਲੇ, ਭਾਈ ਹਰਨੇਕ ਸਿੰਘ ਤੰਬੂਵਾਲੇ, ਬਾਬਾ ਕਰਨੈਲ ਸਿੰਘ ਸਾਦਿਕ ਵਾਲੇ, ਭਾਈ ਦਲੇਰ ਸਿੰਘ ਡੋਡ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ ਮਹਾਂਪੁਰਖ ਪਹੁੰਚ ਰਹੇ ਹਨ। ਬਾਬਾ ਜੀ ਨੇ ਅੱਗੇ ਕਿਹਾ ਕਿ ਇਸ ਮੌਕੇ ਤੇ ਸਮੂਹ ਸਿੱਖ ਜਥੇਬੰਦੀਆਂ, ਪੰਥਕ ਸਖਸ਼ੀਅਤਾਂ ਅਤੇ ਰਾਜਨੀਤਕ ਸਖਸ਼ੀਅਤਾਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੀਆਂ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਨਿਭਾਉਣਗੇ। ਬਾਬਾ ਜੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਵੱਧ ਤੋਂ ਵੱਧ ਸੰਗਤ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪੈਰਿਸ ਵਿੱਚ ਓਲੰਪਿਕ ਖੇਡਾਂ ਵਿੱਚ ਜਿੱਤ ਕੇ ਆਇਆ ਗੁਰਜੰਟ ਸਿੰਘ ਨੂੰ ਕੀਤਾ ਸਨਮਾਨਿਤ



**ਚੌਂਕ ਮਹਿਤਾ, 12 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਜੰਡਿਆਲਾ ਗੁਰੂ ਦੇ ਪਿੰਡ ਖਲਿਹਰਾ ਦਾ ਜੰਮਪਲ ਸ, ਗੁਰਜੰਟ ਸਿੰਘ ਸਪੁੱਤਰ ਸ, ਬਲਦੇਵ ਸਿੰਘ, ਜੋ ਪਿਛਲੇ ਦਿਨੀ ਪੈਰਿਸ ਵਿੱਚ ਹੋਈਆਂ ਓਲਪਿੰਕ ਖੇਡਾਂ ਵਿੱਚ ਭਾਰਤ ਹਾਕੀ ਟੀਮ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕਰਕੇ ਦੂਜੀ ਵਾਰ ਕਾਸੀ ਦਾ ਮੈਡਲ ਜਿੱਤ ਕੇ ਆਪਣੇ ਪਿੰਡ ਖਲਿਹਰਾ ਪਹੁੰਚਣ ਤੇ ਤੇਰੀ ਓਟ ਆਸ਼ੀਆਨਾ ਗਦਲੀ ਦੇ ਮੁੱਖੀ ਅਤੇ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ( ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ) ਨੇ ਸ, ਗੁਰਜੰਟ ਸਿੰਘ ਅਤੇ ਉਨ੍ਹਾਂ ਦੇ ਪਿਤਾ ਸ, ਬਲਦੇਵ ਸਿੰਘ ਨੂੰ ਮਾਨ ਸਨਮਾਨ ਸਿਰਪਾਉ ਦੇ ਕੇ ਕੀਤਾ ਗਿਆ ਨਾਲ ਹੋਰ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# Nankana Sahib Yatra Committe Uk



## pakistan gurdwara yatra

6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਅਕਾਲੀ ਦਲ ਨੂੰ ਕਮਜ਼ੋਰ ਕਰਨ ਲਈ ਸਾਰੀਆਂ ਪਾਰਟੀਆਂ

# ਬਾਗੀ ਗਰੁੱਪ ਨੂੰ ਸਪੋਟ ਕਰ ਰਹੀਆਂ ਹਨ: ਲੌਂਗੋਵਾਲ/ਭੂੰਦਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸੰਤ ਹਰਚੰਦ ਸਿੰਘ ਲੌਂਗੋਵਾਲ ਦੀ 39ਵੀਂ ਬਰਸੀ ਦੇ ਸਬੰਧ ਵਿੱਚ ਸਰੋਮਣੀ ਗੁਰਦੁਆਰਾ ਪ੍ਰਬੰਧਕ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਅਕਾਲੀ ਦਲ ਦੇ ਕੌਰ ਕਮੇਟੀ ਦੇ ਮੈਬਰ ਇਕਬਾਲ ਸਿੰਘ ਝੂੰਦਾ ਰੱਖੀ ਮੀਟਿੰਗ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ ।ਮੀਟਿੰਗ ਨੂੰ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ, ਸੁਖਵੀਰ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਨੂੰ ਦੁਬਾਰਾ ਤਕੜਾ ਕਰਨ ਲਈ ਤੁਹਾਡੇ ਸਹਿਯੋਗ ਦੀ ਲੋੜ ਹੈ ਕਿਉਂਕਿ ਪੰਜਾਬ ਵਿਚ ਵਿਕਾਸ ਸਿਰਫ ਅਕਾਲੀ ਸਰਕਾਰ ਵੇਲੇ ਹੋਇਆ ਹੈ। ਆਗੂਆਂ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਨੂੰ ਕਮਜੋਰ ਕਰਨ ਦੇ ਲਈ ਸਾਰੀਆ ਪਾਰਟੀਆਂ ਦਾ ਜੋਰ ਲੱਗਿਆਂ ਹੋਇਆ ਹੈ, ਅਕਾਲੀ ਦਲ ਦੀ ਸਰਕਾਰ ਵੇਲੇ ਮੌਜਾ ਮਾਨਣ ਵਾਲੇ ਅੱਜ ਅਕਾਲੀ ਦਲ ਨੂੰ ਕਮਜੋਰ ਕਰਨ ਵਿੱਚ ਲੱਗੇ ਹੋਏ ਹਨ। ਇਸ ਮੌਕੇ ਭੁਪਿੰਦਰ ਸਿੰਘ ਭਲਵਾਨ ਮੈਂਬਰ ਐਸ,ਜੀ,ਪੀ,ਸੀ, ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ, ਸੇਰ ਸਿੰਘ ਬਾਲੇਵਾਲ, ਮਿੱਟੂ ਔਲਖ ਧੂਰੀ, ਗਮਦੂਰ ਸਿੰਘ ਭਸੌੜ,ਹਾਕਮ ਸਿੰਘ ਢਢੋਗਲ,ਹੰਸ ਰਾਜ ਗਰਗ, ਮਨਵਿੰਦਰ ਸਿੰਘ ਬਿੰਨਰ,ਸਵਰਨਜੀਤ ਸਿੰਘ ਹਰਚੰਦਪੁਰ,ਇੰਦਰਜੀਤ ਸਿੰਘ ਘਨੌਰੀ, ਕਰਮਜੀਤ ਸਿੰਘ ਘਨੌਰੀ, ਗੁਰਮੀਤ ਸਿੰਘ ਬਰੜਵਾਲ,ਸੁਖਦੇਵ ਸਿੰਘ ਘਨੌਰ,ਭੁਪਿੰਦਰਪਾਲ ਮਿੱਠਾ,ਅਜਮੇਰ ਸਿੰਘ ਘਨੌਰੀ, ਜਸਵਿੰਦਰ ਕੌਰ ਖਾਲਸਾ, ਮਹਿੰਦਰ ਸਿੰਘ ਰਣੀਕੇ, ਕਾਲਾ ਕੁੰਭੜਵਾਲ, ਰਵੀ ਈਸੜਾ, ਜਗਜੀਤ ਸਿੰਘ ਲੱਡਾ, ਜੱਸਾ ਠੇਕੇਦਾਰ ਧੂਰੀ, ਦਰਸਨ ਸਿੰਘ, ਜਸਵੀਰ ਸਿੰਘ ਬਰੜਵਾਲ, ਮੈਡਮ ਇੰਦਰਜੀਤ ਕੌਰ ਹਾਜ਼ਰ ਸਨ ।

## ਬਾਬਾ ਦਿੱਤ ਮੱਲ ਸ਼ਹੀਦ ਦੀ ਯਾਦ ਵਿੱਚ ਪਿੰਡ ਖਿਆਲਾ ਵਿਖੇ ਕਰਵਾਏ ਕਬੱਡੀ ਦੇ ਸ਼ੋਅ ਮੈਚ

# ਖਿਡਾਰੀਆਂ ਨੂੰ ਸੋਨੇ ਦੀਆਂ ਮੁੰਦਰੀਆਂ ਨਾਲ ਕੀਤਾ ਸਨਮਾਨਿਤ

ਚੌਕ ਮਹਿਤਾ, 12 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਸਿੱਖ ਇਤਿਹਾਸ ਦੀ ਪਹਿਲੀ ਜੰਗ ਵਿੱਚ ਸ਼ਹੀਦ ਹੋਣ ਵਾਲੇ ਬਾਬਾ ਦਿੱਤ ਮੱਲ ਸ਼ਹੀਦ ਦੀ ਯਾਦ ਵਿੱਚ ਪਿੰਡ ਖਿਆਲਾ ਕਲਾਂ/ਖੁਰਦ ਵਿਖੇ ਕਬੱਡੀ ਦੇ ਸ਼ੋਅ ਮੈਚ ਕਰਵਾਏ ਗਏ। ਪਹਿਲਾ ਮੁਕਾਬਲਾ ਬਾਬਾ ਦਿੱਤ ਮੱਲ ਸ਼ਹੀਦ ਕਬੱਡੀ ਕਲੱਬ ਖਿਆਲਾ ਅਤੇ ਬਾਬਾ ਸਾਧੂ ਸਿੱਖ ਕਬੱਡੀ ਕਲੱਬ ਚਵਿੰਡਾ ਦੇ ਦਰਮਿਆਨ ਕਰਵਾਇਆ ਗਿਆ, ਜਿਸ ਵਿੱਚ ਖਿਆਲਾ ਕਲੱਬ ਦੀ ਟੀਮ 9 ਅੰਕਾਂ ਦੇ ਫਰਕ ਨਾਲ ਮੈਚ ਜਿੱਤ ਗਈ।ਦੂਸਰਾ ਸ਼ੋਅ ਮੈਚ ਖਿਆਲਾ ਕਲੱਬ ਤੇ ਚੱਬਾ ਦੀਆਂ ਟੀਮਾਂ ਦਰਮਿਆਨ ਹੋਇਆ, ਜਿਸ ਵਿੱਚ ਚੱਬਾ ਦੀ ਟੀਮ 31 ਦੇ ਮੁਕਾਬਲੇ 35 ਅੰਕ ਲੈ ਕੇ ਜੇਤੂ ਰਹੀ।ਆਖਰੀ ਮੈਚ ਸ਼ਹੀਦ ਲਖਬੀਰ ਸਿੰਘ ਕਬੱਡੀ ਕਲੱਬ ਘਰਿਆਲਾ ਤੇ ਬਾਬਾ ਬੁੱਢਾ ਸਾਹਿਬ ਕਬੱਡੀ ਕਲੱਬ ਰਮਦਾਸ ਹੋਇਆ, ਬਹੁਤ ਹੀ ਫਸਵੇਂ ਮੁਕਾਬਲੇ ਵਿੱਚ ਰਮਦਾਸ ਕਲੱਬ 2 ਅੰਕਾਂ ਦੇ ਫਰਕ ਨਾਲ ਮੁਕਾਬਲਾ ਜਿੱਤ ਗਈ। ਇਨ੍ਹਾਂ ਮੁਕਾਬਲਿਆਂ ਦਰਮਿਆਨ ਸੇਵਕ ਚਵਿੰਡਾ, ਤੂਫਾਨ ਸਾਂਗਣੇ ਵਾਲਾ ਤੇ ਜਗਮੋਹਨ ਸਿੰਘ ਮੱਖੀ ਵਾਲੇ ਵਧੀਆ ਰੇਡਰ ਤੇ ਜਾਫੀ ਚੁਣੇ ਗਏ।ਪ੍ਰਬੰਧਕ ਕਮੇਟੀ ਖਿਆਲਾ ਦੇ ਪ੍ਰਧਾਨ ਭਾਈ ਲਖਵਿੰਦਰ ਸਿੰਘ ਖਿਆਲਾ ਦੀ ਅਗਵਾਈ ਹੇਠ ਹਰਵਿੰਦਰ ਸਿੰਘ ਸ਼ਾਹ, ਸ਼ਮਸ਼ੇਰ ਸਿੰਘ ਭੰਗੂ, ਡਾ. ਭਗਵੰਤ ਸਿੰਘ ਖਿਆਲਾ, ਮਲਕੀਤ ਸਿੰਘ, ਯਾਦਵਿੰਦਰ ਸਿੰਘ ਹੇਰ, ਲਖਵਿੰਦਰ ਸਿੰਘ ਚੇਅਰਮੈਨ, ਸਰਦੂਲ ਸਿੰਘ ਖਿਆਲਾ ਆਦਿ ਨੇ ਜੇਤੂ ਟੀਮਾਂ, ਰਮਨ ਖਿਆਲਾ, ਦਿਲਾਵਰ ਖਿਆਲਾ, ਤਸਬੀਰ ਖਿਆਲਾ, ਭਿੰਦਾ ਖਿਆਲਾ ਆਦਿ ਖਿਡਾਰੀਆਂ ਨੂੰ ਨਕਦ ਰਾਸ਼ੀ ਤੋਂ ਇਲਾਵਾ ਸੋਨੇ ਦੀਆਂ ਮੁੰਦਰੀਆਂ, ਐੱਲ.ਈ.ਡੀਆਂ, ਸਨਮਾਨ ਚਿੰਨ ਅਤੇ ਘਿਓ ਦੇ ਪੀਪੇ ਦੇ ਕੇ ਸਨਮਾਨਿਤ ਕੀਤਾ। ਕਬੱਡੀ ਮੈਚਾਂ ਦੀ ਕੁਮੈਂਟਰੀ ਹਰਜੀਤ ਸਿੰਘ ਰੜਾਲਾ, ਸ਼ਮਸ਼ੇਰ ਸਿੰਘ ਠੱਠਾ, ਵਰਿੰਦਰ ਖੇਮਕਰਨ ਵੱਲੋਂ ਲੱਛੇਦਾਰ ਸ਼ਬਦਾਵਲੀ ਵਿੱਚ ਕੀਤੀ ਗਈ।



# ਹੱਡ ਬੀਤੀ

ਗੱਲ 2011 ਦੀ ਹੈ। ਪੰਜਵੀਂ ਜਮਾਤ ਪਾਸ ਕਰਨ ਮਗਰੋਂ ਮੈ ਵੱਡੇ ਸੀਨੀਅਰ ਸੈਕੰਡਰੀ ਸਕੂਲ ਵਿਚ ਦਾਖਲਾ ਲਿਆ ਸੀ ਉੱਥੇ ਜਾ ਕੇ ਨਵੇਂ ਨਵੇਂ ਆਧਿਆਪਕਾਂ ਨਾਲ ਮੇਲ ਜੋਲ ਹੋਣ ਲੱਗਿਆ। ਮੈ ਬਹੁਤ ਸ਼ਰਾਰਤਾਂ ਕੀਤੀਆਂ ਸਕੂਲ ਵੇਲੇ ਇਕ ਅਧਿਆਪਕ ਵੱਲ ਮੇਰੀ ਨਜ਼ਰ ਹਮੇਸ਼ਾ ਜਾਂਦੀ ਪਰ ਉਹਨਾਂ ਦਾ ਅਹੁਦਾ ਆਮ ਅਧਿਆਪਕਾਂ ਨਾਲੋਂ ਉੱਪਰ ਹੋਣ ਕਾਰਨ ਉਹ ਦਸਵੀਂ ਜਮਾਤ ਦੀ ਪੜ੍ਹਾਈ ਤੱਕ ਮੈਨੂੰ ਪੜ੍ਹਾ ਨਾ ਸਕੇ। ਪਰ ਉਹ ਸਾਡੇ ਸਕੂਲ ਦੀ ਲਾਇਬ੍ਰੇਰੀ ਦੇ ਇੰਚਾਰਜ ਹੋਣ ਕਰਕੇ ਉਹਨਾਂ ਨਾਲ ਮੇਰੀ ਅਕਸਰ ਮੁਲਾਕਾਤ ਹੁੰਦੀ ਰਹਿੰਦੀ।ਮੈ ਉਹਨਾਂ ਤੋਂ ਅਕਸਰ ਕਿਤਾਬਾਂ ਦੀ ਮੰਗ ਕਰਦਾ ਰਹਿੰਦਾ। ਇਕ ਦੀ ਦਿਨ ਗੱਲ ਹੈ ਮੈ ਅੱਧੀ ਛੁੱਟੀ ਵਿੱਚ ਇੱਕਲਾ ਗਰਾਉਂਡ ਦੇ ਵਿੱਚ ਮੇਜ਼ ਤੇ ਬੈਠਿਆਂ ਸੀ।ਮੇਰੀ ਨਜ਼ਰ ਇਕ ਦਮ ਉਸ ਆਧਿਆਪਕ ਵੱਲ ਗਈ ਮੈ ਦੇਖਿਆਂ ਕੀ ਉਹ ਆਪਣੇ ਸਕੂਲ ਨੂੰ ਸਾਫ ਸੁਥਰਾ ਰੱਖਣ ਲਈ ਪਾਰਕਾਂ ਵਿਚ ਜਾ ਕੇ ਕਾਗਜ਼ ਚੁਗ ਰਹੇ ਸਨ। ਮੈਂ ਉਹਨਾਂ ਕੋਲ ਗਿਆ ਤੇ ਪੁੱਛਣ ਲੱਗਾ ਕਿ ਸਰ ਜੀ ਇਹ ਕੀ ਕਰ ਰਹੇ ਹੋ ਉਹਨਾਂ ਨੇ ਮੇਰੇ ਵੱਲ ਦੇਖਕੇ ਜਵਾਬ ਦਿੱਤਾ ਕਿ ਮੈ ਸਕੂਲ ਦੀ ਸਫਾਈ ਕਰਨ ਵਿੱਚ ਥੋੜ੍ਹੀ ਜਿਹੀ ਮਦਦ ਕਰ ਰਿਹਾ ਹਾਂ। ਮੈਂ ਉਹਨਾਂ ਨੂੰ ਕਿਹਾ ਕਿ ਇਹ ਸਫਾਈ ਕਰਮਚਾਰੀ ਦਾ ਕੰਮ ਹੈ। ਉਹਨਾਂ ਨੇ ਮੇਰੇ ਤੋਂ ਸਵਾਲ ਪੁੱਛਿਆ ਕੇ ਆਪਾਂ ਘਰ ਦੀ ਸਫਾਈ ਕਿਹੜੇ ਕਰਮਚਾਰੀ ਤੋਂ ਕਰਵਾਉਂਦੇ ਹਾਂ ? ਮੇਰਾ ਜਵਾਬ ਸੀ ਕਿ ਘਰ ਦੀ ਸਫਾਈ ਤਾਂ ਆਪਾਂ ਆਪ ਹੀ ਕਰ ਲੈਂਦੇ ਹਾਂ। ਉਹਨਾਂ ਮੈਨੂੰ ਸਮਝਾਇਆਂ ਕਿ ਸਕੂਲ ਵੀ ਘਰ ਵਾਂਗ ਹੀ ਹੈ, ਜਿਵੇਂ ਆਪਾਂ ਘਰ ਦੀ ਸਾਫ ਸਫਾਈ ਕਰਦੇ ਹਾਂ। ਉਸ ਤਰ੍ਹਾਂ ਆਪਾਂ ਨੂੰ ਸਕੂਲ ਦੀ ਸਫਾਈ ਵੀ ਕਰਨੀ ਚਾਹੀਦੀ ਹੈ। ਇਹ ਸਿੱਖਿਆ ਮੈਨੂੰ ਅੱਜ ਤੱਕ ਯਾਦ ਹੈ। ਸਮੇਂ ਦੇ ਬੀਤਣ ਨਾਲ ਜਮਾਤਾਂ ਦੀ ਸਥਿਤੀ ਵੀ ਬਦਲ ਦੀ ਗਈ। ਜੁਲਾਈ 2016 ’ਚ ਮੈ ਗਿਆਰਵੀਂ ਜਮਾਤ ਵਿੱਚ ਦਾਖਲਾ ਲਿਆ ਸੀ, ਮੇਰੇ ਚੰਗੇ ਭਾਗਾਂ ਨੂੰ ਇੰਗਲਿਸ਼ ਵਿਸ਼ੇ ਵਿੱਚ ਉਹੀ ਅਧਿਆਪਕ ਲੱਗ ਗਏ। ਜਦੋ ਉਹਨਾਂ ਨੇ ਸਾਨੂੰ ਪੜ੍ਹਾਉਣਾ ਸ਼ੁਰੂ ਕੀਤਾ ਤਾਂ ਮੈਨੂੰ ਮਹਿਸੂਸ ਹੋਇਆ ਕਿ ਹੁਣ ਮੇਰੀ ਅਸਲ ਪੜ੍ਹਨ ਦੀ ਸ਼ੁਰੂਆਤ ਹੋਈ ਹੈ। ਉਹ ਪੜ੍ਹਾਈ ਦੇ ਨਾਲ ਨਾਲ ਆਲੇ ਦੁਆਲੇ ਅਤੇ ਇਤਿਹਾਸ ਜੋ ਵਾਪਰਿਆ ਉਸ ਦੀਆਂ ਗੱਲਾਂ ਵੀ ਦੱਸਣ ਲੱਗ ਜਾਂਦੇ। ਉਹ ਕਿਸੇ ਵੀ ਬੱਚੇ ਨਾਲ ਕੋਈ ਭੇਦਭਾਵ ਨਹੀ ਸੀ ਰੱਖਦੇ। ਜਿਹੜਾ ਕੋਈ ਪੜ੍ਹਾਈ ਦੇ ਤੌਰ ਤੇ ਕਮਜ਼ੋਰ ਬੱਚਾ ਹੁੰਦਾ ਉਸ ਨੂੰ ਜਾਣ ਬੁੱਝ ਕੇ ਸਵਾਲ ਪੁੱਛ ਦੇ ਤੇ ਉਸ ਬੱਚੇ ਨੂੰ ਇੰਝ ਮਹਿਸੂਸ ਕਰਵਾਉਂਦੇ ਕਿ ਤੂੰ ਕਿਸ ਨਾਲੋ ਵੀ ਘੱਟ ਨਹੀਂ ਅਤੇ ਆਖਦੇ ਕਿ ਪ੍ਰਮਾਤਮਾ ਨੇ ਸਭ ਨੂੰ ਇਕੋ ਤਰ੍ਹਾਂ ਦਾ ਦਿਮਾਗ ਦਿੱਤਾ ਹੈ,ਜ਼ਰੂਰਤ ਹੈ ਉਸ ਨੂੰ ਵਰਤੋ ਵਿੱਚ ਲਿਆਉਣ ਦੀ।ਮੈਨੂੰ ਉਹਨਾਂ ਦੀਆਂ ਇਹ ਗੱਲਾਂ ਬਹੁਤ ਪਿਆਰੀਆਂ ਲੱਗਦੀਆਂ। ਕੇਰਾਂ ਸਾਡੇ ਤੋਂ ਉਹਨਾਂ ਨੇ ਜਨਵਰੀ ਫਰਵਰੀ ਦੇ ਸਪੈਲਿੰਗ ਪੁੱਛਣੇ ਸ਼ੁਰੂ ਕਰ ਦਿੱਤੇ ਪਰ ਸਾਡੀ ਅੰਗੇਰਜ਼ੀ ਕਮਜੋਰ ਹੋਣ ਕਾਰਨ ਕਿਸੇ ਵਿਦਿਆਰਥੀ ਨੂੰ ਉਹ ਸਪੈਲਿੰਗ ਆਉਂਦੇ ਨਹੀਂ ਸਨ। ਸਰ ਜੀ ਨੇ ਆਖਿਆ ਕਿ ਮੈ ਇਹ ਸਪੈਲਿੰਗ ਸਵੇਰੇ ਦੀ ਪ੍ਰਾਥਨਾ ਵਿੱਚ ਸੁਣਾਗਾਂ ਸਾਰੀ ਜਮਾਤ ਨੂੰ ਦੰਦਣ ਪੈਣ ਵਾਲੀ ਹੋ ਗਈ। ਸਾਰੀ ਜਮਾਤ ਨੇ ਉਸ ਦਿਨ ਛੁੱਟੀ ਮਾਰ ਲੈਤੀ। ਦਸੰਬਰ 2017 ’ਚ ਜਦੋ ਅੰਗਰੇਜ਼ੀ ਵਾਲੇ ਮਾਸਟਰ ਦੀ ਤਰੱਕੀ ਹੋਣ ਕਾਰਨ ਬਦਲੀ ਹੋਈ ਤਾਂ ਸੱਚ ਕਰਕੇ ਜਾਣੋਂ ਕਿ ਮਨ ਬਹੁਤ ਉਦਾਸ ਹੋਇਆਂ। ਉਸ ਸਮੇ ਗਰੀਬੀ ਹੋਣ ਕਾਰਨ ਸਾਡੇ ਕੋਲ ਮੋਬਾਇਲ ਨਹੀਂ ਹੋਇਆਂ ਕਰਦੇ ਸਨ। ਮੈ 2018’ ਚ ਪਟਿਆਲਾ ਸ਼ਹਿਰ ਵਿੱਚ ਬੀ ਏ ’ਚ ਦਾਖਲਾ ਲੈ ਲਿਆ, ਕਾਲਜ ਵਿਚ ਜਾ ਕੇ ਮੈਨੂੰ ਦੁਨੀਆ ਦਾਰੀ ਦੀ ਸਮਝ ਆਉਣ ਲੱਗ ਪਈ ਦੇਖ ਦਿਆਂ ਦੇਖ ਦਿਆਂ ਦੋ ਸਾਲ ਪਤਾ ਨਹੀ ਕਿਵੇਂ ਲੰਘ ਗਏ। ਕੋਰੋਨਾ ਕਾਲ ਦੌਰਾਨ ਸਾਰੀ ਦੁਨੀਆ ਆਪਣੇ ਘਰਾਂ ਵਿੱਚ ਕੈਦ ਹੋ ਗਈ। ਮੈ ਸਿੱਖ ਇਤਿਹਾਸ ਨੂੰ ਪੜ੍ਹਨਾ ਸ਼ੁਰੂ ਕਰ ਦਿੱਤਾ। ਕੁਝ ਸਮੇਂ ਬਾਅਦ ਕਿਸਾਨ ਅੰਦੋਲਨ ਸ਼ੁਰੂ ਹੋ ਗਿਆ । ਇਹ ਅੰਦੋਲਨਾਂ ਦੌਰਾਂਨ ਮਨਫੀ ਹੋ ਚੁੱਕੀ ਸਿੱਖ ਰਾਜਨੀਤੀ ਉੱਠ ਕੇ ਸਾਹਮਣੇ ਆਈ, ਜਿਵੇ ਕਿ ਪ੍ਰਮਾਤਮਾ ਦੀ ਕਲਾ ਵਰਤ ਰਹੀ ਹੋਵੇ। ਇਕ ਦਿਨ ਮੈਂ ਬੈਠਾ ਫੇਸਬੁੱਕ ਦੇਖ ਰਿਹਾ ਸਾਂ, ਮੇਰੇ ਸਾਹਮਣੇ ਅਚਾਨਕ ਮੇਰੇ ਅਧਿਆਪਕ ਦੀ ਪ੍ਰੋਫਾਇਲ ਫੋਟੋ ਸਾਹਮਣੇ ਆਈ ਦੇਖ ਕੇ ਮੇਰੇ ਮਨ ਨੂੰ ਬਹੁਤ ਖੁਸ਼ੀ ਹੋਈ। ਮੈ ਦੇਖਿਆਂ ਕਿ ਹੁਣ ਸਰ ਜੀ ਸੇਵਾਮੁਕਤ ਹੋ ਕੇ ਆਪਣਾ ਸਮੁੱਚਾ ਜੀਵਨ ਵਧੀਆ ਗੁਜਾਰ ਰਹੇ ਹਨ। ਮੈ ਇੱਧਰ ਉੱਧਰ ਤੋਂ ਸਰ ਜੀ ਦਾ ਮੋਬਾਈਲ ਨੰਬਰ ਹਾਸਲ ਕਰ ਲਿਆ। ਮੈ ਜਦੋਂ ਉਹਨਾਂ ਨੂੰ ਕਾਲ ਕੀਤੀ ਤਾਂ ਉਹਨਾਂ ਨੇ ਮੇਰੀ ਆਵਾਜ਼ ਇਕੋ ਦਮ ਪਛਾਣ ਲਈ ਤੇ ਉਸ ਸਮੇ ਇਕ ਦੂਸਰੇ ਦਾ ਹਾਲ ਚਾਲ ਪੁੱਛਣ ਮਗਰੋਂ ਉਹਨਾਂ ਨੇ ਮੈਨੂੰ ਪੁੱਛਿਆ ਕੀ ਹੁਣ ਪੜ੍ਹਾਈ ਛੱਡ ਦਿੱਤੀ ? ਮੈ ਸਹਿਜੇ ਹੀ ਜਵਾਬ ਦਿੱਤਾ ਨਹੀਂ ਸਰ ਜੀ ਹੁਣ ਪੰਜਾਬੀ ਯੂਨੀਵਰਸਿਟੀ ਵਿੱਚ ਐੱਮ ਏ ਦੀ ਪੜ੍ਹਾਈ ਕਰ ਰਿਹਾ ਹਾਂ ।ਉਹਨਾਂ ਨੇ ਇਹ ਸੁਣ ਕੇ ਬਹੁਤ ਖੁਸ਼ੀ ਮਹਿਸੂਸ ਕੀਤੀ ਕਿ ਮੇਰਾ ਵਿਦਿਆਰਥੀ ਯੂਨੀਵਰਸਿਟੀ ਤੱਕ ਪਹੁੰਚ ਗਿਆ ਹੈ। ਇਸ ਵੇਲੇ 60 ਸਾਲਾਂ ਸ ਮਹਿੰਦਰਪਾਲ ਸਿੰਘ ਗਿੱਲ ਪਟਿਆਲਾ ਸ਼ਹਿਰ ਵਿੱਚ ਆਪਣਾ ਵਧੀਆ ਜੀਵਨ ਬਤੀਤ ਕਰ ਰਹੇ ਹਨ। ਪ੍ਰਮਾਤਮਾ ਉਹਨਾਂ ਦੀ ਉਮਰ ਲੰਬੀ ਕਰੇ ਅਤੇ ਉਹਨਾਂ ਨੂੰ ਚੜ੍ਹਦੀਕਲਾ ਵਿੱਚ ਰੱਖੇ।

**-ਲਵਪ੍ਰੀਤ ਸਿੰਘ**
**(ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ)**
**ਫੋਨ ਨੰਬਰ 7087785589**

# ਤੀਆ ਦੇ ਤਿਉਹਾਰ ਤੇ ਡਾ. ਬਲਜੀਤ ਕੌਰ, ਡਾ.ਗੁਰਪ੍ਰੀਤ ਕੌਰ, ਭੈਣ ਮਨਪ੍ਰੀਤ ਕੌਰ, ਮਾਤਾ ਹਰਪਾਲ ਕੌਰ ਨੇ ਕੀਤੀ ਸ਼ਿਰਕਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਲੜੀ ਤਹਿਤ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵਲੋਂ ਜ਼ਿਲਾ ਪ੍ਰਸ਼ਾਸ਼ਨ ਸੰਗਰੂਰ ਦੇ ਸਹਿਯੋਗ ਨਾਲ ਧੂਰੀ ਵਿਖੇ ਤੀਆਂ ਦਾ ਤਿਉਹਾਰ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ। ਇਸ ਸਮਾਗਮ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪਤਨੀ ਡਾ.ਗੁਰਪ੍ਰੀਤ ਕੌਰ, ਮਾਤਾ ਹਰਪਾਲ ਕੌਰ, ਭੈਣ ਮਨਪ੍ਰੀਤ ਕੌਰ, ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ ਸਮੇਤ ਵੱਡੀ ਗਿਣਤੀ ਵਿੱਚ ਵੱਖ-ਵੱਖ ਸ਼ਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ ਅਤੇ ਇਸ ਪ੍ਰੋਗਰਾਮ ਨੂੰ ਪੰਜਾਬ ਦੇ ਰਵਾਇਤੀ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਉਪਰਾਲਾ ਕਰਾਰ ਦਿੱਤਾ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਧੀਆਂ ਵੱਲੋਂ ਹਰ ਖੇਤਰ ਵਿੱਚ ਵੱਡੀਆਂ ਮੱਲਾਂ ਮਾਰ ਕੇ ਨਾ ਕੇਵਲ ਆਪਣੇ ਮਾਪਿਆਂ ਬਲਕਿ ਸੂਬੇ ਅਤੇ ਦੇਸ਼ ਦਾ ਨਾਮ ਵੀ ਰੌਸ਼ਨ ਕੀਤਾ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਧੀਆਂ ਅੱਜ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਹਨ ਅਤੇ ਪੰਜਾਬ ਸਰਕਾਰ ਵੱਲੋਂ ਵੀ ਬੇਟੀਆਂ ਨੂੰ ਹਰ ਖੇਤਰ ਵਿੱਚ ਬਣਦਾ ਮਾਣ ਸਤਿਕਾਰ ਦੇਣ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ।ਉਹਨਾਂ ਕਿਹਾ ਕਿ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਜਿੱਥੇ ਪੰਜਾਬ ਵਿੱਚ ਲੜਕੀਆਂ ਦੀ ਅਨੁਪਾਤ ਦਰ ਵਧਾਉਣ ਦੇ ਦਿਸ਼ਾ ਵਿੱਚ ਯਤਨ ਕਰ ਰਹੇ ਹਾਂ ਓਥੇ ਹੀ ਸਾਡੀਆਂ ਬੱਚੀਆਂ ਵੀ ਆਪਣੀ ਮਿਹਨਤ ਅਤੇ ਲਗਨ ਨਾਲ ਵੱਡੀਆਂ ਮੱਲਾਂ ਮਾਰ ਰਹੀਆਂ ਹਨ। ਉਹਨਾਂ ਕਿਹਾ ਕਿ ਮਾਪਿਆਂ ਅਤੇ ਸਮਾਜ ਨੂੰ ਵੀ ਬੇਟੀਆਂ ਨੂੰ ਬੇਟਿਆਂ ਦੇ ਬਰਾਬਰ ਅਧਿਕਾਰ ਦੇਣੇ ਚਾਹੀਦੇ ਹਨ ਅਤੇ ਇਸ ਸਬੰਧ ਵਿਚ ਕੋਈ ਭੇਦ ਭਾਵ ਨਹੀਂ ਕਰਨਾ ਚਾਹੀਦਾ। ਸਮਾਗਮ ਦੌਰਾਨ ਸਾਰਾ ਮਾਹੌਲ ਪੰਜਾਬ ਦੇ ਰਵਾਇਤੀ ਰੰਗ ਵਿਚ ਰੰਗਿਆ ਹੋਇਆ ਸੀ। ਪੰਜਾਬ ਦੇ ਮਾਣਮੱਤੇ ਸਭਿਆਚਾਰ ਨੂੰ ਦਰਸਾਉਂਦੀਆਂ ਵਸਤਾਂ ਦੇ ਪ੍ਰਦਰਸ਼ਨ ਵਾਲੇ ਸੈਲਫੀ ਪੁਆਇੰਟ ਖਿੱਚ ਦਾ ਕੇਂਦਰ ਬਣੇ ਰਹੇ। ਮੁੱਖ ਮਹਿਮਾਨ ਸਮੇਤ ਸਾਰੀਆਂ ਸਖਸ਼ੀਅਤਾਂ ਨੇ ਤੀਆਂ ਦੇ ਤਿਓਹਾਰ ਦੌਰਾਨ ਪ੍ਰਦਰਸ਼ਿਤ ਕੀਤੇ ਵਾਣ ਵਾਲੇ ਮੰਜੇ, ਹੱਥ ਨਾਲ ਬੁਣੀਆਂ ਪੱਖੀਆਂ, ਚਰਖੇ, ਫੁਲਕਾਰੀਆਂ, ਬਾਗ. , ਛੱਜ, ਚੁੱਲ੍ਹਾ, ਕੁੰਡਾ ਸੋਟਾ, ਸਜਾਵਟੀ ਭਾਂਡੇ, ਪੀੜ੍ਹੀਆਂ ਆਦਿ ਨੂੰ ਦੇਖਿਆ ਅਤੇ ਤਸਵੀਰਾਂ ਖਿਚਵਾ ਕੇ ਸਦੀਵੀ ਯਾਦ ਦਾ ਹਿੱਸਾ ਬਣਾਇਆ। ਸਮਾਗਮ ਦੌਰਾਨ ਪੰਜਾਬ ਦੀ ਨਾਮਵਰ ਗਾਇਕਾ ਗੁਰਲੇਜ਼ ਅਖਤਰ ਨੇ ਆਪਣੇ ਗੀਤਾਂ ਨਾਲ ਸਰੋਤਿਆਂ ਦਾ ਮਨੋਰੰਜਨ ਕੀਤਾ। ਸਮਾਗਮ ਦੌਰਾਨ ਪ੍ਰਸ਼ਾਸ਼ਿਨਕ, ਪੁਲਿਸ, ਸਿਆਸੀ ਆਗੂਆਂ ਦੀਆਂ ਪਤਨੀਆਂ ਤੇ ਪਰਿਵਾਰਕ ਮੈਂਬਰਾਂ ਨੇ ਵੀ ਸ਼ਿਰਕਤ ਕੀਤੀ ਅਤੇ ਤੀਆਂ ਦੇ ਤਿਉਹਾਰ ਦਾ ਅਨੰਦ ਮਾਣਿਆ।ਸਮਾਗਮ ਦੌਰਾਨ ਸਪੈਸ਼ਲ ਚੀਫ ਸੈਕਟਰੀ ਰਾਜੀ ਪੀ. ਸ਼੍ਰੀਵਾਸਤਵ, ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ, ਸਪੈਸ਼ਲ ਸਕੱਤਰ ਕੇਸ਼ਵ ਹਿੰਗੋਨੀਆ, ਜੁਆਇੰਟ ਸਕੱਤਰ ਆਨੰਦ ਸਾਗਰ, ਰੂਬੀ ਸ਼ੇਰਗਿੱਲ ਨਰਿੰਦਰ ਸਿੰਘ ਸ਼ੇਰਗਿੱਲ ਚੇਅਰਮੈਨ ਮਿਲਕਫ਼ੈਡ ਪੰਜਾਬ, ਬਲਜੀਤ ਕੌਰ ਸੋਹੀ ਚੇਅਰਪਰਸਨ ਵੇਰਕਾ ਮਿਲਕ ਪਲਾਂਟ ਸੰਗਰੂਰ ,ਐਸ.ਡੀ.ਐਮ ਧੂਰੀ ਅਮਿਤ ਗੁਪਤਾ, ਸਹਾਇਕ ਕਮਿਸ਼ਨਰ ਉਪਿੰਦਰਜੀਤ ਕੌਰ ਬਰਾੜ, ਅਮਰੀਕ ਸਿੰਘ ਸੋਹੀ, ਸਮੇਤ ਹੋਰ ਸ਼ਖਸ਼ੀਅਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਭਾਈ ਪਰਮਜੀਤ ਸਿੰਘ ਖਾਲਸਾ ਦੀਆ ਪੰਥ ਪ੍ਰਤੀ ਸੇਵਾਵਾ ਬਹੁਤ ਅਹਿਮ, ਉਹਨਾਂ ਦਾ ਵਿਛੌੜਾ ਅਸਿਹ ਤੇ ਅਕਿਹ : ਪੀਰਮੁਹੰਮਦ



**ਚੰਡੀਗੜ੍ਹ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਭਾਈ ਪਰਮਜੀਤ ਸਿੰਘ ਖਾਲਸਾ ਦੇ ਸਦੀਵੀ ਵਿਛੋੜੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆ ਕਿਹਾ ਹੈ ਕਿ ਉਹਨਾਂ ਨੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪਲੇਟਫਾਰਮ ਤੇ ਰਹਿੰਦਿਆ ਸਿੱਖ ਕੌਮ ਪ੍ਰਤੀ ਦ੍ਰਿੜ ਸੰਕਲਪ ਨਾਲ ਪੰਥਕ ਸੇਵਾਵਾ ਦਿੱਤੀਆ।ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਉਹ ਧਾਰਮਿਕ ਬਿਰਤੀ ਵਾਲੇ ਬੇਹੱਦ ਨੇਕ ਇਨਸਾਨ ਸਨ ।

## ਲੋਕਾਂ ਦੇ ਘਰਾਂ ਦਾ ਮਲਵਾ ਲੋਕਾਂ ਲਈ ਪਰੇਸ਼ਾਨੀ ਦਾ ਕਾਰਨ ਬਣਿਆ

## ਲੋਕਾਂ ਦੀਆਂ ਮੰਗਾਂ ਪਹਿਲ ਦੇ ਅਧਾਰ ਤੇ ਹੱਲ ਕੀਤੀਆਂ ਜਾਣਗੀਆਂ - ਰਮਨ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼ਹਿਰ ਦੇ ਵਾਰਡ ਨੰਬਰ 4 ਵਿੱਚ ਪਾਰਕ ਰੋਡ ਵਾਲੀ ਸੜਕ ਦੇ ਕਿਨਾਰਿਆਂ ਤੇ ਫੈਲੀ ਗੰਦਗੀ ਤੇ ਲੋਕਾਂ ਨੇ ਅਪਣੇ ਘਰਾਂ ਦੀ ਮੁਰੰਮਤ ਕਰਵਾਉਣ ਉਪਰੰਤ ਸੁੱਟਿਆ ਮਲਵਾ ,ਤੇ ਥਾਂ ਥਾਂ ਬਣਾਏ ਸਪੀਡ ਬਰੇਕਰਾ ਕਾਰਨ ਲੋਕਾਂ ਲਈ ਪਰੇਸਾਨ ਨਜਰ ਆਉਣ ਲੱਗੇ ਹਨ। ਮੁਹੱਲੇ ਦੇ ਲੋਕਾਂ ਨੇ ਦੱਸਿਆ ਮਹੁੱਲੇ ਅੰਦਰ ਹੀ ਵਿਕਾਸ ਕਾਰਜ ਕਦੀ ਜੰਗੀ ਪੱਧਰ ਤੇ ਚੱਲਦੇ ਚੱਲਦੇ ਰਹਿਸਮਈ ਢੰਗ ਨਾਲ ਇੱਕ ਦਮ ਬੰਦ ਹੋ ਜਾਂਦੇ ਹਨ ਜਿਸ ਕਾਰਨ ਰੇਤਾ, ਬਜਰੀ ਤੇ ਹੋਰ ਸਮਾਨ ਕਈ ਦਿਨਾ ਤੋ ਇਸ ਮਹੁੱਲੇ ਅੰਦਰ ਹੀ ਪਿਆ ਰਹਿੰਦਾ ਹੈ ਬਰਸਾਤਾਂ ਦੇ ਹੋਣ ਕਾਰਨ ਇਹ ਰੇਤਾ, ਸੀਵਰੇਜ ਦੀਆਂ ਪਾਈਪਾਂ ਨੂੰ ਬੰਦ ਕਰ ਦਿੰਦਾ ਹੈ ਜਿਸ ਕਾਰਨ ਬਰਸਾਤ ਤੇ ਲੋਕਾਂ ਦੇ ਘਰਾਂ ਦਾ ਗੰਦਾ ਪਾਣੀ ਸੀਵਰੇਜ ਵਿੱਚੋ ਅੱਗੇ ਨਹੀਂ ਜਾਂਦਾ। ਉਨ੍ਹਾਂ ਹੋਰ ਕਿਹਾ ਮਹੁੱਲੇ ਵਿੱਚ ਸੀਵਰੇਜ ਦੇ ਢੱਕਣ ਵੀ ਪੂਰੀ ਤਰ੍ਹਾਂ ਟੁੱਟ ਚੁੱਕੇ ਹਨ ਜਿਸ ਕਾਰਨ ਲਿਫਾਫੇ ਤੇ ਹੋਰ ਸਮਾਨ ਸੀਵਰੇਜ ਦੀਆਂ ਪਾਈਪਾਂ ਵਿੱਚ ਜਾ ਰਿਹਾ ਹੈ। ਉਨ੍ਹਾਂ ਹੋਰ ਕਿਹਾ ਕਿ ਪਏ ਮਲਵੇ ਨੂੰ ਚੁੱਕਵਾਉਣ ਸੰਬੰਧੀ ਉਹ ਧੂਰੀ ਦੇ ਕਾਰਜ ਸਾਧਕ ਅਫਸਰ ਤੇ ਮੌਜੂਦਾ ਕੋਸਲਰ ਨੂੰ ਕਈ ਵਾਰ ਕਹਿ ਚੁੱਕੇ ਹਨ ਪਰ ਕੋਈ ਲਾਭ ਨਹੀ ਹੋਇਆ। ਉਨ੍ਹਾਂ ਧੂਰੀ ਦੇ ਐਸ਼ ਡੀ ਐਮ ਤੋ ਮੰਗ ਕੀਤੀ ਕਿ ਮਹੁੱਲੇ ਦਾ ਦੋਰਾ ਕਰਕੇ ਵਾਰਡ ਵਿੱਚ ਸਫਾਈ ਕਰਵਾਈ ਜਾਵੇ ਘਰਾਂ ਦੇ ਬਾਹਰ ਬਣੇ ਫਰਸ਼ਾਂ ਦਾ ਲੇਬਲ ਇੱਕ ਸਾਰ ਕਰਵਾਇਆ ਜਾਵੇ। ਇਸ ਸਬੰਧੀ ਕਾਰਜ ਸਾਧਕ ਅਫਸਰ ਗੁਰਵਿੰਦਰ ਸਿੰਘ ਨੇ ਕਿਹਾ ਕਿ ਮਹੁੱਲੇ ਦਾ ਦੋਰਾ ਕਰਕੇ ਬਣਦੀ ਕਾਰਵਾਈ ਕਰਨਗੇ। ਇਸ ਸਬੰਧੀ ਧੂਰੀ ਦੇ ਐਸ ਡੀ ਐਮ ਅੰਮ੍ਰਿਤ ਕੁਮਾਰ ਨੇ ਕਿਹਾ ਕਿ ਜਲਦ ਸਖ਼ਤ ਕਾਰਵਾਈ ਕਰਨਗੇ। ਇਸ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਨਿਗਰਾਨੀ ਲਈ ਲਾਏ ਅਧਿਕਾਰੀ ਰਮਨਦੀਪ ਸਿੰਘ ਰਮਨ ਨੇ ਕਿਹਾ ਮਹੁੱਲੇ ਦੇ ਲੋਕਾਂ ਦੀਆਂ ਸਮੱਸਿਆਂਵਾਂ ਦਾ ਹੱਲ ਜਲਦ ਕਰ ਦਿੱਤਾ ਜਾਵੇਗਾ।



# HAYES PLANT HIRE

## WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All
CATEGORIES OF
**MACHINERY.**


Dump Truck

# HAYES PLANT HIRE

**ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ**

NROPS Accredited

**ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।**

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

**CALL US TO BOOK YOUR CSCS LEVEL ONE COURSE.**

**07771 51-28621**